ਖ਼ੂਨਦਾਨ ਮਹਾਂਦਾਨ
ਸ਼੍ਰੀ ਹਰਿਕ੍ਰਿਸ਼ਨ ਚੈਰੀਟੇਬਲ ਸੁਸਾਇਟੀ
SHKCSP
ਮਨੁੱਖਤਾ ਦੀ ਸੇਵਾ ਲਈ
ਹਰ ਪਲ, ਹਰ ਘੜੀ, ਹਰ ਕਦਮ
ਆਪ ਜੀ ਦੀ ਸੇਵਾ ਵਿੱਚ
ਲੋੜਵੰਦ ਪਰਿਵਾਰਾਂ ਲਈ ਮਹੀਨਾਵਾਰ ਰਾਸ਼ਨ
Email : shkcsp@gmail.com www.shkcsp.com
M. : 98761-36031, 98552-21430, 98143-28141, 98557-32101


# ਦੇਸੀ ਪੰਜਾਬ

ਪੰਜਾਬੀਅਤ ਦਾ ਪਹਿਰੇਦਾਰ

Desi Punjab Patiala Approved By : DAVP / D.E.PAPER ਪਟਿਆਲਾ ਤੋਂ ਪ੍ਰਕਾਸ਼ਿਤ

RNI : PUNPUN/2021/80887 www.desipunjab.in DESI PUNJAB JUNE Email : desipunjabchannel@gmail.com

ਮੁੱਖ ਸੰਪਾਦਕ : ਨਵਤੇਜ ਸਿੰਘ ਮੋ. : 97800-66060 ਸੰਪਾਦਕ : ਹਰਪ੍ਰੀਤ ਸਿੰਘ ਮਾਹੀ 9876297268 ਫੋਨ : 0175-7962519




ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ

## 18000 ਰੁਪਏ ਰਿਸ਼ਵਤ ਲੈਂਦਾ ਸਹਾਇਕ ਸਬ-ਇੰਸਪੈਕਟਰ ਵਿਜੀਲੈਂਸ ਬਿਊਰ ਨੇ ਕੀਤਾ ਕਾਬੂ



ਪਟਿਆਲਾ 2 ਜੂਨ:ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਪੁਲਿਸ ਥਾਦਾ ਸ਼ੁਤਰਾਣਾ ਤਹਿਸੀਲ ਪਾਤੜਾਂ ਜ਼ਿਲ੍ਹਾ ਪਟਿਆਲਾ ਵਿਖੇ ਤਾਇਨਾਤ ਸਹਾਇਕ ਸਬ-ਇੰਸਪੈਕਟਰ (ਏ.ਐਸ.ਆਈ) ਜਸਵਿੰਦਰ ਸਿੰਘ ਨੂੰ 18000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਹੈ।

ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਿੰਡ ਬਕਰਾਹਾ ਤਹਿਸੀਲ ਪਾਤੜਾਂ ਜ਼ਿਲ੍ਹਾ ਪਟਿਆਲਾ ਦੇ ਇੱਕ ਵਸਨੀਕ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਦੇ ਰਿਸ਼ਤੇਦਾਰ ਆਪਣੇ ਗੁਆਂਢੀਆਂ ਨਾਲ ਹੋਈ ਲੜਾਈ ਵਿੱਚ ਜ਼ਖਮੀ ਹੋ ਗਏ ਸਨ। ਇਸ ਸਬੰਧ ਵਿੱਚ ਰਾਜਿੰਦਰਾ ਹਸਪਤਾਲ ਦੇ ਡਾਕਟਰ ਨੇ ਉਨ੍ਹਾਂ ਦਾ ਇਲਾਜ ਕਰਦੇ ਹੋਏ ਮਾਮਲੇ ਦੀ ਸੂਚਨਾ ਪੁਲਿਸ ਸਟੇਸ਼ਨ ਸ਼ੁਤਰਾਣਾ ਨੂੰ ਦਿੱਤੀ ਸੀ ਅਤੇ ਦੋਸ਼ੀ ਅਧਿਕਾਰੀ ਬਾਅਦ ਵਿੱਚ ਜ਼ਖਮੀ ਵਿਅਕਤੀਆਂ ਦੇ ਬਿਆਨ ਦਰਜ ਕਰਨ ਲਈ ਹਸਪਤਾਲ ਪੁੱਜਾ ਸੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਮੁਲਜ਼ਮ ਏ.ਐਸ.ਆਈ. ਨੇ ਹਮਲਾ ਕਰਨ ਵਾਲੀ ਦੂਜੀ ਧਿਰ ਵਿਰੁੱਧ ਕਾਨੂੰਨੀ ਕਾਰਵਾਈ ਕਰਨ ਦੇ ਬਦਲੇ 20,000/- ਰੁਪਏ ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਵੱਲੋਂ ਬੇਨਤੀ ਕਰਨ 'ਤੇ, ਮੁਲਜ਼ਮ ਐ.ਐਸ.ਆਈ 18000 ਰੁਪਏ ਦੀ ਰਿਸ਼ਵਤ ਲੈਣ ਲਈ ਸਹਿਮਤ ਹੋ ਗਿਆ। ਗੈਰ-ਕਾਨੂੰਨੀ ਰਿਸ਼ਵਤ ਦੇਣ ਲਈ ਤਿਆਰ ਨਾ ਹੋਣ ਕਾਰਨ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਰੇਂਜ ਪਟਿਆਲਾ ਨਾਲ ਸੰਪਰਕ ਕੀਤਾ। ਉਸਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਦੀ ਟੀਮ ਨੇ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 18000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।

ਇਸ ਸਬੰਧ ਵਿੱਚ, ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਵਿਖੇ ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

## ਸ਼ਹੀਦਾਂ ਦਾ ਡੁਲਿਆ ਲਹੂ ਕੌਮ ਨੂੰ ਹਰ ਵੇਲੇ ਇਹ ਸੰਦੇਸ਼ ਦਿੰਦਾ ਰਹੇਗਾ ਕਿ ਜ਼ੁਲਮ ਅੱਗੇ ਝੁਕਣਾ ਸਿੱਖੀ ਦਾ ਮਾਰਗ ਨਹੀਂ: ਭਾਈ ਗੁਰਦੇਵ ਸਿੰਘ ਕੋਹਾੜਕਾ , ਜਿਹੜੀਆਂ ਕੌਮਾਂ ਆਪਣੇ ਸ਼ਹੀਦਾਂ ਨੂੰ ਯਾਦ ਰੱਖਦੀਆਂ ਹਨ, ਇਤਿਹਾਸ ਵੀ ਉਨ੍ਹਾਂ ਨੂੰ ਸਤਿਕਾਰ ਨਾਲ ਰੱਖਦਾ ਹੈ ਯਾਦ



ਨਵੀਂ ਦਿੱਲੀ 2 ਜੂਨ (ਮਨਪ੍ਰੀਤ ਸਿੰਘ ਖਾਲਸਾ):- ਜੂਨ 1984 ਸਿੱਖ ਇਤਿਹਾਸ ਦਾ ਉਹ ਦੁਖਦਾਇਕ ਸਮਾਂ ਹੈ, ਜਿਸਦੀ ਚੋਟ ਅੱਜ ਵੀ ਹਰ ਗੁਰੂ ਨਾਨਕ ਨਾਮ ਲੇਵਾ ਦੇ ਹਿਰਦੇ ਵਿੱਚ ਤਾਜ਼ਾ ਹੈ। ਸੱਚ, ਅਣਖ ਅਤੇ ਧਾਰਮਿਕ ਅਜ਼ਾਦੀ ਦੀ ਪ੍ਰਤੀਕ ਧਰਤੀ ਸ੍ਰੀ ਹਰਿਮੰਦਰ ਸਾਹਿਬ 'ਤੇ ਕੀਤਾ ਗਿਆ ਹਮਲਾ ਸਿੱਖ ਪੰਥ ਕਦੇ ਵੀ ਨਹੀਂ ਭੁੱਲ ਸਕਦਾ। ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸੱਚਖੰਡ ਸ਼੍ਰੀ ਦਰਬਾਰ ਸਾਹਿਬ ਦੇ ਸਾਬਕਾ ਹਜ਼ੂਰੀ ਅਤੇ ਪੰਥ ਪ੍ਰਸਿੱਧ ਰਾਗੀ ਭਾਈ ਗੁਰਦੇਵ ਸਿੰਘ ਕੋਹਾੜਕਾ ਨੇ ਕਿਹਾ ਉਸ ਸਮੇਂ ਹਜ਼ਾਰਾਂ ਨਿਰਦੋਸ਼ ਸੰਗਤਾਂ, ਸੇਵਾਦਾਰਾਂ ਅਤੇ ਸਿੱਖ ਨੌਜਵਾਨਾਂ ਨੇ ਆਪਣੀਆਂ ਜਾਨਾਂ ਗਵਾਈਆਂ। ਸ੍ਰੀ ਅਕਾਲ ਤਖ਼ਤ ਸਾਹਿਬ ਸਮੇਤ ਅਨੇਕਾਂ ਗੁਰਧਾਮਾਂ ਨੂੰ ਪਹੁੰਚਾਇਆ ਗਿਆ ਨੁਕਸਾਨ ਸਿਰਫ਼ ਇਮਾਰਤ ਦਾ ਨੁਕਸਾਨ ਨਹੀਂ ਸੀ, ਸਗੋਂ ਸਿੱਖ ਕੌਮ ਦੀਆਂ ਭਾਵਨਾਵਾਂ, ਆਸਥਾ ਅਤੇ ਅਸਤੀਤਵ 'ਤੇ ਕੀਤਾ ਗਿਆ ਇੱਕ ਡੂੰਘਾ ਅਤੇ ਨਾ ਭੁੱਲਣਯੋਗ ਘਾਅ ਸੀ। ਉਨ੍ਹਾਂ ਕਿਹਾ ਸਿੱਖ ਪੰਥ ਉਸ ਵੇਲੇ ਦੀ ਹਕੂਮਤ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਾ ਹੈ, ਜਿਸਨੇ ਆਪਣੀ ਤਾਕਤ ਦੇ ਜ਼ੋਰ 'ਤੇ ਗੁਰੂ ਘਰ ਦੀ ਪਵਿੱਤਰਤਾ ਨੂੰ ਲਹੂ-ਲੁਹਾਣ ਕੀਤਾ। ਇਹ ਕਾਰਵਾਈ ਲੋਕਤੰਤਰ, ਧਾਰਮਿਕ ਅਧਿਕਾਰਾਂ ਅਤੇ ਮਨੁੱਖੀ ਕਦਰਾਂ-ਕੀਮਤਾਂ ਦੇ ਖ਼ਿਲਾਫ਼ ਇੱਕ ਵੱਡਾ ਅਪਰਾਧ ਸੀ। ਉਨ੍ਹਾਂ ਕਿਹਾ ਜੂਨ 84 ਘਲੂਘਾਰੇ ਦੇ ਸ਼ਹੀਦ ਸਿਰਫ਼ ਇਤਿਹਾਸ ਦੇ ਸਫ਼ਿਆਂ ਦਾ ਹਿੱਸਾ ਨਹੀਂ, ਸਗੋਂ ਕੌਮ ਦੀ ਰੂਹ, ਅਣਖ ਅਤੇ ਸੰਘਰਸ਼ ਦੀ ਜਿਉਂਦੀ ਜਾਗਦੀ ਨਿਸ਼ਾਨੀ ਹਨ। ਜਿਨ੍ਹਾਂ ਸਿੰਘਾਂ, ਬੀਬੀਆਂ ਅਤੇ ਨੌਜਵਾਨਾਂ ਨੇ ਗੁਰੂ ਘਰ ਦੀ ਸਤਿਕਾਰ ਅਤੇ ਕੌਮੀ ਸਵਾਭਿਮਾਨ ਲਈ ਆਪਣੇ ਸੀਸ ਵਾਰ ਦਿੱਤੇ, ਉਨ੍ਹਾਂ ਦੀ ਕੁਰਬਾਨੀ ਸਦੀਵੀਂ ਪੰਥ ਦੇ ਮੱਥੇ ਦਾ ਤਾਜ ਰਹੇਗੀ। ਉਨ੍ਹਾਂ ਦਾ ਲਹੂ ਕੌਮ ਨੂੰ ਹਰ ਵੇਲੇ ਇਹ ਸੰਦੇਸ਼ ਦਿੰਦਾ ਰਹੇਗਾ ਕਿ ਜ਼ੁਲਮ ਅੱਗੇ ਝੁਕਣਾ ਸਿੱਖੀ ਦਾ ਮਾਰਗ ਨਹੀਂ। ਭਾਈ ਗੁਰਦੇਵ ਸਿੰਘ ਨੇ ਕਿਹਾ ਅੱਜ ਲੋੜ ਹੈ ਕਿ ਅਸੀਂ ਸ਼ਹੀਦਾਂ ਦੀ ਯਾਦ ਨੂੰ ਸਿਰਫ਼ ਸਮਾਗਮਾਂ ਤੱਕ ਸੀਮਤ ਨਾ ਰੱਖੀਏ, ਸਗੋਂ ਉਨ੍ਹਾਂ ਦੇ ਆਦਰਸ਼ਾਂ, ਨਿਡਰਤਾ ਅਤੇ ਕੌਮੀ ਚੇਤਨਾ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਈਏ। ਜਿਹੜੀਆਂ ਕੌਮਾਂ ਆਪਣੇ ਸ਼ਹੀਦਾਂ ਨੂੰ ਯਾਦ ਰੱਖਦੀਆਂ ਹਨ, ਇਤਿਹਾਸ ਵੀ ਉਨ੍ਹਾਂ ਨੂੰ ਸਤਿਕਾਰ ਨਾਲ ਯਾਦ ਰੱਖਦਾ ਹੈ। ਜੂਨ 84 ਦੇ ਸ਼ਹੀਦਾਂ ਦੀ ਕੁਰਬਾਨੀ ਆਉਣ ਵਾਲੀਆਂ ਪੀੜ੍ਹੀਆਂ ਲਈ ਚਾਨਣ ਮੁਨਾਰਾ ਬਣੀ ਰਹੇਗੀ। ਅੰਤ ਵਿਚ ਉਨ੍ਹਾਂ ਕਿਹਾ ਅਸੀਂ ਜੂਨ 84 ਦੇ ਸਮੂਹ ਸ਼ਹੀਦਾਂ ਨੂੰ ਸਿਰ ਨਿਵਾ ਕੇ ਸ਼ਰਧਾਂਜਲੀ ਭੇਟ ਕਰਦੇ ਹਾਂ ਅਤੇ ਅਰਦਾਸ ਕਰਦੇ ਹਾਂ ਕਿ ਕੌਮ ਹਮੇਸ਼ਾਂ ਚੜ੍ਹਦੀ ਕਲਾ ਵਿੱਚ ਰਹੇ, ਆਪਣੇ ਸ਼ਹੀਦਾਂ ਦੀ ਵਿਰਾਸਤ ਦੀ ਰਾਖੀ ਕਰੇ ਅਤੇ ਉਨ੍ਹਾਂ ਦੀਆਂ ਕੁਰਬਾਨੀਆਂ ਤੋਂ ਪ੍ਰੇਰਣਾ ਲੈਂਦੀ ਰਹੇ। ਜੂਨ 84 ਦੇ ਸ਼ਹੀਦ ਅਮਰ ਰਹਿਣ। ਸ਼ਹੀਦਾਂ ਦੀ ਸੋਚ ਅਮਰ ਰਹੇ।

## ਚੰਡੀਗੜ੍ਹ ਅੰਮ੍ਰਿਤਸਰ ਇੰਟਰਸਿਟੀ ਐਕਸਪ੍ਰੈਸ 12412 'ਚ ਚੱਲ ਰਿਹਾ ਭ੍ਰਿਸ਼ਟਾਚਾਰ



ਅੰਮ੍ਰਿਤਸਰ, 2 ਜੂਨ (ਰਣਜੀਤ ਸਿੰਘ ਮਸੌਣ/ ਜੋਗਾ ਸਿੰਘ ਰਾਜਪੂਤ)- ਭਾਰਤ ਵਿੱਚ ਚੱਲਦੀਆ ਟ੍ਰੇਨਾਂ ਵਿੱਚ ਟਿਕਟ ਚੈਕਰਾਂ ਵੱਲੋਂ ਭ੍ਰਿਸ਼ਟਾਚਾਰ ਰਾਹੀਂ ਰੇਲਵੇ ਵਿਭਾਗ ਨੂੰ ਸ਼ੇਰਆਮ ਚੂਨਾ ਲਗਾਇਆ ਜਾ ਰਿਹਾ ਹੈ ਅਤੇ ਸੀਨੀਅਰ ਅਧਿਕਾਰੀ ਚੁੱਪ ਬੈਠੇ ਹਨ।

ਇਹ ਤਾਜਾ ਮਾਮਲਾ ਅੰਬਾਲਾ ਡਿਵੀਜ਼ਨ ਦੀ ਟ੍ਰੇਨ ਨੰਬਰ 12412, ਚੰਡੀਗੜ੍ਹ ਅੰਮ੍ਰਿਤਸਰ ਇੰਟਰਸਿਟੀ ਐਕਸਪ੍ਰੈਸ ਨਾਲ ਸਬੰਧਤ ਹੈ, ਜੋ ਕਿ ਰੋਜ਼ਾਨਾ ਅੰਮ੍ਰਿਤਸਰ ਤੋਂ ਚੰਡੀਗੜ੍ਹ ਚੱਲਦੀ ਹੈ। ਇੱਕ ਯਾਤਰੀ ਨੇ ਦੱਸਿਆ ਕਿ ਇਸ ਟ੍ਰੇਨ ਵਿੱਚ ਟਿਕਟ ਚੈਕਰ ਭ੍ਰਿਸ਼ਟਾਚਾਰ ਰਾਹੀਂ ਆਪਣੇ ਹੀ ਵਿਭਾਗ ਨੂੰ ਸ਼ਰੇਆਮ ਚੂਨਾ ਲਗਾ ਰਹੇ ਹਨ, 1 ਜੂਨ ਨੂੰ ਜਨਰਲ ਟਿਕਟ ਨਾਲ ਟ੍ਰੇਨ ਨੰਬਰ 12412 ਵਿੱਚ ਅੰਮ੍ਰਿਤਸਰ ਤੋਂ ਲੁਧਿਆਣਾ ਦੀ ਯਾਤਰਾ ਕੀਤੀ। ਉਸਨੇ ਕੋਚ ਡੀ-4 ਵਿੱਚ ਟਿਕਟ ਚੈਕਰ ਨੂੰ ਜਨਰਲ ਟਿਕਟ ਪੇਸ਼ ਕੀਤੀ। ਟਿਕਟ ਚੈਕਰ ਨੇ ਇੱਕ ਯਾਤਰੀ ਤੋਂ 100 ਰੁਪਏ ਲਏ ਅਤੇ ਉਹ ਪੈਸੇ ਜੇਬ ਵਿੱਚ ਪਾ ਲਏ ਜੋ ਰੇਲਵੇ ਵਿਭਾਗ ਦੇ ਖਾਤੇ ਵਿੱਚ ਜਾਣੇ ਸਨ। ਉਸਨੇ ਕੋਈ ਰਸੀਦ ਜਾਰੀ ਨਹੀਂ ਕੀਤੀ ਅਤੇ ਯਾਤਰੀ ਨੂੰ ਸੀਟ ਦੇ ਦਿੱਤੀ। ਇਸ ਦੌਰਾਨ ਟਿਕਟ ਚੈਕਰ ਵੱਲੋਂ ਹੋਰਨਾਂ ਯਾਤਰੀਆਂ ਤੋਂ ਵੀ ਪੈਸੇ ਲਏ। ਮਾਣਯੋਗ ਪ੍ਰਧਾਨ ਮੰਤਰੀ, ਰੇਲ ਮੰਤਰੀ ਅਤੇ ਰੇਲਵੇ ਬੋਰਡ ਦੇ ਚੇਅਰਮੈਨ ਨੇ ਰੇਲਵੇ ਵਿਜੀਲੈਂਸ ਵਿਭਾਗ, ਜਨਰਲ ਮੈਨੇਜਰ ਉੱਤਰੀ ਰੇਲਵੇ, ਡੀਆਰਐਮ ਅੰਬਾਲਾ ਅਤੇ ਸੀਨੀਅਰ ਡੀਸੀਐਮ ਅੰਬਾਲਾ ਡਿਵੀਜ਼ਨ ਨੂੰ ਸਮੇਂ-ਸਮੇਂ 'ਤੇ ਸੂਚਿਤ ਭ੍ਰਿਸ਼ਟਾਚਾਰ ਨੂੰ ਰੋਕਣ ਲਈ ਸੂਚਿਤ ਕੀਤਾ ਜਾਂਦਾ ਹੈ ਪਰ ਇਸ ਦੇ ਬਾਵਜੂਦ ਭ੍ਰਿਸ਼ਟਾਚਾਰ ਖੁੱਲ੍ਹੇਆਮ ਚੱਲ ਰਿਹਾ ਹੈ।

## ਨਾਦੇੜ ਪੁਲਿਸ ਵੱਲੋਂ ਸਿੱਖਾਂ ਦੇ ਪਵਿੱਤਰ ਕਕਾਰ ਕਿਰਪਾਨ ਦੀ ਜ਼ਬਰਦਸਤੀ ਜ਼ਬਤੀ ਨਾ ਸਿਰਫ਼ ਗੈਰ-ਕਾਨੂੰਨੀ ਹੈ, ਸਗੋਂ ਸਿੱਖ ਧਾਰਮਿਕ ਆਜ਼ਾਦੀ ਅਤੇ ਭਾਵਨਾਵਾਂ 'ਤੇ ਹੈ ਸਿੱਧਾ ਹਮਲਾ: ਮਾਨ



ਨਵੀਂ ਦਿੱਲੀ, 2 ਜੂਨ (ਮਨਪ੍ਰੀਤ ਸਿੰਘ ਖਾਲਸਾ):- "ਮਹਾਰਾਸਟਰ ਸੂਬੇ ਵਿਚ ਸਾਡੇ ਮਹਾਨ ਤਖ਼ਤ ਸ੍ਰੀ ਹਜੂਰ ਸਾਹਿਬ, ਨਾਦੇੜ ਵਿਖੇ ਜੋ ਲੰਮੇ ਸਮੇ ਤੋ ਸਾਡੇ ਸਿੱਖੀ ਕਕਾਰਾ ਵਿਚ ਸਾਮਿਲ ਕਿਰਪਾਨ ਬਣਾਉਦੇ ਆ ਰਹੇ ਸਨ, ਉਨ੍ਹਾਂ ਨੂੰ ਸਿੱਖ ਸੰਗਤ ਬਹੁਤ ਹੀ ਪਿਆਰ ਤੇ ਸਤਿਕਾਰ ਨਾਲ ਆਪੋ ਆਪਣੇ ਘਰਾਂ ਵਿਚ ਸਜਾਉਦੀ ਰਹੀ ਹੈ । ਉਸ ਸਿੱਖ ਧਰਮ ਦੇ ਅੰਦਰੂਨੀ ਮਾਮਲਿਆ ਵਿਚ ਨਾਦੇੜ ਪੁਲਿਸ ਨੇ ਸਿੱਧਾ ਦਖਲ ਦੇ ਕੇ ਜੋ ਕਿਰਪਾਨਾ ਬਣਾਉਣ ਵਾਲਿਆ ਅਤੇ ਉਥੇ ਕਿਰਪਾਨਾ ਸੰਗਤਾਂ ਨੂੰ ਦੇਣ ਵਾਲਿਆ ਉਤੇ ਤਿੱਖਾ ਹਥਿਆਰ ਕਹਿਕੇ ਕੇਸ ਦਰਜ ਕੀਤੇ ਹਨ ਅਤੇ 4796 ਦੇ ਕਰੀਬ ਕਿਰਪਾਨਾ ਜਬਰੀ ਗੈਰ ਕਾਨੂੰਨੀ ਤੇ ਗੈਰ ਧਾਰਮਿਕ ਤੌਰ ਤੇ ਜਬਤ ਕਰਕੇ ਸਿੱਖ ਮਨਾਂ ਤੇ ਆਤਮਾਵਾ ਨੂੰ ਡੂੰਘੀ ਠੇਸ ਪਹੁੰਚਾਉਣ ਦੀ ਦੁੱਖਦਾਇਕ ਕਾਰਵਾਈ ਕੀਤੀ ਹੈ, ਉਸਦੀ ਜਿੰਨੀ ਵੀ ਨਿਖੇਧੀ ਕੀਤੀ ਜਾਵੇ ਉਹ ਥੋੜੀ ਹੈ । ਇਹ ਸਿੱਧੇ ਤੌਰ ਤੇ ਸਿੱਖਾਂ ਦੇ ਧਾਰਮਿਕ ਮਾਮਲਿਆ ਉਤੇ ਵੱਡਾ ਹਮਲਾ ਕਰਨ ਦੇ ਤੁੱਲ ਅਸਹਿ ਕਾਰਵਾਈ ਹੈ । ਜਿਸ ਨੂੰ ਸਿੱਖ ਕੌਮ ਕਦਾਚਿਤ ਬਰਦਾਸਤ ਨਹੀ ਕਰੇਗੀ । ਜੇਕਰ ਮਹਾਰਾਸਟਰ ਸਰਕਾਰ ਨੇ ਨਾਦੇੜ ਪੁਲਿਸ ਦੀ ਇਸ ਗੈਰ ਧਾਰਮਿਕ ਤੇ ਸਿੱਖ ਵਿਰੋਧੀ ਕਾਰਵਾਈ ਦੀ ਹੋਈ ਬਜਰ ਗੁਸਤਾਖੀ ਨੂੰ ਸੁਧਾਰਕੇ ਸਾਡੀਆ ਜਬਤ ਕੀਤੀਆ ਕਿਰਪਾਨਾ ਵਾਪਸ ਨਾ ਕੀਤੀਆ ਅਤੇ ਝੂਠੇ ਕੇਸ ਦਰਜ ਕੀਤੇ ਹੋਏ ਖਾਰਜ ਨਾ ਕੀਤੇ, ਤਾਂ ਸਿੱਖ ਕੌਮ ਵਿਚ ਉੱਠੇ ਰੋਹ ਦੇ ਨਤੀਜਿਆ ਤੋ ਮਹਾਰਾਸਟਰ ਸਰਕਾਰ ਅਤੇ ਨਾਦੇੜ ਪੁਲਿਸ ਸਿੱਧੇ ਤੌਰ ਤੇ ਜਿੰਮੇਵਾਰ ਹੋਵੇਗੀ ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸਾਡੇ ਮਹਾਨ ਤਖਤ ਸ੍ਰੀ ਹਜੂਰ ਸਾਹਿਬ ਨਾਦੇੜ ਵਿਖੇ ਨਾਦੇੜ ਦੀ ਪੁਲਿਸ ਵੱਲੋ ਜਾਂ ਹੁਕਮਰਾਨਾਂ ਵੱਲੋ ਮੰਦਭਾਵਨਾ ਅਧੀਨ ਸਾਡੇ ਕਿਰਪਾਨ ਰੱਖਣ ਦੇ ਵਿਧਾਨਿਕ ਅਧਿਕਾਰ ਉਤੇ ਜਬਰੀ ਡਾਕਾ ਮਾਰਕੇ ਕਿਰਪਾਨਾ ਜਬਤ ਕਰਨ ਅਤੇ ਸਿੱਖਾਂ ਉਤੇ ਝੂਠੇ ਕੇਸ ਦਰਜ ਕਰਨ ਦੀ ਦੁੱਖਦਾਇਕ ਕਾਰਵਾਈ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਅਤੇ ਇਸ ਨੂੰ ਤੁਰੰਤ ਸੁਧਾਰਕੇ ਸਿੱਖ ਮਨਾਂ ਵਿਚ ਉੱਠੇ ਰੋਹ ਨੂੰ ਸਹੀ ਸਮੇ ਤੇ ਸ਼ਾਂਤ ਕਰਨ ਦੀ ਮਹਾਰਾਸਟਰ ਸਰਕਾਰ ਨੂੰ ਸਲਾਹ ਦਿੰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਸਿੱਖ ਕਦੀ ਵੀ ਕਿਸੇ ਵੀ ਧਰਮ, ਕੌਮ, ਫਿਰਕੇ, ਕਬੀਲੇ ਦੀਆਂ ਧਾਰਮਿਕ ਰਵਾਇਤਾ ਵਿਚ ਕਿਸੇ ਤਰ੍ਹਾਂ ਦੀ ਦਖਲਅੰਦਾਜੀ ਨਹੀ ਕਰਦੇ । ਬਲਕਿ ਸਭਨਾਂ ਦੀਆਂ ਮਰਿਯਾਦਾਵਾ ਤੇ ਧਰਮਾਂ ਦਾ ਸਤਿਕਾਰ ਕਰਦੀ ਹੈ । ਲੇਕਿਨ ਜੇਕਰ ਫਿਰ ਵੀ ਫਿਰਕੂ ਸੋਚ ਅਧੀਨ ਨਾਦੇੜ ਪੁਲਿਸ ਜਾਂ ਸਰਕਾਰ ਵੱਲੋ ਉਪਰੋਕਤ ਹੋਈ ਕਾਰਵਾਈ ਅਧੀਨ ਠੇਸ ਪਹੁੰਚਾਈ ਜਾ ਰਹੀ ਹੈ, ਤਦ ਇਹ ਹੁਕਮਰਾਨ ਜਾਣਬੁੱਝ ਕੇ ਅਮਨ ਚੈਨ ਤੇ ਜਮਹੂਰੀਅਤ ਦੀ ਸੋਚ ਨਾਲ ਛੇੜਛਾੜ ਕਰਕੇ ਖੁਦ ਹੀ ਮਾਹੌਲ ਨੂੰ ਵਿਸਫੋਟਕ ਬਣਾ ਰਹੇ ਹਨ । ਜਦੋ ਸਿੱਖ ਕੌਮ ਵੱਲੋ ਕਦੀ ਵੀ ਕੋਈ ਗੈਰ ਧਾਰਮਿਕ ਜਾਂ ਗੈਰ ਕਾਨੂੰਨੀ ਅਮਲ ਨਹੀ ਹੋਇਆ ਤਾਂ ਸਿੱਖਾਂ ਦੇ ਸਤਿਕਾਰਿਤ ਗੁਰੂ ਸਾਹਿਬ ਵੱਲੋ ਬਖਸਿਸ ਕੀਤੇ ਗਏ ਕਕਾਰਾ ਵਿਚ ਸਾਮਿਲ ਕਿਰਪਾਨ ਨਾਲ ਕੀਤੀ ਜਾ ਰਹੀ ਅਪਮਾਨਿਤ ਕਾਰਵਾਈ ਦੀ ਬਦੌਲਤ ਸਿੱਖਾਂ ਵਿਚ ਵੱਡੀ ਬੇਚੈਨੀ ਤੇ ਰੋਹ ਉੱਠ ਖੜ੍ਹਾ ਹੋਇਆ ਹੈ । ਇਸ ਲਈ ਬਿਹਤਰ ਹੋਵੇਗਾ ਕਿ ਨਾਦੇੜ ਪੁਲਿਸ ਅਤੇ ਮਹਾਰਾਸਟਰ ਸਰਕਾਰ ਆਪਣੇ ਤੋ ਹੋਈ ਬਜਰ ਗੁਸਤਾਖੀ ਨੂੰ ਮਹਿਸੂਸ ਕਰਕੇ ਸਿੱਖ ਮਨਾਂ ਨੂੰ ਸ਼ਾਂਤ ਕਰਨ ਦੇ ਅਮਲ ਕਰਨ ਵਰਨਾ ਸਥਿਤੀ ਹੱਥੋ ਨਿਕਲਣ ਤੋ ਇਨਕਾਰ ਨਹੀ ਕੀਤਾ ਜਾ ਸਕੇਗਾ । ਸ. ਮਾਨ ਨੇ ਉਮੀਦ ਪ੍ਰਗਟ ਕੀਤੀ ਕਿ ਇਸ ਅਤਿ ਸੰਜੀਦਾ ਸਿੱਖ ਕੌਮ ਦੇ ਮਸਲੇ ਨੂੰ ਮਹਾਰਾਸਟਰ ਸਰਕਾਰ ਅਤੇ ਨਾਦੇੜ ਪੁਲਿਸ ਸਹਿ ਅਤੇ ਸੂਝਵਾਨਤਾ ਨਾਲ ਆਪਣੀ ਗਲਤੀ ਦਾ ਅਹਿਸਾਸ ਕਰਦੇ ਹੋਏ ਹੱਲ ਕਰ ਦੇਵੇਗੀ ।

## ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਰਾਸ਼ਨ ਵੰਡ ਪ੍ਰਕਿਰਿਆ ਵਿਚ ਕੀਤੀਆਂ ਤਬਦੀਲੀਆਂ ਕਾਰਨ ਲਾਭਪਾਤਰੀ ਪਰੇਸ਼ਾਨ



ਤਪਾ ਮੰਡੀ, 2 ਜੂਨ ( ਅਮਨਦੀਪ ਸਿੰਘ ਧੀਮਾਨ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਰਾਸ਼ਨ ਵੰਡ ਪ੍ਰਕਿਰਿਆ ਵਿੱਚ ਕੀਤੀਆਂ ਤਬਦੀਲੀਆਂ ਕਾਰਨ ਕਣਕ ਲੈਣ ਆਉਣ ਵਾਲੇ ਲਾਭਪਾਤਰੀਆਂ ਨੂੰ ਕਾਫ਼ੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪਹਿਲਾਂ ਡਿਪੂ ਹੋਡਲਰ ਵੱਲੋਂ ਤਿੰਨ ਮਹੀਨਿਆਂ ਦੀ ਇੱਕ ਹੀ ਪਰਚੀ ਜਾਰੀ ਕਰਕੇ ਕਣਕ ਦਿੱਤੀ ਜਾਂਦੀ ਸੀ, ਪਰ ਹੁਣ ਸਰਕਾਰੀ ਹਦਾਇਤਾਂ ਅਨੁਸਾਰ

ਤਿੰਨ ਮਹੀਨਿਆਂ ਦੀਆਂ ਵੱਖ-ਵੱਖ ਪਰਚੀਆਂ ਕੱਢ ਕੇ ਰਾਸ਼ਨ ਜਾਰੀ ਕੀਤਾ ਜਾ ਰਿਹਾ ਹੈ। ਇਸ ਕਾਰਨ ਡਿਪੂਆਂ 'ਤੇ ਲੰਬੀਆਂ ਕਤਾਰਾਂ ਲੱਗ ਰਹੀਆਂ ਹਨ ਅਤੇ ਲੋਕਾਂ ਦਾ ਕਾਫ਼ੀ ਸਮਾਂ ਬਰਬਾਦ ਹੋ ਰਿਹਾ ਹੈ।ਲਾਭਪਾਤਰੀਆਂ ਨੇ ਸਰਕਾਰ ਖ਼ਿਲਾਫ਼ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਉਹ ਸਵੇਰੇ ਹੀ ਡਿਪੂਆਂ 'ਤੇ ਪਹੁੰਚ ਜਾਂਦੇ ਹਨ, ਪਰ ਇੱਕ ਕਾਰਡ ਹੋਲਡਰ ਨੂੰ ਕਣਕ ਲੈਣ ਲਈ 10 ਤੋਂ 15 ਮਿੰਟ ਤੱਕ ਦਾ ਸਮਾਂ ਲੱਗ ਰਿਹਾ ਹੈ। ਇਸ ਕਾਰਨ ਕਈ ਲੋਕਾਂ ਨੂੰ ਆਪਣੀ ਦਿਹਾੜੀ ਛੱਡ ਕੇ ਡਿਪੂਆਂ 'ਤੇ ਖੜ੍ਹਨਾ ਪੈਂਦਾ ਹੈ। ਉਨ੍ਹਾਂ ਦੱਸਿਆ ਕਿ ਅੱਜਕੱਲ੍ਹ 500 ਤੋਂ 600

ਰੁਪਏ ਤੱਕ ਦੀ ਦਿਹਾੜੀ ਮਿਲਦੀ ਹੈ, ਪਰ ਰਾਸ਼ਨ ਲੈਣ ਦੀ ਪ੍ਰਕਿਰਿਆ ਵਿੱਚ ਲੱਗਣ ਵਾਲੇ ਵੱਧ ਸਮੇਂ ਕਾਰਨ ਉਨ੍ਹਾਂ ਦੀ ਕਮਾਈ ਪ੍ਰਭਾਵਿਤ ਹੋ ਰਹੀ ਹੈ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਪਹਿਲਾਂ ਵਾਂਗ ਡਿਪੂ ਹੋਲਡਰਾਂ ਨੂੰ ਇੱਕ ਹੀ ਪਰਚੀ ਰਾਹੀਂ ਰਾਸ਼ਨ ਜਾਰੀ ਕਰਨ ਦੀ ਇਜਾਜ਼ਤ ਦੇਵੇ, ਤਾਂ ਜੋ ਲੋਕਾਂ ਨੂੰ ਬੇਵਜਹਾ ਖੱਜਲ-ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ।ਦੂਜੇ ਪਾਸੇ ਡੀਪੂ ਹੋਲਡਰਾਂ ਨੇ ਕਿਹਾ ਕਿ ਉਹ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਹੀ ਕੰਮ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਅਪ੍ਰੈਲ, ਮਈ ਅਤੇ ਜੂਨ ਮਹੀਨੇ ਦੀਆਂ ਵੱਖ-ਵੱਖ ਪਰਚੀਆਂ ਕੱਢਣ ਦੇ ਨਾਲ-ਨਾਲ ਸਰਕਾਰ ਵੱਲੋਂ ਜਾਰੀ ਕੀਤੀ ਕਿੱਟ ਦੀ ਚੌਥੀ ਕਿੱਟ ਕੱਢਣੀ ਵੀ ਲਾਜ਼ਮੀ ਹਨ। ਡਿਪੂ ਹੋਲਡਰਾਂ ਅਨੁਸਾਰ ਤਿੰਨ ਜਾਂ ਚਾਰ ਪਰਚੀਆਂ ਕੱਢਣ ਵਿਚ ਕਰੀਬ 10 ਮਿੰਟ ਦਾ ਸਮਾਂ ਲੱਗਦਾ ਹੈ ਅਤੇ ਇਸ ਵਿਚ ਉਨ੍ਹਾਂ ਦਾ ਕੋਈ ਕਸੂਰ ਨਹੀਂ ਹੈ। ਉਨ੍ਹਾਂ ਕਿਹਾ ਕਿ ਜੇ ਲੋਕਾਂ ਨੂੰ ਇਸ ਪ੍ਰਕਿਰਿਆ ਨਾਲ ਕੋਈ ਇਤਰਾਜ਼ ਹੈ ਤਾਂ ਉਹ ਇਸ ਮਾਮਲੇ ਨੂੰ ਸਰਕਾਰ ਦੇ ਧਿਆਨ ਵਿਚ ਲਿਆਉਣ।

## ਨਵੀਆਂ ਵਿਕਸਿਤ ਹੋ ਰਹੀਆਂ 2 ਅਣ-ਅਧਿਕਾਰਿਤ ਕਲੋਨੀਆਂ ਉੱਪਰ ਚੱਲਿਆ ਪੀਲਾ ਪੰਜਾ ਅੰਮ੍ਰਿਤਸਰ ਵਿਕਾਸ ਅਥਾਰਟੀ, ਪੁੱਡਾ ਦੇ ਰੈਗੂਲੇਟਰੀ ਵਿੰਗ ਵੱਲੋਂ ਕੀਤੀ ਗਈ ਕਾਰਵਾਈ



ਅੰਮ੍ਰਿਤਸਰ, 2 ਜੂਨ 2026 (ਰਣਜੀਤ ਸਿੰਘ ਮਸੌਣ/ ਜੋਗਾ ਸਿੰਘ ਰਾਜਪੂਤ)-ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏਡੀਏ ਦੇ ਮੁੱਖ ਪ੍ਰਸ਼ਾਸਕ ਨਿਤੇਸ਼ ਕੁਮਾਰ ਜੈਨ, ਆਈ.ਏ.ਐਸ ਅਤੇ ਵਧੀਕ ਮੁੱਖ ਪ੍ਰਸ਼ਾਸਕ ਇਨਾਯਤ, ਪੀ.ਸੀ.ਐਸ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਸਹਾਇਕ ਨਗਰ ਯੋਜਨਕਾਰ ਸਮੇਤ ਰੈਗੂਲੇਟਰੀ ਵਿੰਗ ਵੱਲੋਂ ਪਿੰਡ ਚਾਟੀਵਿੰਡ ਵਿਖੇ ਲਿੰਕ ਰੋਡ ਉੱਪਰ ਕਿੰਗ ਐਵੀਨਿਊ ਅਤੇ ਇੱਕ ਹੋਰ ਅਣ-ਅਧਿਕਾਰਤ ਕਲੋਨੀ ਵਿਰੁੱਧ ਕਾਰਵਾਈ ਕਰਦੇ ਹੋਏ ਦੋਨੋਂ ਕਲੋਨੀਆਂ ਨੂੰ ਢਾਹ ਦਿੱਤਾ ਗਿਆ। ਰੈਗੂਲੇਟਰੀ ਵਿੰਗ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪਿੰਡ ਚਾਟੀਵਿੰਡ ਵਿਖੇ ਵਿਕਸਿਤ ਕੀਤੀਆਂ ਜਾ ਰਹੀਆਂ ਨਵੀਆਂ ਅਣ-ਅਧਿਕਾਰਤ ਕਲੋਨੀਆਂ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਇਹਨਾਂ ਵਿਰੁੱਧ 2 ਜੂਨ 2026 ਰਾਹੀਂ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ। ਉਹਨਾਂ ਦੱਸਿਆ ਕਿ ਇਹਨਾਂ ਅਣ-ਅਧਿਕਾਰਤ ਕਲੋਨੀਆਂ ਦੇ ਮਾਲਕਾਂ ਨੇ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਅਤੇ ਨੋਟਿਸ ਜਾਰੀ ਹੋਣ ਦੇ ਬਾਵਜੂਦ ਉਕਤ ਅਣ-ਅਧਿਕਾਰਤ ਕਲੋਨੀਆਂ ਸਬੰਧੀ ਸਪੱਸ਼ਟੀਕਰਨ ਦੇਣ ਦੀ ਬਜਾਏ ਮੌਕੇ ਤੇ ਵਿਕਾਸ ਦੇ ਕੰਮਾਂ ਨੂੰ ਜਾਰੀ ਰੱਖਿਆ ਗਿਆ, ਜਿਸ ਦੇ ਤਹਿਤ ਉੱਚ ਅਧਿਕਾਰੀਆਂ ਦੇ ਹੁਕਮਾਂ ਤਹਿਤ ਉਕਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ।

ਰੈਗੂਲੇਟਰੀ ਵਿੰਗ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਿੰਡ ਚਾਟੀਵਿੰਡ ਵਿਖੇ ਬਣ ਰਹੀ ਅਣ-ਅਧਿਕਾਰਤ ਕਲੋਨੀ ਨੂੰ ਵਿਭਾਗ ਵੱਲੋਂ ਨੋਟਿਸ ਜਾਰੀ ਕਰਦੇ ਹੋਏ ਕਈ ਵਾਰ ਉਸਾਰੀ ਦਾ ਕੰਮ ਰੋਕਿਆ ਗਿਆ ਸੀ, ਜਿਸਦੇ ਬਾਵਜੂਦ ਕਲੋਨੀਕਾਰ ਵੱਲੋਂ ਮੌਕੇ ਤੇ ਉਸਾਰੀ ਦਾ ਕੰਮ ਜਾਰੀ ਰੱਖਿਆ ਜਾ ਰਿਹਾ ਸੀ। ਜਿਸ ਕਰਕੇ ਉੱਚ ਅਧਿਕਾਰੀਆਂ ਵੱਲੋਂ ਇਸ ਅਣ-ਅਧਿਕਾਰਤ ਕਲੋਨੀ ਨੂੰ ਢਾਹੁਣ ਸਬੰਧੀ ਹੁਕਮ ਜਾਰੀ ਕੀਤੇ ਗਏ ਸਨ। ਉਕਤ ਹੁਕਮਾਂ ਨੂੰ ਅਮਲ ਵਿੱਚ ਲਿਆਉਣ ਅਤੇ ਮੌਕੇ ਤੇ ਲਾਅ ਅਤੇ ਆਰਡਰ ਦੀ ਸਥਿਤੀ ਨੂੰ ਬਹਾਲ ਰੱਖਣ ਹਿੱਤ ਲੋੜੀਂਦੀ ਪੁਲਿਸ ਫੋਰਸ ਮੁਹੱਈਆ ਕਰਵਾਉਣ ਲਈ ਸੀਨੀਅਰ ਪੁਲਿਸ ਕਪਤਾਨ ਨੂੰ ਉਕਤ ਹੁਕਮਾ ਦੀ ਕਾਪੀ ਕਰਦੇ ਹੋਏ ਲਿਖਿਆ ਗਿਆ ਸੀ ਪਰੰਤੂ ਇਸ ਸਬੰਧੀ ਡਿਪਟੀ ਕਮਿਸ਼ਨਰ ਅਤੇ ਥਾਣਾ ਚਾਟੀਵਿੰਡ ਦੇ ਅਧਿਕਾਰੀਆਂ ਨਾਲ ਵਾਰ-ਵਾਰ ਸੰਪਰਕ ਕਰਨ ਦੇ ਬਾਵਜੂਦ ਉਹਨਾ ਵੱਲੋਂ ਲੋੜੀਂਦੀ ਪੁਲਿਸ ਫੋਰਸ ਮੁਹੱਈਆ ਨਾ ਕਰਵਾਉਣ ਦੇ ਕਾਰਨ ਉਕਤ ਕਲੋਨੀ ਖਿਲਾਫ਼ ਡੈਮੋਲੀਸ਼ਨ ਦੀ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ ਜਾ ਸਕੀ, ਜਿਸ ਦੇ ਚੱਲਦੇ ਅੱਜ ਦੁਬਾਰਾ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ। ਇਸ ਤੋਂ ਇਲਾਵਾ ਪਿੰਡ ਚਾਟੀਵਿੰਡ ਵਿਖੇ ਵਿਕਸਿਤ ਕਿੰਗ ਐਵੀਨਿਊ ਖਿਲਾਫ਼ ਪਹਿਲਾਂ ਵੀ ਮਿਤੀ 14/02/2025 ਰਾਹੀਂ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਸੀ, ਪਰ ਕਲੋਨੀ ਦੇ ਮਾਲਕਾਂ ਵੱਲੋਂ ਹੁਣ ਮੌਕੇ ਤੇ ਦੁਬਾਰਾ ਵਿਕਾਸ ਦੇ ਕੰਮ ਸ਼ੁਰੂ ਕਰ ਲਏ ਸਨ, ਜਿਸ ਕਰਕੇ ਹੁਣ ਨਵੇਂ ਕੀਤੇ ਵਿਕਾਸ ਕਾਰਜਾਂ ਨੂੰ ਮੁੜ ਢਾਹਿਆ ਗਿਆ।

ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਕੀਤਾ ਜਾ ਸਕਦਾ ਹੈ ਜਿਸ ਕਰਕੇ ਉਕਤ ਕਲੋਨੀ ਅਧੀਨ ਆਉਂਦੀ ਜ਼ਮੀਨ ਦੇ ਮਾਲਕਾਂ ਅਤੇ ਕਲੋਨੀ ਵਿਕਸਿਤ ਕਰਨ ਵਾਲਿਆਂ ਖ਼ਿਲਾਫ਼ ਲੋੜੀਂਦੀ ਕਾਰਵਾਈ ਕਰਨ ਲਈ ਪੁਲਿਸ ਵਿਭਾਗ ਨੂੰ ਵੀ ਰੈਵੇਨਿਊ ਰਿਕਾਰਡ ਦੇ ਆਧਾਰ ਲਿਖਿਆ ਜਾ ਰਿਹਾ ਹੈ।

ਏਡੀਏ ਦੇ ਰੈਗੂਲੇਟਰੀ ਵਿੰਗ ਨੇ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਗੈਰ-ਕਨੂੰਨੀ ਕਲੋਨੀਆਂ ਜੋ ਕਿ ਪੁੱਡਾ ਵਿਭਾਗ ਤੋਂ ਮੰਜ਼ੂਰ ਸ਼ੁਦਾ ਨਹੀਂ ਹਨ, ਉਹਨਾਂ ਵਿੱਚ ਪੈਂਦੇ ਪਲਾਟਾਂ ਦੀ ਵਿਕਰੀ ਸਬੰਧੀ ਕਿਸੇ ਵੀ ਇਸ਼ਤਿਹਾਰ ਅਨੁਸਾਰ ਪਲਾਟ ਖ਼ਰੀਦਣ ਤੋਂ ਪਹਿਲਾਂ ਉਸ ਕਲੋਨੀ ਸਬੰਧੀ ਪੁੱਡਾ ਵੱਲੋਂ ਜਾਰੀ ਕੀਤੀ ਗਈ ਮੰਜ਼ੂਰੀ ਦੀ ਮੰਗ ਜ਼ਰੂਰ ਕਰਨ ਅਤੇ ਅੰਮ੍ਰਿਤਸਰ ਵਿਕਾਸ ਅਥਾਰਿਟੀ ਦੀ ਵੈਬਸਾਈਟ ਉਪਰ ਉਪਲਬਧ ਅਣ-ਅਧਿਕਾਰਿਤ ਕਲੋਨੀਆਂ ਸਬੰਧੀ ਵੇਰਵਿਆਂ ਨੂੰ ਜ਼ਰੂਰ ਵਾਚ ਲਿਆ ਜਾਵੇ ਤਾਂ ਜੋ ਉਨ੍ਹਾਂ ਦੇ ਧਨ ਮਾਲ ਦਾ ਨੁਕਸਾਨ ਨਾ ਹੋ ਸਕੇ ਅਤੇ ਉਨ੍ਹਾਂ ਲਈ ਪਰੇਸ਼ਾਨੀ ਦਾ ਕਾਰਨ ਨਾ ਬਣੇ। ਇਸ ਤੋਂ ਇਲਾਵਾ ਉਹਨਾਂ ਵੱਲੋਂ ਇਹ ਵੀ ਅਪੀਲ ਕੀਤੀ ਗਈ ਕਿ ਜ਼ਿਲੇ ਅੰਦਰ ਕਿਸੇ ਵੀ ਜਗ੍ਹਾ ਉੱਪਰ ਕਿਸੇ ਵੀ ਪ੍ਰਕਾਰ ਦੀ ਉਸਾਰੀ ਕਰਨ ਤੋਂ ਪਹਿਲਾਂ ਪੁੱਡਾ ਵਿਭਾਗ ਪਾਸੋਂ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰਨ ਉਪਰੰਤ ਹੀ ਉਸਾਰੀ ਕੀਤੀ ਜਾਵੇ।

# ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਨੇ ਫਰੀਦਕੋਟ ਦੇ ਅਹੁਦੇਦਾਰ ਅਤੇ ਮੈਂਬਰਾਂ ਨਾਲ ਕੀਤਾ ਵਿਚਾਰ ਵਟਾਂਦਰਾ- ਰਣਜੀਤ ਸਿੰਘ ਔਲਖ






ਫਰੀਦਕੋਟ:02,ਜੂਨ ( ਕੰਵਲ ਸਰਾਂ ) ਅੱਜ ਸਥਾਨਕ ਸਾਗਰ ਢਾਬੇ ਤੇ 20ਵੀਂ ਸਦੀ ਦੇ ਮਹਾਨ ਜਰਨੈਲ ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਜੀ ਦੇ ਜਨਮ ਦਿਹਾੜੇ ਤੇ ਰੋਡੇ ਜਾਣ ਸਮੇਂ ਕੁਝ ਸਮਾਂ ਸਾਗਰ ਢਾਬੇ ਤੇ ਰੁਕੇ ਉੱਥੇ ਪਹਿਲਾਂ ਹੀ ਫਰੀਦਕੋਟ ਦੇ ਜਿਲਾ ਪ੍ਰਧਾਨ ਰਣਜੀਤ ਸਿੰਘ ਔਲਖ ਅਤੇ ਵਰਕਿੰਗ ਕਮੇਟੀ ਦੇ ਮੈਂਬਰ ਤੇ ਪਾਰਟੀ ਬੁਲਾਰੇ ਅਮਨਇੰਦਰ ਸਿੰਘ ਬਰਾੜ ਬੰਨੀ ਆਪਣੇ ਸਾਰੇ ਸਾਥੀਆ ਨਾਲ ਪਹਿਲਾਂ ਹੀ ਮੌਜੂਦ ਸਨ। ਸਿੰਘ ਸਾਹਿਬ ਦੇ ਪਹੁੰਚਣ ਤੇ ਭਰਵਾਂ ਸਵਾਗਤ ਕੀਤਾ ਗਿਆ। ਸਿੰਘ ਸਾਹਿਬ ਨੇ ਫ਼ਰੀਦਕੋਟ ਦੀ ਜੱਥੇਬੰਦੀ ਦੇ ਆਏ ਹੋਏ ਅਹੁਦੇਦਾਰਾਂ ਤੇ ਮੈਂਬਰਾਂ ਨਾਲ ਵਿਚਾਰ ਵਟਾਂਦਰਾ ਕੀਤਾ। ਇਹ ਸੰਖੇਪ ਮੀਟਿੰਗ ਰਣਜੀਤ ਸਿੰਘ ਔਲਖ ਜਿਲਾ ਪ੍ਰਧਾਨ ਦੀ ਅਗਵਾਈ ਵਿੱਚ ਹੋਈ। ਅਮਨਇੰਦਰ ਸਿੰਘ ਬਰਾੜ ਬੰਨੀ ਨੇ ਦੱਸਿਆ ਕਿ ਸਿੰਘ ਸਾਹਿਬ ਛੇਤੀ ਹੀ ਫਰੀਦਕੋਟ ਵਿੱਚ ਆ ਰਹੇ ਹਨ।

ਉਹਨਾਂ ਨੇ ਦੱਸਿਆ ਉਹਨਾਂ ਦੇ ਫਰੀਦਕੋਟ ਵਿਖੇ ਆਉਣ ਸਬੰਧੀ ਮਿਤੀ ਤੇ ਸਥਾਨ ਸਬੰਧੀ ਛੇਤੀ ਹੀ ਸੂਚਿਤ ਕਰ ਦਿੱਤਾ ਜਾਵੇ। ਬਾਅਦ ਵਿੱਚ ਸਿੰਘ ਸਾਹਿਬ ਆਪਣੇ ਵਰਕਰਾਂ ਦੇ ਨਾਲ ਰੋਡੇ ਨੂੰ ਰਵਾਨਾ ਹੋ ਗਏ। ਇਸ ਮੌਕੇ ਗੁਰਜੰਟ ਸਿੰਘ ਗਿੱਲ, ਅਮਰੀਕ ਸਿੰਘ, ਜਗਦੇਵ ਸਿੰਘ, ਰਣਜੀਤ ਸਿੰਘ ਢੈਪਈ,ਬੂਟਾ ਸਿੰਘ ਰੋਮਾਣਾ, ਡਾ.ਸੁਖਬੀਰ ਸਿੰਘ ਗਿੱਲ,ਜੱਥੇਦਾਰ ਬਲਵੀਰ ਸਿੰਘ, ਬਾਬੂ ਸਿੰਘ ਰੋਮਾਣਾ ਅਤੇ ਕੇ.ਪੀ.ਸਿੰਘ ਸਰਾਂ ਤੋ ਇਲਾਵਾ ਹੋਰ ਪਾਰਟੀ ਵਰਕਰ ਵੀ ਮੌਜੂਦ ਸਨ।

# ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ, ਅਰਬਨ ਅਸਟੇਟ, ਫੇਸ-1 ਵਿਖੇ "ਜੂਨ 84 ਦੇ ਘੱਲੂਘਾਰੇ" ਨੂੰ ਸਮਰਪਿਤ ਕਥਾ ਅਤੇ ਕੀਰਤਨ ਸਮਾਗਮ 4 ਤੋਂ 7 ਜੂਨ ਤੱਕ =ਕੁਲਵਿੰਦਰ ਸਿੰਘ ਬੈਨੀਪਾਲ



ਲੁਧਿਆਣਾ (ਕਰਨੈਲ ਸਿੰਘ ਐੱਮ.ਏ.) ਜੂਨ 84 ਦੇ ਘੱਲੂਘਾਰੇ ਦੌਰਾਨ ਸ਼ਹੀਦ ਹੋਏ ਸਿੰਘਾਂ ਸਿੰਘਣੀਆਂ ਦੀ ਯਾਦ ਨੂੰ ਸਮਰਪਿਤ ਕਥਾ ਅਤੇ ਕੀਰਤਨ ਸਮਾਗਮ ਬੜੀ ਸ਼ਰਧਾ ਅਤੇ ਭਾਵਨਾ ਨਾਲ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ, ਅਰਬਨ ਅਸਟੇਟ, ਫੇਸ-1, ਦੁੱਗਰੀ ਲੁਧਿਆਣਾ ਵਿਖੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਨਿੱਘੇ ਸਹਿਯੋਗ ਸਦਕਾ ਮਨਾਏ ਜਾ ਰਹੇ ਹਨ। ਇਸ ਸੰਬੰਧੀ ਗੱਲਬਾਤ ਕਰਦਿਆਂ ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ ਨੇ ਦੱਸਿਆ ਕਿ ਘੱਲੂਘਾਰਾ ਹਫਤਾ 4 ਜੂਨ ਦਿਨ ਵੀਰਵਾਰ ਤੋਂ ਲੈ ਕੇ 7 ਜੂਨ ਦਿਨ ਐਤਵਾਰ ਤੱਕ ਮਨਾਇਆ ਜਾ ਰਿਹਾ ਹੈ। ਜਿਸ ਵਿੱਚ ਪੰਥ ਪ੍ਰਸਿੱਧ ਕਥਾ ਵਾਚਕ ਅਤੇ ਮਹਾਨ ਕੀਰਤਨੀ ਜੱਥੇ ਹਾਜ਼ਰੀਆਂ ਭਰਨਗੇ। 4 ਜੂਨ ਦਿਨ ਵੀਰਵਾਰ ਨੂੰ 7:15 ਵਜੇ ਤੋਂ 8:30 ਵਜੇ ਤੱਕ ਭਾਈ ਅਵਤਾਰ ਸਿੰਘ ਜੀ ਧਾਰੋਵਾਲੀ ਜਲੰਧਰ ਵਾਲੇ ਸੰਗਤਾਂ ਨੂੰ ਰਸ-ਭਿੰਨਾ ਕੀਰਤਨ ਰਾਹੀਂ ਨਿਹਾਲ ਕਰਨਗੇ । 5 ਜੂਨ ਦਿਨ ਸ਼ੁੱਕਰਵਾਰ ਨੂੰ 7:15 ਵਜੇ ਤੋਂ 8:30 ਵਜੇ ਤੱਕ ਭਾਈ ਅੰਮ੍ਰਿਤਪਾਲ ਸਿੰਘ ਜੀ ਹਜ਼ੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲੇ ਸੰਗਤਾਂ ਨੂੰ ਇਲਾਹੀ ਬਾਣੀ ਦਾ ਕੀਰਤਨ ਸ੍ਰਵਨ ਕਰਵਾਉਣਗੇ । 6 ਜੂਨ ਦਿਨ ਸ਼ਨੀਵਾਰ ਨੂੰ ਸ਼ਾਮ ਨੂੰ 7:15 ਵਜੇ ਤੋਂ 8:15 ਵਜੇ ਤੱਕ ਭਾਈ ਮਨਪ੍ਰੀਤ ਸਿੰਘ ਜੀ ਅੰਮ੍ਰਿਤਸਰ ਵਾਲੇ ਕੀਰਤਨ ਸ੍ਰਵਨ ਕਰਵਾਉਣਗੇ।8:15 ਵਜੇ ਤੋਂ 9:15 ਵਜੇ ਤੱਕ ਗਿਆਨੀ ਕਿਰਨਜੀਤ ਸਿੰਘ ਪਟਿਆਲੇ ਵਾਲੇ ਜੂਨ 84 ਦੇ ਘੱਲੂਘਾਰੇ ਬਾਰੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਨਗੇ । 7 ਜੂਨ ਦਿਨ ਐਤਵਾਰ ਨੂੰ ਪੰਥ ਪ੍ਰਸਿੱਧ ਰਾਗੀ ਭਾਈ ਉਂਕਾਰ ਸਿੰਘ ਜੀ ਹਜ਼ੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲੇ ਸੰਗਤਾਂ ਨੂੰ ਸ਼ਾਮ 7:15 ਵਜੇ ਤੋਂ 8:30 ਵਜੇ ਤੱਕ ਇਲਾਹੀ ਬਾਣੀ ਦਾ ਰਸ-ਭਿੰਨਾ ਕੀਰਤਨ ਸ੍ਰਵਨ ਕਰਵਾਉਣਗੇ। ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਗੁਰਦੁਆਰਾ ਸਾਹਿਬ ਪਹੁੰਚ ਕੇ ਕਥਾ ਅਤੇ ਕੀਰਤਨ ਦਾ ਆਨੰਦ ਮਾਣੋ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਗੁਰੂ ਕੇ ਲੰਗਰ ਅਟੁੱਟ ਵਰਤਾਏ ਜਾਣਗੇ। ਮੀਟਿੰਗ ਵਿੱਚ ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਚੇਅਰਮੈਨ ਬਲਜੀਤ ਸਿੰਘ ਸੇਠੀ, ਪਰਮਿੰਦਰ ਸਿੰਘ, ਕਰਤਾਰ ਸਿੰਘ ਬਰਾੜ, ਯਸ਼ਪਾਲ ਸਿੰਘ, ਮਲਕੀਤ ਸਿੰਘ, ਗੁਰਦੀਪ ਸਿੰਘ ਕਾਲੜਾ, ਵਰਿੰਦਰ ਮੋਹਨ ਸਿੰਘ, ਚਰਨਜੀਤ ਸਿੰਘ ਪਾਇਲ, ਜਗਮੋਹਨ ਸਿੰਘ, ਸਰਬਜੀਤ ਸਿੰਘ ਚੱਗਰ, ਦਰਸ਼ਨ ਸਿੰਘ, ਬਲਬੀਰ ਸਿੰਘ, ਤਰਲੋਕ ਸਿੰਘ ਸੱਚਦੇਵਾ, ਰਘਵੀਰ ਸਿੰਘ ਜੀ ਸ਼ਾਮਲ ਸਨ।

# ਨਿੱਜੀ ਫੈਕਟਰੀ 'ਚ ਕਿਰਤੀ ਦੀ ਮੌਤ ਮਾਮਲਾ: ਸੁਰੱਖਿਆ ਪ੍ਰਬੰਧਾਂ ਦੀ ਨਾਕਾਮੀ ਕਾਰਨ ਹੋਈ ਨੌਜਵਾਨ ਦੀ ਮੌਤ, ਉੱਚ ਪੱਧਰੀ ਜਾਂਚ ਕਰਕੇ ਪ੍ਰਬੰਧਕਾਂ ਖਿਲਾਫ਼ ਦਰਜ ਹੋਵੇ ਪਰਚਾ — ਕਰਨ ਸਿੰਘ ਰਾਣਾ



ਕਾਠਗੜ੍ਹ 2 ਜੂਨ (ਜਤਿੰਦਰਪਾਲ ਸਿੰਘ ਕਲੇਰ): ਨਿੱਜੀ ਫੈਕਟਰੀ ਵਿੱਚ ਕੰਮ ਕਰਦੇ ਇੱਕ ਗਰੀਬ ਕਿਰਤੀ ਨੌਜਵਾਨ ਸਨੀ ਜੋਸ਼ੀ ਦੀ ਫੈਕਟਰੀ ਅੰਦਰ ਜ਼ਹਿਰੀਲੀ ਗੈਸ ਚੜ੍ਹਨ ਕਾਰਨ ਹੋਈ ਦਰਦਨਾਕ ਮੌਤ 'ਤੇ ਡੂੰਘੇ ਦੁੱਖ ਅਤੇ ਚਿੰਤਾ ਦਾ ਪ੍ਰਗਟਾਵਾ ਕਰਦਿਆਂ, 'ਸਾਂਝਾ ਕਿਸਾਨ ਮਜ਼ਦੂਰ ਮੋਰਚਾ' (ਸਬੰਧਤ ਭਾਈ ਲਾਲੋ ਲੋਕ ਮੰਚ) ਦੇ ਜਨਰਲ ਸਕੱਤਰ ਸਾਥੀ ਕਰਨ ਸਿੰਘ ਰਾਣਾ ਨੇ ਫੈਕਟਰੀ ਪ੍ਰਬੰਧਕਾਂ ਖਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ।

ਅੱਜ ਪੀੜਤ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚੇ ਸਾਥੀ ਕਰਨ ਸਿੰਘ ਰਾਣਾ ਨੇ ਕਿਹਾ ਕਿ ਇਹ ਕੋਈ ਆਮ ਮੌਤ ਨਹੀਂ, ਸਗੋਂ ਫੈਕਟਰੀ ਪ੍ਰਬੰਧਕਾਂ ਦੀ ਅਣਗਹਿਲੀ ਅਤੇ ਸੁਰੱਖਿਆ ਨਿਯਮਾਂ ਦੀਆਂ ਉਡਾਈਆਂ ਜਾ ਰਹੀਆਂ ਧੱਜੀਆਂ ਦਾ ਸਿੱਟਾ ਹੈ। ਪਰਿਵਾਰ ਵੱਲੋਂ ਮਿਲੀ ਜਾਣਕਾਰੀ ਅਨੁਸਾਰ ਸ਼ਨੀ ਜੋਸ਼ੀ ਜਦੋਂ 1 ਜੂਨ ਨੂੰ ਸਵੇਰੇ ਫੈਕਟਰੀ ਤੋਂ ਡਿਊਟੀ ਕਰਕੇ ਘਰ ਪਰਤਿਆ ਤਾਂ ਉਸ ਨੂੰ ਲਗਾਤਾਰ ਉਲਟੀਆਂ ਆ ਰਹੀਆਂ ਸਨ ਅਤੇ ਫੈਕਟਰੀ ਵਿੱਚ ਜ਼ਹਿਰੀਲੀ ਗੈਸ ਚੜ੍ਹਨ ਕਾਰਨ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ।

ਸਾਥੀ ਰਾਣਾ ਨੇ ਫੈਕਟਰੀ ਪ੍ਰਬੰਧਨ 'ਤੇ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਇਸ ਫੈਕਟਰੀ ਵਿੱਚ ਅਜਿਹੇ ਹਾਦਸੇ ਪਹਿਲਾਂ ਵੀ ਹੁੰਦੇ ਰਹੇ ਹਨ, ਪਰ ਪ੍ਰਬੰਧਕ ਆਪਣੇ ਰਸੂਖ਼ ਦੀ ਵਰਤੋਂ ਕਰਕੇ ਬੜੀ ਚਲਾਕੀ ਨਾਲ ਇਹਨਾਂ ਮਾਮਲਿਆਂ 'ਤੇ ਪਰਦਾ ਪਾ ਦਿੰਦੇ ਹਨ। ਉਨ੍ਹਾਂ ਕਿਹਾ ਕਿ ਫੈਕਟਰੀ ਅੰਦਰ ਸੁਰੱਖਿਆ ਦੇ ਕੋਈ ਪੁਖ਼ਤਾ ਇੰਤਜ਼ਾਮ ਨਹੀਂ ਹਨ ਅਤੇ ਅਕਸਰ ਕੱਚੇ ਕਾਮਿਆਂ ਨੂੰ ਬਿਨਾਂ ਕਿਸੇ ਸੁਰੱਖਿਆ ਕਿੱਟ ਜਾਂ ਬਚਾਅ ਸਾਧਨਾਂ ਦੇ ਖ਼ਤਰਨਾਕ ਥਾਵਾਂ 'ਤੇ ਕੰਮ 'ਤੇ ਲਗਾ ਦਿੱਤਾ ਜਾਂਦਾ ਹੈ, ਜੋ ਕਿ ਸਿੱਧਾ ਉਹਨਾਂ ਦੀਆਂ ਜਾਨਾਂ ਨਾਲ ਖਿਲਵਾੜ ਹੈ।

ਉਨ੍ਹਾਂ ਜ਼ਿਲ੍ਹਾ ਪੁਲਿਸ ਮੁਖੀ (ਐੱਸ.ਐੱਸ.ਪੀ.) ਸ਼ਹੀਦ ਭਗਤ ਸਿੰਘ ਨਗਰ ਤੋਂ ਪੁਰਜ਼ੋਰ ਮੰਗ ਕੀਤੀ ਕਿ ਇਸ ਸੰਵੇਦਨਸ਼ੀਲ ਮਾਮਲੇ ਦੀ ਉੱਚ ਪੱਧਰੀ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਦੋਸ਼ੀ ਪਾਏ ਜਾਣ 'ਤੇ ਫੈਕਟਰੀ ਦੇ ਮਾਲਕਾਂ ਅਤੇ ਪ੍ਰਬੰਧਕਾਂ ਵਿਰੁੱਧ ਕਤਲ ਦਾ ਮੁਕੱਦਮਾ ਦਰਜ ਕੀਤਾ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਫੈਕਟਰੀ ਪ੍ਰਸ਼ਾਸਨ ਨੂੰ ਸਖ਼ਤ ਚੇਤਾਵਨੀ ਦਿੱਤੀ ਕਿ ਜੇਕਰ ਕਿਰਤੀਆਂ ਦੀ ਸੁਰੱਖਿਆ ਲਈ ਠੋਸ ਬੰਦੋਬਸਤ ਨਾ ਕੀਤੇ ਗਏ ਅਤੇ ਪੀੜਤ ਪਰਿਵਾਰ ਨੂੰ ਇਨਸਾਫ਼ ਨਾ ਮਿਲਿਆ, ਤਾਂ ਮੋਰਚਾ ਤਿੱਖਾ ਸੰਘਰਸ਼ ਵਿੱਢਣ ਲਈ ਮਜਬੂਰ ਹੋਵੇਗਾ।

ਇਸ ਮੌਕੇ ਪੀੜਤ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਵਾਲਿਆਂ ਵਿੱਚ ਕਰਨੈਲ ਸਿੰਘ ਭੱਲਾ, ਮਨੋਹਰ ਲਾਲ ਟੌਂਸਾ, ਸੁੱਚਾ ਸਿੰਘ (ਸਾਬਕਾ ਸਰਪੰਚ ਜੀਓਵਾਲ) ਸਮੇਤ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

# ਪੰਜਾਬ ਸਟੇਟ ਫਾਰਮੇਸੀ ਆਫੀਸਰਜ ਐਸੋਸੀਏਸ਼ਨ ਦੀ ਸੂਬਾ ਕਮੇਟੀ ਦੀ ਹੋਈ ਚੋਣ

## ਸੁਖਦੀਪ ਸ਼ਰਮਾ ਪ੍ਰਧਾਨ, ਸੁਨੀਲ ਦੱਤ ਜਨਰਲ ਸਕੱਤਰ ਅਤੇ ਮੀਨਾਕਸ਼ੀ ਧੀਰ ਵਿੱਤ ਸਕੱਤਰ ਚੁਣਿਆ ਗਿਆ :- ਨਰਿੰਦਰ ਮੋਹਣ ਸ਼ਰਮਾ



ਨਾਭਾ 2 ਜੂਨ (ਅਮਨ ਗਰਗ ) ਪੰਜਾਬ ਸਟੇਟ ਫਾਰਮੇਸੀ ਆਫ਼ੀਸਰਜ਼ ਐਸੋਸੀਏਸ਼ਨ ਦੇ ਸੰਵਿਧਾਨ ਅਨੁਸਾਰ ਪੰਜਾਬ ਦੇ ਸਾਰੇ 23 ਜਿਲਿਆਂ ਦੀਆਂ ਚੋਣਾਂ ਸੰਪੰਨ ਹੋਣ ਉਪਰੰਤ 31 ਮਈ ਨੂੰ ਸੂਬਾ ਕਮੇਟੀ ਦੀ ਚੋਣ ਸੂਬਾ ਅਬਜਰਵਰਾਂ ਅੰਮ੍ਰਿਤ ਗਰਗ, ਸਰਵਰਿੰਦਰ ਸਿੰਘ ਅਤੇ ਜੋਗਿੰਦਰ ਸਿੰਘ ਮਾਹਲਾ ਦੀ ਦੇਖਰੇਖ ਹੇਠ ਹੋਈ। ਜਥੇਬੰਦੀ ਦੇ ਸੰਵਿਧਾਨ ਅਨੁਸਾਰ ਸੂਬਾ ਪ੍ਰਧਾਨ ਨਰਿੰਦਰ ਮੋਹਣ ਸ਼ਰਮਾ ਵੱਲੋਂ ਮੌਜੂਦਾ ਕਮੇਟੀ ਭੰਗ ਕੀਤੀ ਗਈ ਅਤੇ ਹਾਜ਼ਰ ਜਨਰਲ ਹਾਊਸ ਵੱਲੋਂ ਸਰਬ ਸੰਮਤੀ ਨਾਲ ਸਾਰੇ 11 ਸੂਬਾ ਕਮੇਟੀ ਮੈਂਬਰ ਚੁਣੇ ਗਏ। ਇਹ ਜਾਣਕਾਰੀ ਦਿੰਦਿਆਂ ਸਾਬਕਾ ਸੂਬਾ ਪ੍ਰਧਾਨ ਨਰਿੰਦਰ ਮੋਹਣ ਸ਼ਰਮਾ ਨੇ ਦੱਸਿਆ ਕਿ ਇਸ ਵਾਰ ਪੰਜਾਬ ਦੇ 23 ਜਿਲਿਆਂ ਵਿੱਚੋਂ 11 ਵੱਖ-ਵੱਖ ਜਿਲਿਆਂ ਨੂੰ ਨੁਮਾਇੰਦਗੀ ਦਿੱਤੀ ਗਈ। ਇਹ ਫੈਸਲਾ ਜਨਰਲ ਹਾਊਸ ਵੱਲੋਂ ਬੜੀ ਸੂਝਬੂਝ ਅਤੇ ਸਰਬ ਸੰਮਤੀ ਨਾਲ ਲਿਆ ਗਿਆ। ਇਸ ਸਮੇਂ ਹਾਜ਼ਰ ਹੋਏ ਸਾਰੇ ਡੈਲੀਗੇਟ ਮੈਂਬਰ ਨੂੰ ਆਪਣੇ ਨੌਮੀਨੇਸ਼ਨ ਕਾਗਜ ਜਮਾ ਕਰਾਉਣ ਦਾ ਵੀ ਮੌਕਾ ਦਿੱਤਾ ਗਿਆ ਪ੍ਰੰਤੂ ਸਾਰੇ ਹਾਊਸ ਵੱਲੋਂ ਜਥੇਬੰਦੀ ਦੇ ਪੁਰਾਣੇ ਆਗੂਆਂ ਵੱਲੋਂ ਬਣਾਏ ਪੈਨਲ ਨੂੰ ਹੀ ਮਾਨਤਾ ਦਿੱਤੀ ਗਈ ਅਤੇ ਸਵਾਗਤ ਕੀਤਾ ਗਿਆ। ਇਸ ਕਮੇਟੀ ਵਿੱਚ ਪ੍ਰਧਾਨ ਸੁਖਦੀਪ ਸ਼ਰਮਾ ਫਰੀਦਕੋਟ, ਜਨਰਲ ਸਕੱਤਰ ਸੁਨੀਲ ਦੱਤ ਰੋਪੜ, ਵਿੱਤ ਸਕੱਤਰ ਮੀਨਾਕਸ਼ੀ ਧੀਰ, ਸੀਨੀਅਰ ਮੀਤ ਪ੍ਰਧਾਨ ਰਾਜ ਕੁਮਾਰ ਕੁੱਕੜ ਫਿਰੋਜ਼ਪੁਰ, ਮੀਤ ਪ੍ਰਧਾਨ ਸੁਖਮੰਦਰ ਸਿੰਘ ਸਿੱਧੂ ਬਠਿੰਡਾ, ਐਡੀਟਰ ਅਮਨਦੀਪ ਸਿੰਘ ਲੁਧਿਆਣਾ, ਮੁੱਖ ਸਲਾਹਕਾਰ ਅਮਰਿੰਦਰਜੀਤ ਸਿੰਘ ਕਪੂਰਥਲਾ, ਜੁਆਇੰਟ ਸਕੱਤਰ ਵਿਸ਼ਾਲ ਤਾਇਲ ਮਾਨਸਾ, ਆਰਗੇਨਾਈਜਿੰਗ ਸਕੱਤਰ ਬਲਵਿੰਦਰ ਸਿੰਘ ਹੁਸ਼ਿਆਰਪੁਰ, ਪ੍ਰੈਸ ਸਕੱਤਰ ਦੀਪਾਂਜਲੀ ਭੱਟੀ ਮੁਕਤਸਰ ਅਤੇ ਪ੍ਰਾਪੇਗੰਡਾ ਸਕੱਤਰ ਮਲਕੀਤ ਸਿੰਘ ਫਾਜਿਲਕਾ ਚੁਣੇ ਗਏ। ਚੋਣ ਮੌਕੇ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਸੁਖਦੀਪ ਸ਼ਰਮਾ ਨੇ ਸਮੁੱਚੇ ਸਾਥੀਆਂ ਨੂੰ ਨਾਲ ਲੈ ਕੇ ਫਾਰਮੇਸੀ ਅਫਸਰਾਂ, ਸੀਨੀਅਰ ਫਾਰਮੇਸੀ ਅਫਸਰਾਂ ਅਤੇ ਚੀਫ ਫਾਰਮੇਸੀ ਅਫਸਰਾਂ ਦੀਆਂ ਅਸਾਮੀਆਂ ਵਿੱਚ ਵਾਧਾ ਕਰਨ ਦੀ ਗੱਲ ਸਰਕਾਰ ਨਾਲ ਨਾਲ ਉਠਾਈ ਜਾਵੇਗੀ ਕਿਉਂਕਿ ਪਿਛਲੇ ਸਮੇਂ ਵਿੱਚ ਸੂਬਾ ਵਾਸੀਆਂ ਦੀ ਗਿਣਤੀ ਵਧਣ ਦੇ ਨਾਲ ਨਾਲ ਮਰੀਜ਼ਾਂ ਅਤੇ ਦਵਾਈਆਂ ਦੀ ਗਿਣਤੀ ਵਿੱਚ ਬੇਸੁਮਾਰ ਵੱਧਦਾ ਹੋਇਆ ਜਿਸ ਕਰਕੇ ਸਰਕਾਰ ਵੱਲੋਂ ਵੱਖ ਵੱਖ ਸਮੇਂ ਕਈ ਤਰ੍ਹਾਂ ਦੀਆਂ ਨਵੀਆਂ ਸਕੀਮਾਂ ਚਲਾਈਆਂ ਗਈਆਂ ਪਰ ਪਿਛਲੇ ਲਗਭਗ 35 ਸਾਲਾਂ ਤੋਂ ਫਾਰਮੇਸੀ ਅਫਸਰਾਂ, ਸੀਨੀਅਰ ਫਾਰਮੇਸੀ ਅਫਸਰਾਂ ਅਤੇ ਚੀਫ ਫਾਰਮੇਸੀ ਅਫਸਰਾਂ ਦੀਆਂ ਅਸਾਮੀਆਂ ਵਿੱਚ ਕੋਈ ਵਾਧਾ ਨਹੀਂ ਹੋਇਆ ਅਤੇ ਜੋ ਮੌਜੂਦਾ ਅਸਾਮੀਆਂ ਹਨ ਉਹਨਾਂ ਵਿੱਚ ਵੀ ਲਗਭਗ 50% ਤੋਂ ਵੱਧ ਖਾਲੀ ਪਈਆਂ ਹਨ। ਜਿਸ ਨਾਲ ਸਮੁੱਚੇ ਕੇਡਰ ਤੇ ਕੰਮ ਦਾ ਬਹੁਤ ਜਿਆਦਾ ਬੋਝ ਹੈ ਪਰੰਤੂ ਸਰਕਾਰ ਵੱਲੋਂ ਨਵ ਨਿਯੁਕਤ ਹੋਣ ਵਾਲੇ ਫਾਰਮੇਸੀ ਅਫਸਰਾਂ ਨੂੰ ਨਗੁਣੀਆਂ ਤਨਖਾਹਾਂ ਤੇ ਰੱਖਿਆ ਜਾ ਰਿਹਾ ਹੈ। ਇਸ ਲਈ ਜਥੇਬੰਦੀ ਵੱਲੋਂ ਮੰਗਾਂ ਮਨਵਾਉਣ ਲਈ ਸਰਕਾਰ ਨਾਲ ਗੱਲਬਾਤ ਕੀਤੀ ਜਾਵੇਗੀ ਪ੍ਰੰਤੂ ਜੇਕਰ ਸਰਕਾਰ ਨੇ ਹਾਂ ਪੱਖੀ ਹੁੰਗਾਰਾ ਨਾ ਦਿੱਤਾ ਤਾਂ ਜਥੇਬੰਦੀ ਸੰਘਰਸ਼ ਕਰਨ ਲਈ ਮੰਜਬੂਰ ਹੋਵੇਗੀ। ਸਾਥੀ ਸ਼ਰਮਾ ਨੇ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦਾ 18% ਡੀਏ ਸਮੇਂ ਸਿਰ ਨਾ ਦੇਣ ਦੀ ਵੀ ਨਿਖੇਧੀ ਕੀਤੀ ਅਤੇ ਅਦਾਲਤ ਦੇ ਫੈਸਲੇ ਨੂੰ ਮੰਨਦੇ ਹੋਏ ਤੁਰੰਤ ਪੰਜਾਬ ਸਰਕਾਰ ਵੱਲੇ ਮੁਲਾਜ਼ਮਾਂ ਨੂੰ ਕੇਂਦਰ ਸਰਕਾਰ ਦੇ ਮੁਲਾਜ਼ਮਾਂ ਦੇ ਬਰਾਬਰ 60% ਡੀਏ ਦੇਣ ਦੀ ਮੰਗ ਕੀਤੀ।

# ਚਰਨਜੀਤ ਸਿੰਘ ਚੰਨਾ ਚੀਮਾ ਬਣੇ ਟਰੱਕ ਯੂਨੀਅਨ ਸੰਦੌੜ ਦੇ ਪ੍ਰਧਾਨ




ਗੁਰਤੇਜ ਜੋਸ਼ੀ ਸੰਦੌੜ, /ਮਲੇਰਕੋਟਲਾ 02 ਜੂਨ । ਸੀਨੀਅਰ ਆਪ ਆਗੂ ਅਤੇ ਟਰੱਕ ਯੂਨੀਅਨ ਸੰਦੌੜ ਦੇ ਮੀਤ ਪ੍ਰਧਾਨ ਚਰਨਜੀਤ ਸਿੰਘ ਚੀਮਾ ਨੂੰ ਟਰੱਕ ਯੂਨੀਅਨ ਸੰਦੌੜ ਦਾ ਨਵਾਂ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਚਰਨਜੀਤ ਸਿੰਘ ਚੀਮਾ ਦੇ ਅਹੁਦਾ ਸੰਭਾਲਣ ਮੌਕੇ ਵਿਸੇਸ ਤੌਰ ਤੇ ਪਹੁੰਚੇ ਹਲਕਾ ਮਾਲੇਰਕੋਟਲਾ ਦੇ ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਪ੍ਰਧਾਨ ਬਣਨ ਤੇ ਵਧਾਈ ਦਿੱਤੀ।ਚਰਨਜੀਤ ਸਿੰਘ ਚੀਮਾ ਨੇ ਆਪਣੀ ਨਿਯੁਕਤੀ ਤੇ ਖੁਸ਼ੀ ਜਾਹਿਰ ਕਰਦੇ ਹੋਏ ਕਿਹਾ ਕਿ ਵਿਧਾਇਕ ਡਾ. ਜਮੀਲ ਉਰ ਰਹਿਮਾਨ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਵਲੋਂ ਦਿੱਤੀ ਗਈ ਇਸ ਜਿੰਮੇਵਾਰੀ ਨੂੰ ਉਹ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾ ਕੇ ਪਾਰਟੀ ਦੀ ਚੜ੍ਹਦੀ ਕਲਾ ਲਈ ਕੰਮ ਕਰਨਗੇ।

ਪ੍ਰਧਾਨ ਚਰਨਜੀਤ ਸਿੰਘ ਚੰਨਾ ਨੇ ਪਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਟਰੱਕ ਉਪਰੇਟਰਾਂ ਦੀ ਬਿਹਤਰੀ ਲਈ ਉਹ ਕੰਮ ਕਰਨਗੇ ਅਤੇ ਟਰੱਕ ਉਪਰੇਟਰਾਂ ਨੂੰ ਆਉਣ ਵਾਲੇ ਸਮੇਂ ਵਿਚ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਮੈਡਮ ਫਰਿਆਲ ਰਹਿਮਾਨ, ਏ.ਕੇ ਮੂਨਸ ਜਿਲ੍ਹਾ ਯੂਥ ਪ੍ਰਧਾਨ, ਚੇਅਰਮੈਨ ਸੰਤੋਖ ਸਿੰਘ ਦਸੌਂਧਾ ਸਿੰਘ ਵਾਲਾ, ਪੀ.ਏ ਗੁਰਮੁੱਖ ਸਿੰਘ ਖਾਨਪੁਰ,ਸਰਪੰਚ ਜੁਗਰਾਜ ਸਿੰਘ ਚੀਮਾ, ਡਾ. ਚਮਕੌਰ ਸਿੰਘ ਧਨੌਂ, ਸੁਖਦਰਸ਼ਨ ਸਿੰਘ ਮਿੱਠੇਵਾਲ, ਸਰਪੰਚ ਬਲਵੀਰ ਸਿੰਘ ਕਸਬਾ ਭੁਰਾਲ, ਸੁਖਦੇਵ ਸਿੰਘ ਚੀਮਾ, ਗੁਰਨਾਮ ਸਿੰਘ ਕਸਬਾ ਭੁਰਾਲ, ਜਰਨੈਲ ਸਿੰਘ ਬਿਸ਼ਨਗੜ੍ਹ, ਗੱਗੀ ਸੰਦੌੜ, ਹਰਮਨ ਧਲੇਰ ਖੁਰਦ, ਬਲਵੀਰ ਸਿੰਘ ਚੀਮਾ, ਅਬਦੁੱਲ ਸਕੂਰ, ਕੌਂਸਲਰ ਅਸਰਫ, ਅਸਲਮ ਭੱਟੀ ਆਦਿ ਆਗੂ ਹਾਜ਼ਰ ਸਨ।

# ਨਾਭਾ ਦੇ ਨਾਲ ਲੱਗਦੀ ਬਾਹਰੀ ਕਲੋਨੀ ਦੇ ਵਾਸੀ ਨਰਕ ਭਰੀ ਜ਼ਿੰਦਗੀ ਬਤੀਤ ਕਰ ਰਹੇ ਹਨ।

## ਜੇਕਰ ਸਾਡੀਆਂ ਮੰਗਾਂ ਜਲਦ ਪੂਰੀਆਂ ਨਾ ਕੀਤੀਆਂ ਗਈਆਂ ਤਾਂ ਤੇਜ਼ ਕਲੋਨੀ ਵਾਸੀਆਂ ਵੱਲੋਂ ਸੰਘਰਸ਼ ਵਿੱਢਿਆ ਜਾਵੇਗਾ।





ਨਾਭਾ 2 ਜੂਨ (ਅਮਨ ਗਰਗ ) ਨਾਭਾ ਦੇ ਨਾਲ ਲੱਗਦੀ ਸੰਤ ਨਗਰ, ਨਰਾਤਾ ਕਲੋਨੀ, ਏ ਵਨ ਕਲੋਨੀ ਅਤੇ ਅਸ਼ੋਕ ਵਿਹਾਰ ਕਲੋਨੀ ਦੇ ਵਸਨੀਕ ਪਿਛਲੇ 25 ਤੋਂ 30 ਸਾਲਾਂ ਤੋਂ ਨਰਕ ਭਰੀ ਜ਼ਿੰਦਗੀ ਬਤੀਤ ਕਰ ਰਹੇ ਹਨ। ਇਸ ਮੌਕੇ ਕਲੋਨੀ ਵਾਸੀਆਂ ਵੱਲੋਂ ਉਸ ਸਮੇਂ ਦੀਆਂ ਸਰਕਾਰਾਂ ਨੂੰ ਕਈ ਅਪੀਲਾਂ ਕੀਤੀਆਂ ਗਈਆਂ ਸਨ ਪਰ ਵੋਟਾਂ ਵੇਲੇ ਸਰਕਾਰ ਆਪਣੇ ਹਿੱਤਾਂ ਦੀ ਪੂਰਤੀ ਕਰਕੇ ਵੋਟਾਂ ਹਥਿਆ ਲੈਂਦੀ ਹੈ। ਵਾਅਦੇ ਤਾਂ ਬਹੁਤ ਕੀਤੇ ਜਾਂਦੇ ਹਨ ਪਰ ਸਥਿਤੀ ਵੱਲ ਕੋਈ ਧਿਆਨ ਨਹੀਂ ਦਿੰਦਾ। ਇਸ ਸਬੰਧੀ ਸੰਤ ਨਗਰ ਨਿਵਾਸੀਆਂ ਅਤੇ ਹੋਰ ਕਲੋਨੀ ਵਾਸੀਆਂ ਨੇ ਰਾਧੇ ਸ਼ਿਆਮ ਝਾਅ, ਸਲੀਮ, ਰਾਮਾ, ਨਾਇਕ, ਲੱਕੀ, ਅਖਿਲੇਸ਼ ਭਾਰਦਵਾਜ ਅਤੇ ਵੱਡੀ ਗਿਣਤੀ ਵਿੱਚ ਮੁਹੱਲਾ ਨਿਵਾਸੀਆਂ ਨਾਲ ਮਿਲ ਕੇ ਇੱਕ ਮੀਟਿੰਗ ਕੀਤੀ ਜਿਸ ਵਿੱਚ ਫੈਸਲਾ ਕੀਤਾ ਗਿਆ ਕਿ ਜੇਕਰ ਮੌਜੂਦਾ ਸਰਕਾਰ ਨੇ ਸਾਡੀਆਂ ਕਲੋਨੀਆਂ ਵੱਲ ਕੋਈ ਧਿਆਨ ਨਾ ਦਿੱਤਾ ਤਾਂ ਸਰਕਾਰ ਦਾ ਮੁਕੰਮਲ ਬਾਈਕਾਟ ਕੀਤਾ ਜਾਵੇਗਾ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਕੋਈ ਵੀ ਇੱਕ ਧਿਰ ਨਹੀਂ ਬਲਕਿ ਸਾਰੀਆਂ ਪਾਰਟੀਆਂ ਦਾ ਵੀ ਬਾਈਕਾਟ ਕੀਤਾ ਜਾਵੇਗਾ। ਕਰੀਬ 7000 ਕਲੋਨੀ ਵਾਸੀਆਂ ਨੂੰ ਵੋਟਾਂ ਪਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਪਿਛਲੇ 25-30 ਸਾਲਾਂ ਤੋਂ ਅਸੀਂ ਨਰਕ ਭਰੀ ਜ਼ਿੰਦਗੀ ਬਤੀਤ ਕਰ ਰਹੇ ਹਾਂ।

ਸਾਡੀ ਕਲੋਨੀ ਵਿੱਚ ਪੀਣ ਵਾਲੇ ਪਾਣੀ, ਸੀਵਰੇਜ, ਸੜਕਾਂ ਜਾਂ ਲਾਈਟਾਂ ਦਾ ਕੋਈ ਪ੍ਰਬੰਧ ਨਹੀਂ ਹੈ। ਕਲੋਨੀ ਦੇ ਵਾਸੀ ਨਰਕ ਤੋਂ ਵੀ ਭੈੜੀ ਜ਼ਿੰਦਗੀ ਬਤੀਤ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਆਗੂ ਆ ਕੇ ਵਾਅਦੇ ਕਰਦੇ ਹਨ ਪਰ ਉਹ ਕਦੇ ਪੂਰੇ ਨਹੀਂ ਹੁੰਦੇ। ਕਲੋਨੀ ਵਾਸੀਆਂ ਨੇ ਮੰਗ ਕੀਤੀ ਹੈ ਕਿ ਸਾਡੀਆਂ ਕਲੋਨੀਆਂ ਨੂੰ ਪੰਚਾਇਤੀ ਹੱਦ ਅੰਦਰ ਸ਼ਾਮਲ ਕੀਤਾ ਜਾਵੇ ਅਤੇ ਸਾਨੂੰ ਵੀ ਸਾਰੀਆਂ ਸਹੂਲਤਾਂ ਦਿੱਤੀਆਂ ਜਾਣ। ਉਨ੍ਹਾਂ ਕਿਹਾ ਕਿ ਜੇਕਰ ਸਾਡੀਆਂ ਮੰਗਾਂ ਜਲਦੀ ਪੂਰੀਆਂ ਨਾ ਕੀਤੀਆਂ ਗਈਆਂ ਤਾਂ ਅਸੀਂ ਮਰਨ ਵਰਤ 'ਤੇ ਬੈਠਾਂਗੇ ਜਿਸ ਲਈ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਜ਼ਿੰਮੇਵਾਰ ਹੋਵੇਗੀ | ਉਨ੍ਹਾਂ ਕਿਹਾ ਕਿ ਸਾਡੀ ਇਸ ਮੰਗ ਨੂੰ ਜਲਦੀ ਤੋਂ ਜਲਦੀ ਪੂਰਾ ਕੀਤਾ ਜਾਵੇ। ਇਸ ਮੌਕੇ ਕਲੋਨੀ ਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਇਸ ਮੌਕੇ ਸਮੂਹ ਕਲੋਨੀ ਵਾਸੀਆਂ ਨੇ ਮਿਲ ਕੇ ਇੱਕ ਮਤਾ ਪਾਸ ਕੀਤਾ ਜਿਸ ਵਿੱਚ ਸਾਰੇ ਵਿਭਾਗਾਂ ਦੇ ਉੱਚ ਅਧਿਕਾਰੀਆਂ ਨੂੰ ਮੰਗ ਪੱਤਰ ਦਿੱਤੇ ਜਾਣਗੇ ਤਾਂ ਜੋ ਸਾਡੇ ਮੰਗ ਪੱਤਰ 'ਤੇ ਜਲਦ ਤੋਂ ਜਲਦ ਕਾਰਵਾਈ ਕੀਤੀ ਜਾ ਸਕੇ।

# ਅਨ ਏਡਿਡ ਅਧਿਆਪਕਾ ਵੱਲੋਂ ਸਰਕਾਰ ਵਿਰੁੱਧ ਸੰਘਰਸ਼ ਤੇਜ਼ ਕਰਨ ਦੀ ਚਿਤਾਵਨੀ - ਜਹਾਂਗੀਰ



ਧੂਰੀ 2 ਜੂਨ ( ਸੁਰਿੰਦਰ ਸਿੰਘ ) ਅਨ ਏਡਿਡ ਅਧਿਆਪਕ ਫ਼ਰੰਟ(ਏਡਿਡ ਸਕੂਲ )ਪੰਜਾਬ ਵਲੋਂ ਅੱਜ ਧੂਰੀ ਦੇ ਰਾਮਬਾਗ ਵਿਚ ਇਕ ਹੰਗਾਮੀ ਮੀਟਿੰਗ ਕੀਤੀ ਗਈ ਜਿਸ ਦੀ ਅਗਵਾਈ ਸਟੇਟ ਪ੍ਰਧਾਨ ਨਿਰਭੈ ਸਿੰਘ ਜਹਾਂਗੀਰ ਅਤੇ ਉਪ ਪ੍ਰਧਾਨ ਸੁਖਚੈਨ ਸਿੰਘ ਜੌਹਲ ਨੇ ਕੀਤੀ ਜਿਸ ਵਿਚ ਪੰਜਾਬ ਫ਼ਰੰਟ ਦੇ ਸਮੂਹ ਜਿਲ੍ਹਾ ਪ੍ਰਧਾਨਾਂ ਨੇ ਸਮੂਲੀਅਤ ਕੀਤੀ ।ਇਸ ਮੌਕੇ ਸਟੇਟ ਪ੍ਰਧਾਨ ਨੇ ਦੱਸਿਆ ਕਿ ਅੱਜ ਦੀ ਇਸ ਮੀਟਿੰਗ ਦਾ ਮੁੱਖ ਮੁੱਦਾ 4 ਜੂਨ ਦੀ ਸਬ ਕਮੇਟੀ ਨਾਲ ਮੀਟਿੰਗ ਸਬੰਧੀ ਰਣਨੀਤੀ ਬਣਾਉਣਾ ਹੈ ਜਿਸ ਦੀ ਅਗਵਾਈ ਵਿਤ ਮੰਤਰੀ ਹਰਪਾਲ ਸਿੰਘ ਚੀਮਾ ਕਰਨਗੇ ।ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਵਿਚ ਲੱਗਭਗ 469 ਏਡਿਡ ਸਕੂਲ ਹਨ ਜੋ ਗਰੀਬ ਪਰਿਵਾਰਾਂ ਦੇ ਹਜ਼ਾਰਾਂ ਬੱਚਿਆਂ ਨੂੰ ਪੜ੍ਹਾ ਕੇ ਉਨ੍ਹਾਂ ਦਾ ਭਵਿੱਖ ਸਵਾਰ ਰਹੇ ਹਨ ਪਰ ਇਨ੍ਹਾਂ ਸਕੂਲਾਂ ਦੇ ਅਧਿਆਪਕ ਮਾਮੂਲੀ ਤਨਖਾਹਾਂ ਤੇ ਸੇਵਾ ਨਿਭਾ ਕੇ ਇਨ੍ਹਾਂ ਸਕੂਲਾਂ ਨੂੰ ਬੰਦ ਹੋਣ ਤੇ ਬਚਾ ਰਹੇ ਹਨ। ਉਨ੍ਹਾਂ ਅੱਗੇ ਦੱਸਿਆ ਕਿ ਅੱਜ ਦੀ ਮੀਟਿੰਗ ਦਾ ਮੁੱਖ ਮੁੱਦਾ ਇਸ ਵਾਰ ਸਰਕਾਰ ਨੂੰ ਸਪਸ਼ਟ ਸ਼ਬਦਾਂ ਵਿਚ ਸੰਦੇਸ਼ ਦੇਣਾ ਹੈ ਕਿ ਜੇਕਰ ਸਰਕਾਰ ਫਰੰਟ ਦੀਆਂ ਮੰਗਾਂ ਨੂੰ ਅਮਲੀ ਜਾਮਾ ਨਹੀਂ ਪਹਿਨਾਉਦੀ ਤਾ ਸੰਘਰਸ਼ ਨੂੰ ਸੂਬਾ ਪੱਧਰ ਤੇ ਕਰਕੇ ਸਰਕਾਰ ਦਾ ਪੂਰੇ ਪੰਜਾਬ ਵਿਚ ਵਿਰੋਧ ਕੀਤਾ ਜਾਵੇਗਾ। ਉਨ੍ਹਾਂ ਅੱਗੇ ਦੱਸਿਆ ਕਿ ਸਾਨੂੰ ਉਮੀਦ ਹੈ ਕਿ ਇਸ ਵਾਰ ਸਬ ਕਮੇਟੀ ਅਨ ਏਡਿਡ ਅਧਿਆਪਕਾ ਪ੍ਰਤੀ ਸਕਾਰਾਤਮਕ ਫੈਸਲਾ ਲੈਵੇਗੀ ਇਸ ਤੋਂ ਬਾਅਦ ਇਹ ਵੀ ਫੈਸਲਾ ਵੀ ਕੀਤਾ ਗਿਆ ਜੇਕਰ ਇਸ ਵਾਰ ਦੀ ਮੀਟਿੰਗ ਵੀ ਪਹਿਲੀਆਂ ਮੀਟਿੰਗਾ ਵਾਂਗ ਬੇਸਿੱਟਾ ਰਹਿੰਦੀ ਹੈ ਤਾਂ ਆਉਣ ਵਾਲੀ 9 ਜੂਨ ਨੂੰ ਮੁੱਖ ਮੰਤਰੀ ਨਿਵਾਸ ਸੰਗਰੂਰ ਵੱਲ ਕੂਚ ਕਰਕੇ ਰੋਸ ਪ੍ਰਦਰਸ਼ਨ ਕਰਕੇ ਧਰਨਾ ਲਾਇਆ ਜਾਵੇਗਾ । ਇਸ ਮੌਕੇ ਪੂਰੇ ਪੰਜਾਬ ਫ਼ਰੰਟ ਵੱਲੋਂ ਸੰਘਰਸ਼ ਲਈ ਤਿਆਰ ਰਹਿਣ ਦਾ

# ਕਿਸਾਨਾਂ ਨੂੰ ਸਮਰਥਨ ਮੁੱਲ ਨਾਲ ਫਸਲੀ ਵਿਭਿੰਨਤਾ ਅਤੇ ਮਜਦੂਰਾਂ ਲਈ ਮਨਰੇਗਾ ਤਹਿਤ ਸਾਲ ਭਰ ਕੰਮ ਦੀ ਮੰਗ- ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ। ਜੂਨ 84 ਦੇ ਘੱਲੂਘਾਰੇ ਦੀ ਨਿਰਪੱਖ ਜਾਂਚ ਅਤੇ ਜਿੰਮੇਵਾਰ ਹਾਕਮਾਂ ਨੂੰ ਬਣਦੀਆਂ ਸਜਾਵਾਂ ਦਿੱਤੀਆਂ ਜਾਣ। ਨਿਰਦੇਸ਼ ਸਿੱਖਾਂ ਦੀ ਕਾਤਲ ਇੰਦਰਾ ਗਾਂਧੀ ਤੋਂ ਭਾਰਤ ਰਤਨ ਵਾਪਸ ਲਿਆ ਜਾਵੇ।

Desi Punjab YouTube www.desipunjab.in

ਚੰਡੀਗੜ੍ਹ-: 2 ਜੂਨ () ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਵੱਲੋਂ ਲੋਕ ਸੰਘਰਸ਼ ਦਾ ਆਗਾਜ ਕਰਦਿਆਂ ਜੋ ਵੱਖ-ਵੱਖ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਰਾਹੀਂ ਪੰਜਾਬ ਦੇ ਰਾਜਪਾਲ ਨੂੰ ਮੰਗ ਪੱਤਰ ਸੌਂਪਣ ਦਾ ਪ੍ਰੋਗਰਾਮ ਉਲੀਕਿਆ ਸੀ, ਉਸ ਦੇ ਤਹਿਤ ਅੱਜ ਬਾਕੀ ਰਹਿੰਦੇ ਗਿਆਰਾਂ ਜਿਲਿਆਂ ਵਿੱਚ ਵੀ ਮੰਗ ਪੱਤਰ ਸੌਂਪੇ ਗਏ। ਇਸ ਵਿੱਚ ਉਹ ਮੁੱਦੇ ਉਠਾਏ ਗਏ ਹਨ ਜਿਨ੍ਹਾਂ ਨੇ ਦਹਾਕਿਆਂ ਤੋਂ ਪੰਜਾਬ ਦੀ ਮਾਨਸਿਕਤਾ ਨੂੰ ਜਖਮੀ, ਆਰਥਿਕਤਾ ਨੂੰ ਕਮਜ਼ੋਰ ਕਰਕੇ ਪੰਥ ਅਤੇ ਪੰਜਾਬ ਦੇ ਲੋਕਾਂ ਖਾਸ ਕਰਕੇ ਨੌਜਵਾਨਾਂ ਦਾ ਵਿਸ਼ਵਾਸ ਤੋੜਿਆ ਹੈ। ਦਸ ਮੰਗਾਂ ਦੇ ਇਸ ਚਾਰਟਰ ਵਿੱਚ ਸ਼ਾਮਿਲ ਹਨ; ਜਲਦਬਾਜ਼ੀ ਵਿੱਚ ਪਾਸ ਕੀਤੇ ਖ਼ਾਮੀਆਂ ਭਰੇ ਬੇਅਦਬੀ ਕਾਨੂੰਨ ਵਿੱਚ ਸੋਧਾਂ ਕਰਾਉਣਾ, 14 ਸਾਲਾਂ ਤੋਂ ਨਾ ਹੋਈਆਂ SGPC ਚੋਣਾਂ ਤੁਰੰਤ ਕਰਵਾਉਣਾ, ਕਿਸਾਨਾਂ ਲਈ ਸਾਰੀਆਂ ਫਸਲਾਂ ਤੇ ਸਮਰਥਨ ਮੁੱਲ, ਮਜਦੂਰਾਂ ਲਈ ਮਨਰੇਗਾ ਤਹਿਤ ਸਾਲ ਭਰ ਕੰਮ ਦੇ ਕੇ ਉਹਨਾਂ ਦੀ ਆਰਥਿਕ ਹਾਲਤ ਸੁਧਾਰਨਾ, ਸੱਠ ਸਾਲਾਂ ਤੋਂ ਬਿਨਾਂ ਮੁਆਵਜ਼ੇ ਤੋਂ ਗੁਆਂਢੀ ਸੂਬਿਆਂ ਨੂੰ ਦਿੱਤੇ ਜਾ ਰਹੇ ਦਰਿਆਈ ਪਾਣੀਆਂ ਦਾ ਮਸਲਾ, ਸਜ਼ਾ ਕੱਟ ਚੁਕੇ ਬੰਦੀ ਸਿੰਘਾਂ ਨੂੰ ਰਿਹਾ ਕਰਵਾਉਣਾ, ਜੂਨ 1984 ਦੇ ਘੱਲੂਘਾਰੇ ਦੀ ਜਾਂਚ ਅਤੇ ਜਿੰਮੇਵਾਰ ਹਾਕਮਾਂ ਨੂੰ ਸਜਾ ਦੁਆਉਣ ਦੇ ਨਾਲ-ਨਾਲ ਇੰਦਰਾ ਗਾਂਧੀ ਤੋਂ ਭਾਰਤ ਰਤਨ ਵਾਪਸ ਕਰਵਾਉਣ ਅਤੇ ਬੰਦ ਪਏ ਸ੍ਰੀ ਕਰਤਾਰਪੁਰ ਸਾਹਿਬ ਕਾਰੀਡੋਰ ਨੂੰ ਖੋਲ੍ਹਣ ਬਾਰੇ ਵਿਸਥਾਰਤ ਜ਼ਿਕਰ ਕੀਤਾ ਗਿਆ ਹੈ।

ਵੱਖ-ਵੱਖ ਜ਼ਿਲ੍ਹਿਆਂ ਦੇ ਅੱਜ ਦੇ ਪ੍ਰੋਗਰਾਮ ਤਹਿਤ ਲੁਧਿਆਣਾ ਜਿਲੇ ਵਿੱਚ ਮੰਗ ਪੱਤਰ ਦੇਣ ਲਈ ਸੀਨੀਅਰ ਆਗੂਆਂ ਵਿੱਚ ਸ ਸੰਤਾ ਸਿੰਘ ਉਮੈਦਪੁਰੀ, ਸ ਭਰਪੂਰ ਸਿੰਘ ਧਾਂਦਰਾ, ਸ ਜਸਵੰਤ ਸਿੰਘ ਪੁੜੈਣ ਦੇ ਨਾਲ ਕਈ ਜਿਲ੍ਹਾ ਪੱਧਰੀ ਆਗੂ ਅਤੇ ਵਰਕਰ ਸ਼ਾਮਲ ਹੋਏ। ਜਲੰਧਰ ਵਿੱਚ ਮੰਗ ਪੱਤਰ ਦੇਣ ਲਈ ਸ ਗੁਰਪ੍ਰਤਾਪ ਸਿੰਘ ਵਡਾਲਾ, ਸਰਵਨ ਸਿੰਘ ਫਿਲੌਰ, ਬੀਬੀ ਹਰਜੀਤ ਕੌਰ ਤਲਵੰਡੀ ਅਤੇ ਸ ਜਗਜੀਤ ਸਿੰਘ ਗਾਬਾ ਦੇ ਨਾਲ ਜਿਲ੍ਹੇ ਦੀ ਸਾਰੀ ਲੀਡਰਸ਼ਿਪ ਹਾਜਰ ਸੀ। ਅੰਮ੍ਰਿਤਸਰ ਤੋਂ ਮੰਗ ਪੱਤਰ ਦੇਣ ਵਾਲਿਆਂ ਵਿੱਚ ਸੀਨੀਅਰ ਆਗੂ ਸ ਅਜੇਪਾਲ ਸਿੰਘ ਮੀਰਾਂਕੋਟ, ਜਿਲ੍ਹਾ



ਪ੍ਰਧਾਨ ਦਲਜਿੰਦਰਬੀਰ ਸਿੰਘ ਵਿਰਕ ਅਤੇ ਮਨਿੰਦਰ ਸਿੰਘ ਧੁੰਨਾ ਸਮੇਤ ਭਾਰੀ ਗਿਣਤੀ ਵਿੱਚ ਆਗੂ ਅਤੇ ਵਰਕਰ ਸ਼ਾਮਲ ਹੋਏ। ਜ਼ਿਲ੍ਹਾ ਪਠਾਨਕੋਟ ਵਿੱਚ ਸ ਸੁੱਚਾ ਸਿੰਘ ਛੋਟੇਪੁਰ ਦੇ ਨਾਲ ਜ਼ਿਲ੍ਹਾ ਪ੍ਰਧਾਨ ਸ ਹਰੀ ਸਿੰਘ ਪੁਰੇਵਾਲ, ਸ ਮਨਜੀਤ ਸਿੰਘ ਰਾਣੀਪੁਰ ਸਮੇਤ ਸਾਰੇ ਜਿਲ੍ਹੇ ਦੇ ਆਗੂ ਅਤੇ ਭਾਰੀ ਗਿਣਤੀ ਵਿੱਚ ਹਾਜਰ ਵਰਕਰਾਂ ਵੱਲੋਂ ਇਹ ਮੰਗ ਪੱਤਰ ਡੀ ਸੀ ਪਠਾਨਕੋਟ ਨੂੰ ਸੌਂਪਿਆ ਗਿਆ। ਜ਼ਿਲ੍ਹਾ ਫਤਿਹਗੜ੍ਹ ਸਾਹਿਬ ਵਿਚ ਮੰਗ ਪੱਤਰ ਸੌਂਪਣ ਵਾਲੇ ਜਥੇ ਦੀ ਅਗਵਾਈ ਜਿਲਾ ਪ੍ਰਧਾਨ ਸ ਮਨਦੀਪ ਸਿੰਘ ਤਰਖਾਣ ਮਾਜਰਾ ਨੇ ਕੀਤੀ ਜਿੰਨਾ ਦੇ ਨਾਲ ਸੀਨੀਅਰ ਆਗੂ ਜਸਟਿਸ ਨਿਰਮਲ ਸਿੰਘ, ਸ ਰਣਬੀਰ ਸਿੰਘ ਪੂਨੀਆਂ, ਸ ਗੁਰਜੀਤ ਸਿੰਘ ਤਲਵੰਡੀ ਸਮੇਤ ਸਾਰੇ ਜਿਲੇ ਦੇ ਆਗੂ ਅਤੇ ਸਰਕਲ ਪ੍ਰਧਾਨ ਹਾਜਰ ਸਨ।

ਰੋਪੜ ਵਿੱਚ ਜਥੇ ਦੀ ਅਗਵਾਈ ਜਿਲਾ ਪ੍ਰਧਾਨ ਗੁਰਮੀਤ ਮਕੜੌਨਾ ਨੇ ਕੀਤੀ ਜਿੰਨਾ ਦੇ ਨਾਲ ਸ ਸੁਖਵਿੰਦਰ ਸਿੰਘ ਮੁੰਡੀਆ, ਸ ਹਰਬੰਸ ਸਿੰਘ ਕੰਧੋਲਾ, ਸ ਹਰਜਿੰਦਰ ਸਿੰਘ ਜਿੰਦੀ ਸਮੇਤ ਸਾਰੀ ਜਿਲ੍ਹਾ ਜਥੇਬੰਦੀ ਸ਼ਾਮਿਲ ਹੋਈ। ਹੁਸ਼ਿਆਰਪੁਰ ਵਿੱਚ ਜਿਲ੍ਹਾ ਪ੍ਰਧਾਨ ਸ ਮਨਜੀਤ ਸਿੰਘ ਦਸੂਹਾ ਦੀ ਅਗਵਾਈ ਹੇਠ ਸਮੂਹ ਜਿਲ੍ਹਾ ਜਥੇਬੰਦੀ ਦੇ ਆਗੂਆਂ ਅਤੇ ਵਰਕਰਾਂ ਨੇ ਇਹ ਮੰਗ ਪੱਤਰ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਨੂੰ ਦਿੱਤਾ ਗਿਆ। ਤਰਨਤਾਰਨ ਜਿਲ੍ਹੇ ਵਿੱਚ ਜਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਠਰੂ ਦੀ ਅਗਵਾਈ ਹੇਠ ਦਿੱਤੇ ਗਏ ਮੰਗ ਪੱਤਰ ਦੌਰਾਨ ਸੀਨੀਅਰ ਆਗੂ ਭਾਈ ਮਨਜੀਤ ਸਿੰਘ, ਸ ਹੀਰਾ ਸਿੰਘ, ਸ ਨਰਿੰਦਰ ਸਿੰਘ ਆਦਿ ਮੌਜੂਦ ਸਨ।

ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਆਗੂਆਂ ਦਾ ਕਹਿਣਾ ਸੀ ਕਿ ਪੰਜਾਬ ਉਮੀਦ ਕਰਦਾ ਹੈ ਕਿ ਗਵਰਨਰ ਸਾਹਿਬ ਇਹ ਚਾਰਟਰ ਦੀਆਂ ਮੰਗਾਂ ਆਪਣੇ ਤੌਰ ਤੇ ਹੱਲ ਕਰਨ ਤੋਂ ਅੱਗੇ ਭਾਰਤ ਦੇ ਮਾਣਯੋਗ ਰਾਸ਼ਟਰਪਤੀ ਅਤੇ ਗ੍ਰਹਿ ਮੰਤਰਾਲੇ ਤੱਕ ਹਮਦਰਦੀ ਨਾਲ ਪਹੁੰਚਾ ਕੇ ਹੱਲ ਕਰਵਾਉਣਗੇ। ਅੱਜ ਜਿੰਨਾਂ ਜਿਲ੍ਹਿਆਂ ਵਿੱਚ ਅੱਜ ਮੰਗ ਪੱਤਰ ਦਿੱਤੇ ਗਏ ਉਹਨਾਂ ਵਿੱਚ ਫਤਿਹਗੜ੍ਹ ਸਾਹਿਬ, ਲੁਧਿਆਣਾ, ਰੋਪੜ, ਨਵਾਂਸ਼ਹਿਰ, ਜਲੰਧਰ, ਹੁਸ਼ਿਆਰਪੁਰ, ਪਠਾਨਕੋਟ, ਅੰਮ੍ਰਿਤਸਰ, ਤਰਨ ਤਾਰਨ ਅਤੇ ਮੋਗਾ ਜਿਲ੍ਹੇ ਸ਼ਾਮਿਲ ਹਨ। ਮੰਗ ਪੱਤਰ ਵਿੱਚ ਇਹ ਚਿਤਾਵਨੀ ਦਿੱਤੀ ਗਈ ਹੈ ਕਿ ਜੇਕਰ ਇਹਨਾਂ ਮੰਗਾਂ ਉਤੇ ਹਮਦਰਦੀ ਨਾਲ ਵਿਚਾਰ ਕਰਕੇ ਪੰਥ ਪੰਜਾਬ ਦੀ ਜਖਮੀ ਮਾਨਸਿਕਤਾ 'ਤੇ ਮੱਲ੍ਹਮ ਨਹੀਂ ਲਾਈ ਜਾਂਦੀ ਤਾਂ ਇਹਨਾਂ ਮੰਗਾਂ ਨੂੰ ਪੂਰਾ ਕਰਵਾਉਣ ਲਈ ਸੰਗਤਾਂ ਦੇ ਸਹਿਯੋਗ ਨਾਲ ਜੋਰਦਾਰ ਸੰਘਰਸ਼ ਵਿੱਢਿਆ ਜਾਵੇਗਾ। ਤਾਂ ਜੋ ਲੰਬੇ ਸਮੇਂ ਤੋਂ ਲਟਕਦੇ ਮਸਲਿਆਂ ਨੂੰ ਹੱਲ ਕਰਾਇਆ ਜਾ ਸਕੇ। ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਦੁਆਰਾ ਪ੍ਰੈੱਸ ਦੇ ਨਾਮ ਜਾਰੀ ਕੀਤਾ ਗਿਆ।

## ਦਲਿਤ ਪਰਿਵਾਰਾਂ ਨੂੰ ਚਾਰਾ ਅਤੇ ਠੇਕੇ ਦੀ ਜ਼ਮੀਨ ਤੋਂ ਵਾਂਝਾ ਰੱਖਣਾ ਮਨੁੱਖੀ ਅਧਿਕਾਰਾਂ ਦੀ ਘੋਰ ਉਲੰਘਣਾ: ਕੈਂਥ ਅਣ-ਐਲਾਨਿਆ ਸਮਾਜਿਕ ਬਾਈਕਾਟ ਅਤੇ ਸ਼ਾਮਲਾਟ ਜ਼ਮੀਨ ਤੋਂ ਵਾਂਝਾ ਰੱਖਣਾ ਸੰਵਿਧਾਨਕ ਹੱਕਾਂ 'ਤੇ ਸਿੱਧਾ ਹਮਲਾ ਕੈਂਥ

Desi Punjab YouTube www.desipunjab.in



ਨਾਭਾ, 2 ਜੂਨ: (ਅਮਨ ਗਰਗ ) ਆਜ਼ਾਦੀ ਦੇ 79 ਸਾਲਾਂ ਬਾਅਦ ਵੀ ਅਨੁਸੂਚਿਤ ਜਾਤੀਆਂ ਨੂੰ ਆਪਣੇ ਜ਼ਮੀਨੀ ਅਤੇ ਸੰਵਿਧਾਨਕ ਹੱਕਾਂ ਲਈ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ। ਨਾਭਾ ਵਿਧਾਨ ਸਭਾ ਹਲਕੇ ਦੇ ਪਿੰਡ ਚੱਠੇ ਵਿੱਚ ਦਲਿਤ ਪਰਿਵਾਰਾਂ ਨਾਲ ਹੋ ਰਹੇ ਕਥਿਤ ਸਮਾਜਿਕ ਅਤੇ ਆਰਥਿਕ ਬਾਈਕਾਟ, ਸ਼ਾਮਲਾਟ ਜ਼ਮੀਨ ਦੇ ਹੱਕਾਂ ਤੋਂ ਵਾਂਝਾ ਰੱਖਣ ਅਤੇ ਪੰਚਾਇਤੀ ਜ਼ਮੀਨ ਉੱਤੇ ਨਾਜਾਇਜ਼ ਕਬਜ਼ਿਆਂ ਦੇ ਮਾਮਲੇ ਨੂੰ ਗੰਭੀਰ ਕਰਾਰ ਦਿੰਦਿਆਂ ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ ਪੰਜਾਬ ਦੇ ਮੀਤ ਪ੍ਰਧਾਨ ਪਰਮਜੀਤ ਸਿੰਘ ਕੈਂਥ ਨੂੰ ਹਰਮੀਤ ਸਿੰਘ ਦੁਆਰਾ ਭੇਜੀ ਡਿਪਟੀ ਕਮਿਸ਼ਨਰ ਪਟਿਆਲਾ ਕੋਲ ਲਿਖਤੀ ਸ਼ਿਕਾਇਤ ਪ੍ਰਾਪਤ ਹੋਈ ਹੈ। ਪਿੰਡ ਦਾ ਦੌਰਾ ਕਰਨ ਉਪਰੰਤ ਪਰਮਜੀਤ ਸਿੰਘ ਕੈਂਥ ਨੇ ਕਿਹਾ ਕਿ ਪਿੰਡ ਦੀ ਲਗਭਗ 115 ਏਕੜ ਪੰਚਾਇਤੀ ਸ਼ਾਮਲਾਟ ਜ਼ਮੀਨ ਵਿੱਚੋਂ ਅਨੁਸੂਚਿਤ ਜਾਤੀਆਂ ਲਈ ਰਾਖਵੇਂ ਇੱਕ-ਤਿਹਾਈ ਹਿੱਸੇ ਦੇ ਕਾਨੂੰਨੀ ਹੱਕ ਪ੍ਰਾਪਤ ਕਰਨ ਲਈ ਸੰਘਰਸ਼ ਕਰ ਰਹੇ ਦਲਿਤ ਪਰਿਵਾਰਾਂ ਦਾ ਕਥਿਤ ਤੌਰ 'ਤੇ ਅਣ-ਐਲਾਨਿਆ ਸਮਾਜਿਕ ਬਾਈਕਾਟ ਕੀਤਾ ਜਾ ਰਿਹਾ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਪ੍ਰਭਾਵਿਤ ਪਰਿਵਾਰਾਂ ਨੂੰ ਆਪਣੇ ਪਸ਼ੂਆਂ ਲਈ ਚਾਰਾ ਤੱਕ ਨਹੀਂ ਦਿੱਤਾ ਜਾ ਰਿਹਾ ਅਤੇ ਨੇੜਲੇ ਪਿੰਡਾਂ ਦੇ ਲੋਕਾਂ ਨੂੰ ਵੀ ਉਨ੍ਹਾਂ ਨੂੰ ਜ਼ਮੀਨ ਠੇਕੇ 'ਤੇ ਦੇਣ ਤੋਂ ਰੋਕਿਆ ਜਾ ਰਿਹਾ ਹੈ। ਇਹ ਸਥਿਤੀ ਮਨੁੱਖੀ ਅਧਿਕਾਰਾਂ ਅਤੇ ਲੋਕਤੰਤਰਿਕ ਕਦਰਾਂ-ਕੀਮਤਾਂ ਦੀ ਘੋਰ ਉਲੰਘਣਾ ਹੈ। ਕੈਂਥ ਨੇ ਕਿਹਾ ਕਿ ਪੰਜਾਬ ਵਿਲੇਜ਼ ਕਾਮਨ ਲੈਂਡਜ਼ (ਰੈਗੂਲੇਸ਼ਨ) ਐਕਟ, 1961 ਅਤੇ ਸਰਕਾਰੀ ਨੀਤੀਆਂ ਅਨੁਸਾਰ ਪੰਚਾਇਤੀ ਸ਼ਾਮਲਾਟ ਜ਼ਮੀਨ ਦਾ ਇੱਕ-ਤਿਹਾਈ ਹਿੱਸਾ ਅਨੁਸੂਚਿਤ ਜਾਤੀਆਂ ਲਈ ਰਾਖਵਾਂ ਹੈ। ਇਸ ਦੇ ਬਾਵਜੂਦ ਦਲਿਤ ਪਰਿਵਾਰਾਂ ਨੂੰ ਉਨ੍ਹਾਂ ਦੇ ਕਾਨੂੰਨੀ ਹੱਕਾਂ ਤੋਂ ਵਾਂਝਾ ਰੱਖਣਾ ਅਤੇ ਸਮਾਜਿਕ ਤੌਰ 'ਤੇ ਅਲੱਗ-ਥਲੱਗ ਕਰਨਾ ਕਾਨੂੰਨ ਦੀ ਭਾਵਨਾ ਅਤੇ ਸੰਵਿਧਾਨਕ ਪ੍ਰਬੰਧਾਂ ਦੇ ਉਲਟ ਹੈ। ਉਨ੍ਹਾਂ ਦੱਸਿਆ ਕਿ ਲੰਬੀ ਕਾਨੂੰਨੀ ਲੜਾਈ ਤੋਂ ਬਾਅਦ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਡਿਪਟੀ ਡਾਇਰੈਕਟਰ ਵੱਲੋਂ 11 ਅਪ੍ਰੈਲ 2025 ਨੂੰ ਜਾਰੀ ਕੀਤੇ ਗਏ ਹੁਕਮਾਂ ਵਿੱਚ ਸਪੱਸ਼ਟ ਕੀਤਾ ਗਿਆ ਸੀ ਕਿ ਵਿਵਾਦਤ ਜ਼ਮੀਨ ਸ਼ਾਮਲਾਤ ਦੇਹ ਹੈ ਅਤੇ ਗ੍ਰਾਮ ਪੰਚਾਇਤ ਚੱਠੇ ਦੀ ਮਾਲਕੀ ਹੈ। ਹੁਕਮਾਂ ਵਿੱਚ ਇਹ ਵੀ ਦਰਜ ਕੀਤਾ ਗਿਆ ਕਿ ਚੱਕਬੰਦੀ ਅਧਿਕਾਰੀਆਂ ਦੇ ਪਹਿਲਾਂ ਕੀਤੇ ਗਏ ਫੈਸਲੇ ਕਾਨੂੰਨੀ ਤੌਰ 'ਤੇ ਮੰਨਣਯੋਗ ਨਹੀਂ ਹਨ। ਇਸ ਦੇ ਬਾਵਜੂਦ ਜ਼ਮੀਨ ਤੋਂ ਨਾਜਾਇਜ਼ ਕਬਜ਼ੇ ਨਾ ਹਟਣਾ ਪ੍ਰਸ਼ਾਸਨਿਕ ਨਾਕਾਮੀ ਨੂੰ ਦਰਸਾਉਂਦਾ ਹੈ।ਪਰਮਜੀਤ ਸਿੰਘ ਕੈਂਥ ਅਤੇ ਹਰਮੀਤ ਸਿੰਘ ਨੇ ਦੋਸ਼ ਲਗਾਇਆ ਕਿ ਜ਼ਿਲ੍ਹਾ ਪੱਧਰ ਦੇ ਸੰਬੰਧਿਤ ਅਧਿਕਾਰੀ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ ਪਟਿਆਲਾ ਮਹਿੰਦਰਜੀਤ ਸਿੰਘ ਨਾਲ ਵਾਰ-ਵਾਰ ਸੰਪਰਕ ਕਰਨ ਦੇ ਬਾਵਜੂਦ ਮਾਮਲੇ ਨੂੰ ਲਗਾਤਾਰ ਟਾਲਿਆ ਜਾ ਰਿਹਾ ਹੈ, ਜਿਸ ਕਾਰਨ ਕਬਜ਼ਾਕਾਰਾਂ ਦੇ ਹੌਂਸਲੇ ਬੁਲੰਦ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਨਾ ਸਿਰਫ਼ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਅਨਿਆਂ ਹੈ, ਸਗੋਂ ਸਰਕਾਰੀ ਖ਼ਜ਼ਾਨੇ ਨੂੰ ਨੁਕਸਾਨ ਪਹੁੰਚਾਉਣ ਅਤੇ ਅਮਨ-ਕਾਨੂੰਨ ਦੀ ਸਥਿਤੀ ਨੂੰ ਪ੍ਰਭਾਵਿਤ ਕਰਨ ਵਾਲਾ ਮਾਮਲਾ ਵੀ ਹੈ।ਕੈਂਥ ਨੇ ਕਿਹਾ ਕਿ ਭਾਰਤੀ ਸੰਵਿਧਾਨ ਦੇ ਆਰਟੀਕਲ 14, 15, 17, 21 ਅਤੇ 46 ਹਰ ਨਾਗਰਿਕ ਨੂੰ ਸਮਾਨਤਾ, ਮਾਣ-ਸਨਮਾਨ ਅਤੇ ਸਮਾਜਿਕ ਨਿਆਂ ਦਾ ਅਧਿਕਾਰ ਦਿੰਦੇ ਹਨ। ਕਿਸੇ ਵੀ ਅਨੁਸੂਚਿਤ ਜਾਤੀ ਪਰਿਵਾਰ ਦਾ ਸਮਾਜਿਕ ਜਾਂ ਆਰਥਿਕ ਬਾਈਕਾਟ ਕਰਨਾ ਨਾ ਸਿਰਫ਼ ਸੰਵਿਧਾਨ ਦੀ ਭਾਵਨਾ ਦੇ ਵਿਰੁੱਧ ਹੈ, ਸਗੋਂ ਅਨੁਸੂਚਿਤ ਜਾਤੀ ਅਤੇ ਅਨੁਸੂਚਿਤ ਜਨਜਾਤੀ (ਅੱਤਿਆਚਾਰ ਰੋਕਥਾਮ) ਐਕਟ, 1989 ਤਹਿਤ ਵੀ ਗੰਭੀਰ ਅਪਰਾਧ ਹੈ।ਉਨ੍ਹਾਂ ਡਿਪਟੀ ਕਮਿਸ਼ਨਰ ਪਟਿਆਲਾ ਤੋਂ ਮੰਗ ਕੀਤੀ ਕਿ ਮਾਮਲੇ ਦੀ ਕਿਸੇ ਸੀਨੀਅਰ ਅਧਿਕਾਰੀ ਜਾਂ ਡਿਊਟੀ ਮੈਜਿਸਟਰੇਟ ਰਾਹੀਂ ਸਮਾਂਬੱਧ ਜਾਂਚ ਕਰਵਾਈ ਜਾਵੇ, ਸਮਾਜਿਕ ਬਾਈਕਾਟ ਅਤੇ ਵਿਤਕਰੇ ਲਈ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਐਸਸੀ/ਐਸਟੀ ਐਕਟ ਅਧੀਨ ਸਖ਼ਤ ਕਾਰਵਾਈ ਕੀਤੀ ਜਾਵੇ, ਪੰਚਾਇਤੀ ਜ਼ਮੀਨ ਤੋਂ ਨਾਜਾਇਜ਼ ਕਬਜ਼ੇ ਤੁਰੰਤ ਹਟਾਏ ਜਾਣ ਅਤੇ ਪ੍ਰਭਾਵਿਤ ਪਰਿਵਾਰਾਂ ਦੇ ਕਾਨੂੰਨੀ ਅਤੇ ਸੰਵਿਧਾਨਕ ਹੱਕ ਯਕੀਨੀ ਬਣਾਏ ਜਾਣ।ਪਰਮਜੀਤ ਸਿੰਘ ਕੈਂਥ ਨੇ ਚੇਤਾਵਨੀ ਦਿੱਤੀ ਕਿ ਅਨੁਸੂਚਿਤ ਜਾਤੀ ਭਾਈਚਾਰੇ ਦੇ ਕਿਸੇ ਵੀ ਤਰ੍ਹਾਂ ਦੇ ਸਮਾਜਿਕ ਬਾਈਕਾਟ, ਸ਼ੋਸ਼ਣ ਜਾਂ ਅਪਮਾਨ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਜੇਕਰ ਪ੍ਰਸ਼ਾਸਨ ਨੇ ਤੁਰੰਤ ਅਤੇ ਪ੍ਰਭਾਵਸ਼ਾਲੀ ਕਾਰਵਾਈ ਨਾ ਕੀਤੀ ਤਾਂ ਭਾਜਪਾ ਅਨੁਸੂਚਿਤ ਜਾਤੀ ਮੋਰਚਾ ਅਤੇ ਪੀੜਤ ਪਰਿਵਾਰ ਲੋਕਤੰਤਰਿਕ ਅਤੇ ਕਾਨੂੰਨੀ ਢੰਗ ਨਾਲ ਵੱਡਾ ਸੰਘਰਸ਼ ਸ਼ੁਰੂ ਕਰਨ ਲਈ ਮਜਬੂਰ ਹੋਣਗੇ। ਉਨ੍ਹਾਂ ਕਿਹਾ ਕਿ ਅਨੁਸੂਚਿਤ ਜਾਤੀ ਭਾਈਚਾਰੇ ਨੂੰ ਇਨਸਾਫ਼ ਦਿਵਾਉਣਾ, ਕਾਨੂੰਨ ਦੀ ਹਕੂਮਤ ਨੂੰ ਯਕੀਨੀ ਬਣਾਉਣਾ ਅਤੇ ਸੰਵਿਧਾਨਕ ਹੱਕਾਂ ਦੀ ਰੱਖਿਆ ਕਰਨਾ ਸਰਕਾਰ ਅਤੇ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ, ਜਿਸ ਤੋਂ ਕਿਸੇ ਵੀ ਹਾਲਤ ਵਿੱਚ ਮੂੰਹ ਨਹੀਂ ਮੋੜਿਆ ਜਾ ਸਕਦਾ। ਇਸ ਮੌਕੇ ਹਰਮੀਤ ਸਿੰਘ, ਮੋਹਣ ਸਿੰਘ, ਬਲਵਿੰਦਰ ਹਨੀ, ਰਣਜੀਤ ਰਾਣਾ, ਹਰਦਾਸ ਸਿੰਘ, ਫਕੀਰ ਸਿੰਘ, ਅਮਰੀਕ ਸਿੰਘ, ਬਲਵੀਰ ਸਿੰਘ, ਸੋਨੀ, ਭੂਰਾ ਸਿੰਘ, ਕਰਮਜੀਤ ਸਿੰਘ, ਨਿਰਮਲ ਸਿੰਘ, ਜਾਸਰ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।

## ਪੰਜਾਬ ਸਰਕਾਰ ਵੱਲੋਂ ਵਿਧਾਇਕ ਦੇਵ ਮਾਨ ਨੂੰ ਐਸੀ ਬੀਸੀ ਵੈਲਫੇਅਰ ਕਮੇਟੀ ਅਤੇ ਲੋਕ ਲੇਖਾ ਕਮੇਟੀ ਪੰਜਾਬ ਦਾ ਮੈਂਬਰ ਨਿਯੁਕਤ ਕੀਤਾ ।

Desi Punjab YouTube www.desipunjab.in



ਨਾਭਾ 2 ਜੂਨ (ਸੁਖਬੀਰ ਸਿੰਘ ਖੁਹੀ) ਪਿਛਲੇ ਦਿਨੀ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਵਿੱਚ ਐਸੀ ਬੀ ਸੀ ਅਤੇ ਲੋਕ ਲੇਖਾ ਕਮੇਟੀ ਬਣਾਈ ਗਈ ਜਿਸ ਵਿੱਚ ਹਰੇਕ ਕਮੇਟੀ ਵਿੱਚ 13-13 ਐਮ ਐਲ ਏ ਨੂੰ ਮੈਂਬਰ ਨਿਯੁਕਤ ਕੀਤਾ ਗਿਆ ਇਸ ਤਰ੍ਹਾਂ ਹਲਕਾ ਨਾਭਾ ਤੋਂ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੂੰ ਐਸੀ , ਬੀ ਸੀ ਅਤੇ ਲੋਕ ਲੇਖਾ ਕਮੇਟੀ ਪੰਜਾਬ ਦਾ ਮੈਂਬਰ ਨਿਯੁਕਤ ਕੀਤਾ ਗਿਆ ਇਸ ਨਿਯੁਕਤੀ ਨਾਲ ਹਲਕਾ ਨਾਭਾ ਦੇ ਸਮੂਹ ਆਗੂਆਂ ਅਤੇ ਵਰਕਰਾਂ ਵੱਲੋਂ ਵਿਧਾਇਕ ਦੇਵ ਮਾਨ ਨੂੰ ਮੁਬਾਰਕਾਂ ਦਿੱਤੀਆਂ ਗਈਆਂ , ਇਸ ਮੌਕੇ ਵਿਧਾਇਕ ਦੇਵ ਮਾਨ ਨੇ ਦੱਸਿਆ ਕਿ ਐਸੀ ਅਤੇ ਬੀ ਸੀ ਸ਼੍ਰੇਣੀਆਂ ਦੀ ਭਲਾਈ ਲਈ ਇਹ ਕਮੇਟੀ ਬਣਾਈ ਗਈ ਜਿਸ ਵਿੱਚ ਅਨੁਸੂਚਿਤ ਕਬੀਲਿਆਂ ਅਤੇ ਪੱਛੜੀ ਸ਼੍ਰੇਣੀ ਦੇ ਲੋਕਾਂ ਦੀ ਭਲਾਈ ਲਈ ਚੱਲ ਰਹੀਆਂ ਸਕੀਮਾਂ ਦੀ ਦੇਖ ਰੇਖ ਕੀਤੀ ਜਾਵੇਗੀ ਅਤੇ ਭਲਾਈ ਦੀਆਂ ਸਕੀਮਾਂ ਨੂੰ ਵੱਧ ਤੋਂ ਵੱਧ ਲੋਕਾਂ ਵਿੱਚ ਪੁਹੰਚਾਇਆ ਜਾਵੇਗਾ ਇਸ ਦੇ ਨਾਲ ਹੀ ਲੋਕ ਲੇਖਾ ਕਮੇਟੀ ਰਾਹੀਂ ਕਮੇਟੀ ਦੇ ਸਾਰੇ ਮੈਂਬਰਾਂ ਹਰ ਵਿਭਾਗ ਦਾ ਕਿਸੇ ਵੀ ਸਮੇਂ ਚੈਕਿੰਗ ਕਰ ਸਕਦੇ ਹਨ ਅਤੇ ਜੇਕਰ ਕੋਈ ਵਿਅਕਤੀ ਕਿਸੇ ਵਿਭਾਗ ਕੰਮਾਂ ਵਿੱਚ ਕੁਤਾਹੀ ਵਰਤਦਾ ਹੈ ਤਾਂ ਉਸ ਵਿਰੁੱਧ ਕਾਰਵਾਈ ਵੀ ਕਮੇਟੀ ਦੇ ਮੈਂਬਰ ਕਰ ਸਕਦੇ ਹਨ ਐਸ ਸੀ ਬੀ ਸੀ ਭਲਾਈ ਕਮੇਟੀ ਵਿੱਚ ਸਰਬਜੀਤ ਕੌਰ ਮਾਣੂੰਕੇ ਨੂੰ ਸਮਾਪਤੀ ਨਿਯੁਕਤ ਕੀਤਾ ਗਿਆ ਹੈ ਅਤੇ ਇਸ ਕਮੇਟੀ ਵਿੱਚ ਐਮ ਐਲ ਏ ਅਮਿਤ ਰਤਨ ਕੋਟ ਫੱਤਾ , ਬਲਕਾਰ ਸਿੰਘ , ਬਲਵਿੰਦਰ ਸਿੰਘ ਧਾਲੀਵਾਲ , ਦਲਵੀਰ ਸਿੰਘ ਟੋਂਗ , ਇਸਾਂਕ ਕੁਮਾਰ , ਜਗਸੀਰ ਸਿੰਘ , ਡਾ ਨਛੱਤਰ ਪਾਲ , ਵਿਕਰਮਜੀਤ ਸਿੰਘ ਚੌਧਰੀ ਅਤੇ ਜਸਵੀਰ ਸਿੰਘ ਸੰਧੂ ਐਮ ਐਲ ਏ ਨੂੰ ਮੈਂਬਰ ਨਿਯੁਕਤ ਕੀਤਾ ਗਿਆ ਹੈ ।

## ਆਕਸਫੋਰਡ ਸਕੂਲ ਵਿਖੇ 10 ਰੋਜ਼ਾ ਸਲਾਨਾ ਟਰੇਨਿੰਗ ਕੈਂਪ ਹੋਇਆ ਆਰੰਭ

Desi Punjab YouTube www.desipunjab.in




ਭਗਤਾ ਭਾਈ ਕਾ 2 ਜੂਨ (ਸਵਰਨ ਸਿੰਘ ਭਗਤਾ) ਸਥਾਨਕ ਸ਼ਹਿਰ ਦੇ ਬਾਜਾਖਾਨਾ ਰੋਡ ਤੇ ਸਥਿਤ ਦ ਆਕਸਫੋਰਡ ਸਕੂਲ ਆਫ ਐਜੂਕੇਸ਼ਨ ਇਲਾਕੇ ਦੀ ਇੱਕ ਅਜਿਹੀ ਸੰਸਥਾ ਹੈ ਜੋ ਵਿਦਿਅਕ ਪੱਖ ਦੇ ਨਾਲ ਨਾਲ ਬੱਚਿਆਂ ਦੇ ਬੌਧਿਕ ਵਿਕਾਸ ਅਤੇ ਹੋਰ ਗਤੀਵਿਧੀਆਂ ਨੂੰ ਪ੍ਰਮੁੱਖ ਰੱਖਦੇ ਹੋਏ ਸਮੇਂ ਸਮੇਂ ਉੱਤੇ ਅਜਿਹੇ ਉਪਰਾਲੇ ਕਰਦੀ ਹੈ ਜੋ ਵਿਦਿਆਰਥੀਆਂ ਦੇ ਵਰਤਮਾਨ ਅਤੇ ਭਵਿੱਖ ਨੂੰ ਉਜਵਲ ਬਣਾਉਣ ਵਿੱਚ ਸਹਾਈ ਸਿੱਧ ਹੁੰਦੇ ਹਨ ।

ਇਹ ਅਜਿਹੀ ਸੰਸਥਾ ਹੈ ਜਿਸ ਦੇ ਵਿਦਿਆਰਥੀ ਐਨ ਸੀ ਸੀ ਕੈਡਿਟ ਬਣ ਚੁੱਕੇ ਹਨ। ਬੀਤੇ ਦਿਨੀ ਇਸ ਸੰਸਥਾ ਵਿੱਚ ਐਨਸੀਸੀ ਦੇ ਨੇਵੀ ਵਿੰਗ ਦੇ ਸਲਾਨਾ ਟ੍ਰੇਨਿੰਗ ਕੈਂਪ ਦੀ ਸ਼ੁਰੂਆਤ ਕੀਤੀ ਗਈ।

2 ਜੂਨ ਤੋਂ 11 ਜੂਨ ਤੱਕ ਲੱਗਣ ਵਾਲੇ ਇਸ ਟ੍ਰੇਨਿੰਗ ਕੈਂਪ ਦੇ ਮੁੱਖ ਮਹਿਮਾਨ ਕੈਪਟਨ ਇਸ਼ਰਾਜ ਸਿੰਘ (ਕਮਾਂਡਰ ਅਫਸਰ) 3 ਪੰਜਾਬ ਨੇਵਲ ਯੂਨਿਟ ਦਾ ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ , ਏ .ਐਨ. ਓ ਤਜਿੰਦਰ ਸਿੰਘ, ਸੀ. ਟੀ .ਓ . ਜਗਜੀਤ ਸਿੰਘ, ਅਵਤਾਰ ਸਿੰਘ , ਮੈਡਮ ਹਰਵੀਰ ਕੌਰ , ਡੀ.ਪੀ .ਈ .ਪ੍ਰਦਮਨ ਸਿੰਘ, ਸੁਖਵਿੰਦਰ ਸਿੰਘ ,ਗੁਰਜਿੰਦਰ ਸਿੰਘ, ਮੈਡਮ ਮਨਪ੍ਰੀਤ ਕੌਰ ਅਤੇ ਮੈਡਮ ਪੂਨਮ ਵੱਲੋਂ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਗਿਆ।

ਇਸ ਕੈਂਪ ਵਿੱਚ 23 ਸਕੂਲਾਂ ਦੇ ਕੁੱਲ 564 ਕੈਡਿਟ ਭਾਗ ਲੈ ਰਹੇ ਹਨ ਜਿਨਾਂ ਦੇ ਵਿੱਚ 221 ਜੂਨੀਅਰ ਵਿੰਗ (ਲੜਕੀਆਂ) ਅਤੇ 343 ਜੂਨੀਅਰ ਡਿਵੀਜ਼ਨ (ਲੜਕੇ) ਦੇ ਕੈਡਿਟ ਸ਼ਾਮਿਲ ਹਨ। ਨੇਵੀ ਦੇ ਸਟਾਫ ਮੈਂਬਰ ਪੀ .ਆਈ. ਵੱਲੋਂ ਇੱਕ ਦਿਨ ਪਹਿਲਾਂ ਆ ਕੇ ਸਕੂਲ ਦੇ ਪ੍ਰਬੰਧਾਂ ਦਾ ਨਿਰੀਖਣ ਕੀਤਾ ਗਿਆ। ਵੱਖ-ਵੱਖ ਸਕੂਲਾਂ ਦੇ ਕੈਡਿਟਾਂ ਦੇ ਸਕੂਲ ਵਿੱਚ ਪਹੁੰਚਣ ਤੇ ਸਕੂਲ ਦੇ ਸਟਾਫ ਮੈਂਬਰਾਂ ਵੱਲੋਂ ਬਾਇਓਮੈਟਰਿਕ ਕਰਵਾ ਕੇ ਸਕੂਲ ਵਿੱਚ ਐਂਟਰੀ ਕਰਵਾਈ ਗਈ।ਇਸ ਮੌਕੇ ਦੇ ਮੁੱਖ ਮਹਿਮਾਨ ਕੈਪਟਨ ਇਸ਼ਰਾਜ ਸਿੰਘ ਨੇ ਸਾਰੇ ਕੈਡਿਟਾਂ ਨੂੰ ਸੰਬੋਧਨ ਕਰਦੇ ਹੋਏ ਐਨ.ਸੀ.ਸੀ ਦੇ ਉਦੇਸ਼ਾਂ, ਅਨੁਸ਼ਾਸਨ ,ਲੀਡਰਸ਼ਿਪ, ਦੇਸ਼ ਦੀ ਸੇਵਾ ਅਤੇ ਇੱਕ ਚੰਗੇ ਨਾਗਰਿਕ ਬਣਨ ਦੀ ਜਾਣਕਾਰੀ ਦਿੱਤੀ। ਉਹਨਾਂ ਨੇ ਕੈਡਿਟਾਂ ਨੂੰ ਇਸ ਸਿਖਲਾਈ ਦਾ ਪੂਰਾ ਲਾਭ ਲੈਣ ਲਈ ਪ੍ਰੇਰਿਤ ਕੀਤਾ ਤਾਂ ਕਿ ਉਹ ਇਥੋਂ ਅਨੁਸ਼ਾਸਿਤ ਰੂਪ ਵਿੱਚ ਅੱਗੇ ਵਧਣ ਅਤੇ ਕਿਸੇ ਵੀ ਰੂਪ ਵਿੱਚ ਦੇਸ਼ ਦੀ ਸੇਵਾ ਕਰ ਸਕਣ। ਉਨ੍ਹਾਂ ਨੇ ਕੈਡਿਟਾਂ ਨੂੰ ਸੰਬੋਧਨ ਹੁੰਦੇ ਕਿਹਾ ਕਿ ਇਹਨਾਂ ਕੈਂਪਾਂ ਦਾ ਉਦੇਸ਼ ਇੱਕ - ਜੁੱਟ ਹੋ ਕੇ ਰਹਿਣ ਦੀ ਜਾਂਚ ਸਿੱਖਣਾ, ਅਨੁਸ਼ਾਸਨ ਸਿੱਖਣਾ, ਵੱਖ -ਵੱਖ ਪ੍ਰਸਥਿਤੀਆਂ ਵਿੱਚ ਇਕੱਠੇ ਰਹਿਣ ਦੀ ਜਾਚ ਸਿਖਾਉਣਾ ਵੀ ਹੁੰਦਾ ਹੈ ਅਤੇ ਇੱਕ ਚੰਗਾ ਕੈਡਿਟ ਹੀ ਇੱਕ ਵਧੀਆ ਨਾਗਰਿਕ ਬਣ ਸਕਦਾ ਹੈ ਜੋ ਆਪਣੇ ਦੇਸ਼ ਦੇ ਭਲੇ ਲਈ ਸੋਚ ਸਕਦਾ ਹੈ।ਇਸ ਸਮੇਂ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ), ਰਾਜਵਿੰਦਰ ਸਿੰਘ ਸੋਢੀ (ਜਨਰਲ ਸਕੱਤਰ), ਗੁਰਮੀਤ ਸਿੰਘ ਗਿੱਲ (ਸਰਪੰਚ) ਵੀ ਮੌਜੂਦ ਸਨ।

## ਕ੍ਰਿਸ਼ਨ ਜਨਮ ਭੂਮੀ ਮੁਕਤੀ ਸੰਗਠਨ ਵੱਲੋਂ ਨਰਿੰਦਰ ਵਰਮਾ ਬਟਾਲਾ ਸ਼ਹਿਰ ਦੇ ਪ੍ਰਧਾਨ ਨਿਯੁਕਤ, ਸੰਗਠਨ ਨੂੰ ਮਜ਼ਬੂਤ ਕਰਨ ਦਾ ਲਿਆ ਸੰਕਲਪ

Desi Punjab YouTube www.desipunjab.in



ਬਟਾਲਾ, 2 ਜੂਨ (ਬਲਦੇਵ ਸਿੰਘ ਖਾਲਸਾ,, ਸੁਨੀਲ ਬਟਾਲਵੀ):ਕ੍ਰਿਸ਼ਨ ਜਨਮ ਭੂਮੀ ਮੁਕਤੀ ਸੰਗਠਨ ਦੇ ਸੂਬਾ ਪੰਜਾਬ ਪ੍ਰਧਾਨ ਵਿਜੇ ਪ੍ਰਭਾਕਰ ਵੱਲੋਂ ਅੱਜ ਨਰਿੰਦਰ ਵਰਮਾ ਨੂੰ ਬਟਾਲਾ ਸ਼ਹਿਰ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਸੰਗਠਨ ਦੇ ਮੈਂਬਰਾਂ ਅਤੇ ਆਗੂਆਂ ਵਿੱਚ ਖੁਸ਼ੀ ਦੀ ਲਹਿਰ ਦੇਖਣ ਨੂੰ ਮਿਲੀ ਅਤੇ ਨਵ-ਨਿਯੁਕਤ ਪ੍ਰਧਾਨ ਨੂੰ ਵਧਾਈਆਂ ਦਿੱਤੀਆਂ ਗਈਆਂ। ਇਸ ਨਿਯੁਕਤੀ ਨੂੰ ਲੈ ਕੇ ਧਾਰਮਿਕ ਅਤੇ ਸਮਾਜਿਕ ਵਰਗਾਂ ਵੱਲੋਂ ਵੀ ਸ਼ਲਾਘਾ ਕੀਤੀ ਜਾ ਰਹੀ ਹੈ।ਸੂਬਾ ਪ੍ਰਧਾਨ ਵਿਜੇ ਪ੍ਰਭਾਕਰ ਨੇ ਕਿਹਾ ਕਿ ਸੰਗਠਨ ਦਾ ਮਕਸਦ ਕ੍ਰਿਸ਼ਨ ਜਨਮ ਭੂਮੀ ਨਾਲ ਜੁੜੇ ਮੁੱਦਿਆਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨਾ ਅਤੇ ਧਾਰਮਿਕ ਭਾਵਨਾਵਾਂ ਨੂੰ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਨਰਿੰਦਰ ਵਰਮਾ ਲੰਬੇ ਸਮੇਂ ਤੋਂ ਸਮਾਜਿਕ ਅਤੇ ਧਾਰਮਿਕ ਗਤੀਵਿਧੀਆਂ ਨਾਲ ਜੁੜੇ ਹੋਏ ਹਨ ਅਤੇ ਸੰਗਠਨ ਨੂੰ ਵਿਸ਼ਵਾਸ ਹੈ ਕਿ ਉਹ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਲਗਨ ਅਤੇ ਇਮਾਨਦਾਰੀ ਨਾਲ ਨਿਭਾਉਣਗੇ।ਨਵ-ਨਿਯੁਕਤ ਸ਼ਹਿਰੀ ਪ੍ਰਧਾਨ ਨਰਿੰਦਰ ਵਰਮਾ ਨੇ ਆਪਣੀ ਨਿਯੁਕਤੀ 'ਤੇ ਸੰਗਠਨ ਦੇ ਉੱਚ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਉੱਤੇ ਜੋ ਵਿਸ਼ਵਾਸ ਕੀਤਾ ਗਿਆ ਹੈ, ਉਹ ਉਸ 'ਤੇ ਖਰਾ ਉਤਰਣ ਦੀ ਪੂਰੀ ਕੋਸ਼ਿਸ਼ ਕਰਨਗੇ। ਉਨ੍ਹਾਂ ਕਿਹਾ ਕਿ ਸੰਗਠਨ ਵੱਲੋਂ ਉਨ੍ਹਾਂ ਨੂੰ ਜੋ ਵੱਡੀ ਜ਼ਿੰਮੇਵਾਰੀ ਦਿੱਤੀ ਗਈ ਹੈ, ਉਹ ਉਸ ਨੂੰ ਤਨਦੇਹੀ, ਮਿਹਨਤ ਅਤੇ ਪੂਰੀ ਨਿਸ਼ਠਾ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਮੇਰੇ ਲਈ ਇਹ ਮਾਣ ਵਾਲੀ ਗੱਲ ਹੈ ਕਿ ਮੈਨੂੰ ਧਾਰਮਿਕ ਸੇਵਾ ਨਾਲ ਜੁੜਨ ਅਤੇ ਕ੍ਰਿਸ਼ਨ ਜਨਮ ਭੂਮੀ ਮੁਕਤੀ ਦੇ ਕਾਰਜਾਂ ਵਿੱਚ ਯੋਗਦਾਨ ਪਾਉਣ ਦਾ ਮੌਕਾ ਮਿਲਿਆ ਹੈ। ਮੈਂ ਸੰਗਠਨ ਦੀਆਂ ਨੀਤੀਆਂ ਅਤੇ ਉਦੇਸ਼ਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਪੂਰੀ ਮਿਹਨਤ ਕਰਾਂਗਾ ਅਤੇ ਵੱਧ ਤੋਂ ਵੱਧ ਨੌਜਵਾਨਾਂ ਨੂੰ ਵੀ ਇਸ ਮੁਹਿੰਮ ਨਾਲ ਜੋੜਨ ਦਾ ਯਤਨ ਕਰਾਂਗਾ।ਇਸ ਮੌਕੇ ਸੰਗਠਨ ਦੇ ਹੋਰ ਆਗੂਆਂ ਅਤੇ ਮੈਂਬਰਾਂ ਨੇ ਵੀ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਨਰਿੰਦਰ ਵਰਮਾ ਦੀ ਨਿਯੁਕਤੀ ਨਾਲ ਸੰਗਠਨ ਨੂੰ ਹੋਰ ਮਜ਼ਬੂਤੀ ਮਿਲੇਗੀ ਅਤੇ ਧਾਰਮਿਕ ਕਾਰਜਾਂ ਨੂੰ ਹੋਰ ਗਤੀ ਮਿਲੇਗੀ। ਇਸ ਦੌਰਾਨ ਮੌਜੂਦ ਆਗੂਆਂ ਨੇ ਨਵੇਂ ਪ੍ਰਧਾਨ ਨੂੰ ਵਧਾਈ ਦਿੰਦਿਆਂ

## ਮੇਰਾ ਯੁਵਾ ਭਾਰਤ ਅਤੇ ਹਿੰਦੁਸਤਾਨ ਵੈਲਫੇਅਰ ਬਲੱਡ ਡੋਨਰਜ ਕਲੱਬ ਵਲੋਂ ਮਨਾਇਆ ਵਿਸ਼ਵ ਸਾਈਕਲ ਦਿਵਸ

Desi Punjab YouTube www.desipunjab.in






ਫਗਵਾੜਾ 3 ਜੂਨ (ਸ਼ਿਵ ਕੌੜਾ)ਭਾਰਤ ਸਰਕਾਰ ਦੇ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ, ਨਵੀਂ ਦਿੱਲੀ ਅਧੀਨ ਕਾਰਜਸ਼ੀਲ ਮੇਰਾ ਯੁਵਾ ਭਾਰਤ, ਕਪੂਰਥਲਾ ਦੀ ਜ਼ਿਲ੍ਹਾ ਯੁਵਾ ਅਧਿਕਾਰੀ ਮੈਡਮ ਗਗਨਦੀਪ ਕੌਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਹਿੰਦੁਸਤਾਨ ਵੈਲਫੇਅਰ ਬਲੱਡ ਡੋਨਰਜ ਕਲੱਬ ਵਲੋਂ ਸ਼੍ਰੀ ਮਹਾਵੀਰ ਜੈਨ ਮਾਡਲ ਸਕੂਲ, ਮਾਡਲ ਟਾਊਨ ਫਗਵਾੜਾ ਵਿਖੇ ਵਿਸ਼ਵ ਸਾਈਕਲ ਦਿਵਸ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਹਿੰਦੁਸਤਾਨ ਵੈਲਫੇਅਰ ਬਲੱਡ ਡੋਨਰਜ਼ ਕਲੱਬ (ਰਜਿ.) ਫਗਵਾੜਾ ਦੇ ਉਪ ਪ੍ਰਧਾਨ ਹਰਜਿੰਦਰ ਗੋਗਨਾ ਅਤੇ ਸਕੂਲ ਦੇ ਪ੍ਰਿੰਸੀਪਲ ਡਾਕਟਰ ਤਾਜਪ੍ਰੀਤ ਕੌਰ ਨੇ ਸਾਈਕਲਿੰਗ ਦੇ ਸਿਹਤ, ਵਾਤਾਵਰਣ ਅਤੇ ਸਮਾਜਿਕ ਮਹੱਤਵ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸਾਈਕਲ ਇੱਕ ਸਸਤਾ, ਸਿਹਤਮੰਦ ਅਤੇ ਵਾਤਾਵਰਣ ਪੱਖੀ ਆਵਾਜਾਈ ਦਾ ਸਾਧਨ ਹੈ, ਜਿਸ ਦੀ ਵਰਤੋਂ ਨਾਲ ਪ੍ਰਦੂਸ਼ਣ ਘਟਾਉਣ ਅਤੇ ਸਰੀਰਕ ਤੰਦਰੁਸਤੀ ਬਣਾਈ ਰੱਖਣ ਵਿੱਚ ਮਦਦ ਮਿਲਦੀ ਹੈ। ਸਕੂਲ ਕਮੇਟੀ ਪ੍ਰਧਾਨ ਕੀਮਤੀ ਲਾਲ ਜੈਨ ਅਤੇ ਕਲੱਬ ਸਕੱਤਰ ਵਿਤਿਨ ਪੁਰੀ ਨੇ ਇਸ ਸਾਲ ਦੇ ਥੀਮ ਹਰਿਤ ਭਵਿੱਖ ਲਈ ਸਾਈਕਲ ਦੱਸਦਿਆਂ ਸਾਈਕਲ ਨੂੰ ਆਪਣਾ ਸਹਿਯੋਗੀ ਬਣਾਉਣ ਲਈ ਪ੍ਰੇਰਿਤ ਕੀਤਾ ਉਪਰੰਤ ਵਿਦਿਆਰਥੀਆਂ ਅਤੇ ਕਲੱਬ ਮੈਂਬਰਾਂ ਵੱਲੋਂ ਸਾਈਕਲ ਰੈਲੀ ਕੱਢੀ ਗਈ। ਰੈਲੀ ਦੌਰਾਨ ਭਾਗੀਦਾਰਾਂ ਨੇ ਲੋਕਾਂ ਨੂੰ ਸਾਈਕਲ ਦੀ ਵੱਧ ਤੋਂ ਵੱਧ ਵਰਤੋਂ ਕਰਨ, ਪ੍ਰਦੂਸ਼ਣ ਘਟਾਉਣ ਅਤੇ ਤੰਦਰੁਸਤ ਜੀਵਨ ਸ਼ੈਲੀ ਅਪਣਾਉਣ ਦਾ ਸੰਦੇਸ਼ ਦਿੱਤਾ। ਰੈਲੀ ਨੂੰ ਲੋਕਾਂ ਵੱਲੋਂ ਭਰਪੂਰ ਹੁੰਗਾਰਾ ਮਿਲਿਆ। ਵਾਪਿਸ ਸਕੂਲ ਵਿੱਚ ਪਹੁੰਚਣ ਤੋਂ ਬੱਚਿਆਂ ਨੂੰ ਰਿਫਰੈਸ਼ਮੈਂਟ ਦਿੱਤੀ ਗਈ ਇਸ ਮੌਕੇ ਡਾ.ਅੰਜੂ ਸ਼ਰਮਾ,ਪ੍ਰਭਜੋਤ ਸਿੰਘ ਰਾਕੇਸ਼ ਵਢੇਰਾ ਸਕੂਲ ਸਟਾਫ਼, ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

# ਕਾਂਗਰਸੀ ਵਰਕਰਾਂ ਵੱਲੋਂ ਨੀਟ ਪੇਪਰ ਲੀਕ ਅਤੇ ਸੀਬੀਐਸਈ ਦੀ ਮਾੜੇ ਪ੍ਰਬੰਧਾਂ ਖ਼ਿਲਾਫ਼ ਰੋਸ ਪ੍ਰਦਰਸ਼ਨ ਰੋਸ ਮਾਰਚ ਕੱਢਿਆ, ਪ੍ਰਧਾਨ ਮੰਤਰੀ ਅਤੇ ਸਿੱਖਿਆ ਮੰਤਰੀ ਦੇ ਪੁਤਲੇ ਫੂਕੇ





ਨਵਾਂਸ਼ਹਿਰ 2 ਜੂਨ(ਜਤਿੰਦਰ ਪਾਲ ਸਿੰਘ ਕਲੇਰ ) ਅੱਜ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਸੈਂਕੜੇ ਕਾਂਗਰਸੀ ਵਰਕਰਾਂ ਵੱਲੋਂ ਨੀਟ ਪੇਪਰ ਲੀਕ ਅਤੇ ਸੀਬੀਐਸਈ ਵਿੱਚ ਫੈਲੀ ਅਵਿਵਸਥਾ ਅਤੇ ਮਾੜੇ ਪ੍ਰਬੰਧਾਂ ਦੇ ਵਿਰੋਧ ਵਿੱਚ ਵਿਸ਼ਾਲ ਰੋਸ ਮਾਰਚ ਕੱਢਿਆ ਗਿਆ। ਪ੍ਰਦਰਸ਼ਨਕਾਰੀਆਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਪੁਤਲੇ ਵੀ ਫੂਕੇ। ਉਹ ਸਿੱਖਿਆ ਮੰਤਰੀ ਨੂੰ ਬਰਖਾਸਤ ਕਰਨ ਦੀ ਮੰਗ ਕਰ ਰਹੇ ਸਨ। ਇਸ ਮੌਕੇ ਪ੍ਰਦਰਸ਼ਨਕਾਰੀਆਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਨੇ ਕਿਹਾ ਕਿ ਦੇਸ਼ ਭਰ ਤੋਂ 22 ਲੱਖ ਵਿਦਿਆਰਥੀਆਂ ਨੇ ਨੀਟ ਦੀ ਪ੍ਰੀਖਿਆ ਦਿੱਤੀ ਸੀ, ਪਰ ਬਾਅਦ ਵਿੱਚ ਇਹ ਸਾਹਮਣੇ ਆਇਆ ਕਿ ਪ੍ਰੀਖਿਆ ਦਾ ਪ੍ਰਸ਼ਨ ਪੱਤਰ ਲੀਕ ਹੋ ਗਿਆ ਸੀ। ਉਨ੍ਹਾਂ ਨੇ ਕਿਹਾ ਕਿ ਇਹ ਦੂਜੀ ਵਾਰ ਹੋਇਆ ਹੈ, ਜਦੋਂ ਨੀਟ ਦਾ ਪੇਪਰ ਲੀਕ ਹੋਇਆ ਹੈ, ਲੇਕਿਨ ਇਸ ਮਾਮਲੇ ਵਿੱਚ ਕੋਈ ਢੁੱਕਵੀਂ ਕਾਰਵਾਈ ਨਹੀਂ ਕੀਤੀ ਗਈ।ਉਨ੍ਹਾਂ ਮੰਗ ਕੀਤੀ ਕਿ ਵਾਰ-ਵਾਰ ਨੀਟ ਪ੍ਰੀਖਿਆਵਾਂ ਕਰਵਾਉਣ ਵਿੱਚ ਨਾਕਾਮ ਰਹੀ ਨੈਸ਼ਨਲ ਟੈਸਟਿੰਗ ਏਜੰਸੀ (ਐਨਟੀਏ) ਨੂੰ ਭੰਗ ਕੀਤਾ ਜਾਵੇ ਅਤੇ ਨੀਟ ਪ੍ਰੀਖਿਆਵਾਂ ਦੇ ਆਯੋਜਨ ਲਈ ਇੱਕ ਪੂਰੀ ਤਰ੍ਹਾਂ ਭਰੋਸੇਯੋਗ ਅਤੇ ਪਾਰਦਰਸ਼ੀ ਪ੍ਰਣਾਲੀ ਬਣਾਈ ਜਾਵੇ, ਕਿਉਂਕਿ ਇਹ ਦੇਸ਼ ਦੇ ਲੱਖਾਂ ਵਿਦਿਆਰਥੀਆਂ ਦੇ ਭਵਿੱਖ ਨਾਲ ਜੁੜਿਆ ਮਾਮਲਾ ਹੈ। ਉਨ੍ਹਾਂ ਨੇ ਸੀਬੀਐਸਈ ਦੀ ਆਨਲਾਈਨ ਸਕਰੀਨ ਮਾਰਕਿੰਗ (ਓਐਸਐਮ) ਪ੍ਰਣਾਲੀ ਵਿੱਚ ਪਾਈਆਂ ਗਈਆਂ ਗੰਭੀਰ ਖਾਮੀਆਂ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਨੇ ਕਿਹਾ ਕਿ ਇਹ ਸਮੱਸਿਆ ਇਸ ਲਈ ਪੈਦਾ ਹੋਈ ਹੈ, ਕਿਉਂਕਿ ਜਿਸ ਕੰਪਨੀ ਕੋਐਮਪਟ ਐਡੂਟੈਕ ਨੂੰ ਇਸਦਾ ਠੇਕਾ ਦਿੱਤਾ ਗਿਆ ਹੈ, ਉਸ ਕੋਲ ਇਸ ਤਰ੍ਹਾਂ ਦੀਆਂ ਪ੍ਰੀਖਿਆਵਾਂ ਕਰਵਾਉਣ ਲਈ ਲੋੜੀਂਦਾ ਤਜਰਬਾ ਅਤੇ ਮਾਹਰਤਾ ਨਹੀਂ ਹੈ।

ਸੀਨੀਅਰ ਆਗੂ ਨੇ ਖੁਲਾਸਾ ਕੀਤਾ ਕਿ ਕੋਐਮਪਟ ਐਡੂਟੈਕ ਨੂੰ ਵਿਸ਼ੇਸ਼ ਛੋਟਾਂ ਦੇ ਕੇ ਠੇਕਾ ਦਿੱਤਾ ਗਿਆ ਸੀ ਅਤੇ ਇਸ ਲਈ ਨਿਯਮਾਂ ਵਿੱਚ ਵੀ ਤਬਦੀਲੀਆਂ ਕੀਤੀਆਂ ਗਈਆਂ। ਉਨ੍ਹਾਂ ਨੇ ਕਿਹਾ ਕਿ ਇਸ ਕੰਪਨੀ ਨੂੰ ਪਹਿਲਾਂ ਤੇਲੰਗਾਨਾ ਸਰਕਾਰ ਵੱਲੋਂ ਬਲੈਕਲਿਸਟ ਕੀਤਾ ਜਾ ਚੁੱਕਾ ਹੈ। ਉਨ੍ਹਾਂ ਨੇ ਸਵਾਲ ਕੀਤਾ ਕਿ ਆਖ਼ਿਰ ਇਸ ਕੰਪਨੀ ਨੂੰ ਵਿਸ਼ੇਸ਼ ਰਿਆਇਤਾਂ ਕਿਉਂ ਦਿੱਤੀਆਂ ਗਈਆਂ ਸਨ, ਜਦਕਿ ਇਹ ਵਿਦਿਆਰਥੀਆਂ ਦੇ ਭਵਿੱਖ ਅਤੇ ਕਰੀਅਰ ਨਾਲ ਖਿਲਵਾੜ ਕਰ ਰਹੀ ਹੈ।

ਇਸ ਦੌਰਾਨ ਕਾਂਗਰਸੀ ਵਰਕਰਾਂ ਨੇ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਨੂੰ ਤੁਰੰਤ ਬਰਖਾਸਤ ਕਰਨ ਦੀ ਮੰਗ ਕਰਦਿਆਂ ਸਵਾਲ ਕੀਤਾ ਕਿ ਜਦੋਂ ਇਹ ਆਪਣੇ ਹਰ ਫਰਜ਼ ਵਿੱਚ ਅਸਫਲ ਰਹੇ ਹਨ, ਤਾਂ ਪ੍ਰਧਾਨ ਮੰਤਰੀ ਮੋਦੀ ਇਨ੍ਹਾਂ ਨੂੰ ਬਚਾਉਣ ਅਤੇ ਸੁਰੱਖਿਆ ਦੇਣ ਦੀ ਕੋਸ਼ਿਸ਼ ਕਿਉਂ ਕਰ ਰਹੇ ਹਨ।

ਇਸ ਮੌਕੇ ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ, ਮੋਹਨ ਲਾਲ ਸੰਧੂ ਬਲਾਕ ਪ੍ਰਧਾਨ ਬਲਾਚੌਰ, ਬਲਜਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਪੰਚਾਇਤੀ ਰਾਜ ਸੰਗਠਨ, ਕਮਲਜੀਤ ਸਿੰਘ ਬੰਗਾ ਜ਼ਿਲ੍ਹਾ ਪ੍ਰਧਾਨ ਕਿਸਾਨ ਵਿੰਗ, ਗੁਰਵਿੰਦਰ ਸਿੰਘ ਜਨਰਲ ਸਕੱਤਰ ਡੀਸੀਸੀ, ਸੁਰਿੰਦਰ ਸ਼ਿੰਦਾ ਬੁਲਾਰਾ ਡੀਸੀਸੀ, ਧਰਮਪਾਲ ਸਾਬਕਾ ਚੇਅਰਮੈਨ, ਨਾਨਕ ਬਾਂਠ ਚੇਅਰਮੈਨ ਬਲਾਕ ਸੰਮਤੀ ਬਲਾਚੌਰ, ਕੁਲਵਰਨ ਸਿੰਘ ਬਲਾਕ ਪ੍ਰਧਾਨ ਬੰਗਾ, ਮੋਹਿੰਦਰ ਪਾਲ ਸੀਨੀਅਰ ਮੀਤ ਪ੍ਰਧਾਨ, ਕੁਲਦੀਪ ਕੁਮਾਰ ਪ੍ਰਧਾਨ ਕਿਸਾਨ ਵਿੰਗ,ਧਰਮਵੀਰ ਜਨਰਲ ਸਕੱਤਰ ਡੀਸੀਸੀ, ਸਤਨਾਮ ਸੰਧੂ ਮੈਂਬਰ ਡੀਸੀਸੀ, ਜਸਵਿੰਦਰ ਸਿੰਘ ਮੈਂਬਰ ਬੀਸੀਸੀ, ਆਦਿ ਸੈਂਕੜੇ ਪਾਰਟੀ

# ਸ੍ਰੀ ਗੁਰੂ ਅਰਜਨ ਦੇਵ ਸਰਕਾਰੀ ਕਾਲਜ ਤਰਨ ਤਾਰਨ ਵਿਖੇ ਕਰਵਾਇਆ ਗਿਆ ਸਲਾਨਾ ਵੰਡ ਸਮਾਗਮ।




ਤਰਨ ਤਾਰਨ 2 ਜੂਨ ( ਜੀਵਨ ਜੱਜ, ਵਿਜੈ ਭਾਰਗਵ )ਸ਼੍ਰੀ ਗੁਰੂ ਅਰਜਨ ਦੇਵ ਸਰਕਾਰੀ ਕਾਲਜ ਤਰਨ ਤਾਰਨ ਵਿਖੇ ਸਲਾਨਾ ਇਨਾਮ ਵੰਡ ਸਮਾਗਮ ਕਰਵਾਇਆ ਗਿਆ ।ਇਸ ਬਾਰੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਾਲਜ ਦੇ ਪ੍ਰਿੰਸੀਪਲ ਡਾ ਅਮਨਦੀਪ ਭੱਟੀ ਨੇ ਕਿਹਾ ਕਿ ਵਿਦਿਅਕ ਖੇਤਰ ,ਯੂਥ ਫੈਸਟੀਵਲ ਅਤੇ ਹੋਰ ਅੰਤਰ ਕਾਲਜ ਮੁਕਾਬਲਿਆਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਅੱਜ ਇਨਾਮ ਵੰਡ ਕੇ ਉਹਨਾਂ ਨੂੰ ਹੋਰ ਮੱਲਾਂ ਮਾਰਨ ਲਈ ਪ੍ਰੇਰਿਤ ਕੀਤਾ ਗਿਆ ਹੈ। ਉਹਨਾਂ ਵੱਲੋਂ ਕਾਲਜ ਦੀ ਸਾਲਾਨਾ ਰਿਪੋਰਟ ਵੀ ਪੜੀ ਗਈ।ਇਸ ਮੌਕੇ ਡਾ ਕਰਨਬੀਰ ਸਿੰਘ ਐਸਡੀਐਮ ਤਰਨ ਤਾਰਨ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ ਉਹਨਾਂ ਨੇ ਵਿਦਿਆਰਥੀਆਂ ਨੂੰ ਇਨਾਮ ਵੰਡੇ ਅਤੇ ਮੁਬਾਰਕਬਾਦ ਦਿੱਤੀ। ਉਹਨਾਂ ਕਿਹਾ ਕਿ ਸੱਚੀ ਲਗਨ ਨਾਲ ਕੋਈ ਵੀ ਕੰਮ ਕੀਤਾ ਜਾਵੇ ਉਸ ਦਾ ਫਲ ਜਰੂਰ ਮਿਲਦਾ ਹੈ ਵਿਦਿਆਰਥੀ ਪੜ੍ਹਾਈ ਦੇ ਨਾਲ ਨਾਲ ਖੇਡਾਂ ਅਤੇ ਹੋਰ ਮੁਕਾਬਲਿਆਂ ਦੇ ਵਿੱਚ ਭਾਗ ਜਰੂਰ ਲੈਣ। ਉਹਨਾਂ ਵੱਲੋਂ ਕਾਲਜ ਦਾ ਪ੍ਰੋਸਪੈਕਟ ਵੀ ਜਾਰੀ ਕੀਤਾ ਗਿਆ।ਸਟੇਜ ਸੰਚਾਲਨ ਡਾ ਅਜੂਨੀ ਅਤੇ ਕਰਨਜੀਤ ਕੌਰ ਸਹਾਇਕ ਪ੍ਰੋ ਕਮਿਸਟਰੀ ਅਤੇ ਸਵਪਨਦੀਪ ਸਿੰਘ ਵੱਲੋਂ ਕੀਤਾ ਗਿਆ। ਸਮਾਗਮ ਦੇ ਅੰਤ ਵਿੱਚ ਕਾਲਜ ਦੇ ਵਾਈਸ ਪ੍ਰਿੰਸੀਪਲ ਡਾ ਗੁਰਿੰਦਰਜੀਤ ਕੌਰ ਨੇ ਮੁੱਖ ਮਹਿਮਾਨ ਦਾ ਆਪਣੇ ਰੁਝੇਵਿਆਂ ਵਿਚੋਂ ਵਕਤ ਕੱਢ ਕੇ ਆਉਣ ਲਈ ਧੰਨਵਾਦ ਕੀਤਾ। ਸਮਾਗਮ ਦੇ ਕੋਆਰਡੀਨੇਟਰ ਸਹਾਇਕ ਪ੍ਰੋ ਰਮਨਦੀਪ ਕੌਰ ਵਲੋਂ ਸਹਿਯੋਗੀ ਸਟਾਫ ਮੈਂਬਰਾਂ ਦਾ ਪ੍ਰੋਗਰਾਮ ਨੂੰ ਨੇਪਰੇ ਚੜ੍ਹਨ ਵਿੱਚ ਸਟਾਫ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਕਾਲਜ ਦੇ ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ

# ਮੁੱਖ ਮੰਤਰੀ ਹਲਕੇ ਵਿੱਚ ਜਨਗਣਨਾ ਡਿਊਟੀ ਦਬਾਅ ਕਾਰਨ ਅਧਿਆਪਕਾ ਦੀ ਦਿਲ ਦਾ ਦੌਰਾ ਪੈਣ ਕਾਰਨ ਮੌਤ



ਧੂਰੀ 2 ਜੂਨ ( ਸੁਰਿੰਦਰ ਸਿੰਘ ) ਐਲੀਮੈਂਟਰੀ ਟੀਚਰਜ਼ ਯੂਨੀਅਨ ਪੰਜਾਬ ਸੰਗਰੂਰ ਬਲਾਕ ਧੂਰੀ ਦੀ ਮੀਟਿੰਗ ਸ ਜਸਵੀਰ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਰੂਪ ਵਿੱਚ ਜਨਗਣਨਾ ਡਿਊਟੀ ਵਿੱਚ ਲੱਗੇ ਮੈਡਮ ਰਮਨਾ ਰਾਣੀ ਸਰਕਾਰੀ ਪ੍ਰਾਇਮਰੀ ਸਕੂਲ ਪੇਧਨੀ ਕਲਾਂ ਦੀ ਦਿਲ ਦਾ ਦੌਰਾ ਪੈਣ ਕਾਰਨ ਹੋਈ ਮੌਤ ਤੇ ਦੁੱਖ ਪ੍ਰਗਟ ਕੀਤਾ। ਭਾਰਤ ਸਰਕਾਰ ਤੇ ਪੰਜਾਬ ਸਰਕਾਰ ਨੂੰ ਇਸ ਮੌਤ ਲਈ ਜ਼ਿੰਮੇਵਾਰ ਠਹਿਰਾਇਆ ਗਿਆ ਕਿਉਂਕਿ ਅੱਤ ਦੀ ਪੈ ਰਹੀ ਗਰਮੀ ਵਿੱਚ ਜਨਗਣਨਾ ਦਾ ਜ਼ਬਰੀ ਕੰਮ ਕਰਵਾਇਆ ਜਾ ਰਿਹਾ । ਔਰਤ ਅਧਿਆਪਕਾਂ ਤੋਂ ਖੇਤਾਂ ਵਿੱਚ ਮੋਟਰਾਂ ਤੇ ਨੰਬਰ ਲਗਾਉਣ ਲਈ ਕਿਹਾ ਜਾ ਰਿਹਾ ਹੈ। ਇਸ ਦਬਾਅ ਕਾਰਨ ਉਹਨਾਂ ਦੀ ਦਿਲ ਦਾ ਦੌਰਾ ਪੈਣ ਕਾਰਨ ਮੌਤ ਗਈ। ਇਸ ਮੀਟਿੰਗ ਵਿੱਚ ਸ ਅਵਤਾਰ ਸਿੰਘ ਭਲਵਾਨ ਜ਼ਿਲ੍ਹਾ ਪ੍ਰਧਾਨ ਸੰਗਰੂਰ ਨੇ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਡਿਊਟੀ ਲਈ ਬਣਦੇ ਲਾਭ ਅਤੇ ਪਰਿਵਾਰ ਦੇ ਮੈਂਬਰ ਨੂੰ ਸਰਕਾਰੀ ਨੌਕਰੀ ਯੋਗਤਾ ਅਨੁਸਾਰ ਦਿੱਤੀ ਜਾਵੇ। ਜਨਗਣਨਾ ਡਿਊਟੀ ਨੂੰ ਠੀਕ ਮੌਸਮ ਵਿੱਚ ਲਗਾਉਣ ਦੀ ਮੰਗ ਕੀਤੀ। ਇਸ ਸਮੇਂ ਸ ਗਗਨਦੀਪ ਸਿੰਘ ਬੁਗਰਾ , ਗੁਰਜੰਟ ਸਿੰਘ, ਅਵਤਾਰ ਸਿੰਘ, ਜਗਦੀਸ਼ ਸਿੰਘ, ਲਖਵੀਰ ਸਿੰਘ, ਨਵਦੀਪ ਸਿੰਘ, ਕਰਨੈਲ ਸਿੰਘ, ਬਲਵੀਰ ਸਿੰਘ , ਜਗਰੂਪ ਸਿੰਘ ਧਾਂਦਰਾ, ਮਨਜੀਤ ਸਿੰਘ , ਬਲਵਿੰਦਰ ਸਿੰਘ ਹਾਜ਼ਰ ਸਨ।

# ਗੁਰੂ ਘਰ ਦੇ ਲੰਗਰ ਦੇ ਜੂਠੇ ਭਾਂਡੇ ਸਾਫ ਕਰਨ ਦੀ ਮਹੱਤਤਾ




ਜਿਸ ਤਰਾਂ ਗੁਰਬਾਣੀ ਦਾ ਫੁਰਮਾਨ ਹੈ ਕਿ ਪ੍ਰਮਾਤਮਾਂ ਦਾ ਸਿਮਰਨ ਕਰਨ ਨਾਲ ਮਨ ਪਵਿੱਤਰ ਹੁੰਦਾ ਹੈ,ਕਿਰਤ ਕਰਨ ਨਾਲ ਹੱਥ ਪੈਰ ਸਫਲ ਹੁੰਦੇ ਹਨ ਉਸੇ ਤਰਾਂ ਗੁਰੂ ਘਰ ਦੀ ਸੇਵਾ ਤੇ ਲੰਗਰ ਦੇ ਬਰਤਨ ਸਾਫ ਕਰਨ ਨਾਲ ਮਨ ਦੀ ਮੈਲ ,ਮਨ ਅੰਦਰ ਗਰੀਬੀ ਤੇ ਨਿਰਮਤਾ ਪ੍ਰਵੇਸ਼ ਕਰਦੀ ਹੈ ਜਿਵੇਂ ਜਿਵੇਂ ਪ੍ਰਾਣੀ ਰੀਝ ਨਾਲ ਸੇਵਾ ਕਰਦਾ ਹੈ ਤਾਂ ਉਸ ਵਿੱਚੋਂ ਹੀਣ ਭਾਵਨਾ ਖਤਮ ਹੋ ਜਾਂਦੀ ਹੈ । ਗੁਰੂ ਸਾਹਿਬਾਨ ਐਸੇ ਬੰਦੇ ਨਹੀ ਲੱਭਿਆ ਕਰਦੇ ਹਨ ਜਿੰਨਾਂ ਦਾ ਰਾਜਸੀ ਪ੍ਰਤਾਪ ਹੋਵੇ ਜਾਂ ਜਿੰਨਾਂ ਪਾਸ ਬਹੁਤੀ ਮਾਇਆ ਹੋਵੇ।ਗੁਰੂ ਸਾਹਿਬਾਨ ਬੇਗਰਜ ਸੇਵਕ ਲੱਭਦੇ ਹਨ ਜਾਂ ਅਜਿਹੇ ਸੇਵਕਾਂ ਨੂੰ ਉਹ ਆਪ ਤਿਆਰ ਕਰ ਲੈਂਦੇ ਹਨ।ਇਤਿਹਾਸ ਮੁਤਾਬਿਕ ਜਦ ਸ੍ਰੀ ਗੁਰੂ ਅਮਰਦਾਸ ਜੀ ਪਹਿਲੀ ਵਾਰ ਸ੍ਰੀ ਗੁਰੂ ਅੰਗਦ ਦੇਵ ਜੀ ਨੂੰ ਮਿਲੇ ਤਾਂ ਗੁਰੂ ਸਾਹਿਬ ਜੀ ਨੂੰ ਪਤਾ ਲੱਗ ਗਿਆ ਕਿ ਪ੍ਰਮਾਤਮਾਂ ਨੇ ਇੱਕ ਪਰਮ ਸੱਚੇ ਸੇਵਕ ਨੂੰ ਉਨਾ ਕੋਲ ਭੇਜ ਦਿੱਤਾ ਹੈ ਜਿਸ ਦੇ ਹਵਾਲੇ ਸਿੱਖੀ ਲਹਿਰ ਜਾਂ ਗੁਰਸਿੱਖੀ ਲਹਿਰ ਕੀਤੀ ਜਾ ਸਕਦੀ ਹੈ ਪਰੰਤੂ ਸ੍ਰੀ ਗੁਰੂ ਅੰਗਦ ਦੇਵ ਜੀ ਅਮਰ ਦਾਸ ਜੀ ਨੂੰ ਪੂਰੇ ਗੁਰਮੱਖ ਬਣਾਉਣਾ ਚਾਹੁੰਦੇ ਸਨ ਇਸ ਲਈ ਉਨਾਂ ਨੂੰ ਪਹਿਲੀ ਸਿੱਖਿਆ ਇਹ ਦਿੱਤੀ ਗਈ ਕਿ ਉਹ ਰੋਜਾਨਾ ਜਪੁਜੀ ਸਾਹਿਬ ਪੜ੍ਹਨਗੇ ਅਤੇ ਗੁਰਮਤਿ ਵਿਚਾਰਧਾਰਾ ਗ੍ਰਹਿਣ ਕਰਨਗੇ ਅਤੇ ਉਸ ਮੁਤਾਬਿਕ ਆਪਣਾ ਜੀਵਨ ਬਣਾਉਣਗੇ ਤੇ ਗੁਰ ਘਰ ਦੇ ਲੰਗਰ ਦੇ ਜੂਠੇ ਭਾਂਡੇ ਮਾਂਜ ਕੇ ਅਮਲੀ ਤੌਰ ਤੇ ਭਾਰੇ ਗਾਉਰ੍ਹੇ ਬਣਨਗੇ ਗੁਰੂ ਸਾਹਿਬ ਕੋਲ ਭਾਡੇ ਮਾਂਜਣ ਵਾਲਿਆ ਦੀ ਕੋਈ ਘਾਟ ਨਹੀ ਸੀ ਪਰ ਗੁਰੂ ਸਾਹਿਬ ਚਾਹੁੰਦੇ ਸਨ ਕਿ ਜਿਸ ਪੁਰਸ਼ ਨੇ ਸਿੱਖੀ ਲਹਿਰ ਨੂੰ ਅੱਗੇ ਵਧਾਉਣ ਦਾ ਮੋਢੀ ਬਣਨਾ ਹੈ ਉਹ ਪਹਿਲਾਂ ਆਪ ਹਰ ਪੱਖੋਂ ਪੂਰਾ ਹੋਵੇ ਭਾਵ ਕਿ ਗੁਰੂ ਘਰ ਦੇ ਜੂਠੇ ਭਾਡੇ ਮਾਂਜ ਕੇ ਅਤਿ ਨਿਰਮਤਾ ਤੇ ਗਰੀਬੀ ਘਰ ਵਿੱਚ ਪ੍ਰਵੇਸ਼ ਕਰੇ ਅਤੇ ਆਪਣੇ ਮਨ ਭਾਵ ਅੰਦਰ ਦੀ ਸਾਰੀ ਮੈਲ ਧੋ ਦੇਵੇ ਅਤੇ ਇਸੇ ਤਰਾਂ ਸਾਰੇ ਸੰਸਾਰ ਦੀ ਮੈਲ ਧੋਣ ਦੀ ਸਮਰੱਥਾ ਪ੍ਰਾਪਤ ਕਰੇ।। ਗੁਰਬਾਣੀ ਦੀ ਪੰਕਤੀ--ਆਹਰ ਸਭਿ ਕਰਦਾ ਫਿਰੇ ਆਹਰੁ ਇਕ ਨ ਹੋਇ। ।ਨਾਨਕ ਜਿਤੁ ਅਹਰਿ ਜਗੁ ਉਧਰੇ ਵਿਰਲਾ ਬੂਝੈ ਕੋਇ।। ਭੁੱਲ-ਚੁੱਕ ਦੀ ਖਿਮਾ

ਸਵਰਨ ਸਿੰਘ ਭਗਤਾ (ਬਠਿੰਡਾ)

# 'ਆਪ' ਸਰਕਾਰ ਵੱਲੋਂ ਬਿਕਰਮ ਸਿੰਘ ਮਜੀਠੀਆ ਨੂੰ ਮੁੜ ਗ੍ਰਿਫ਼ਤਾਰ ਕਰਨ ਦੀ ਰਚੀ ਜਾ ਰਹੀ ਸਾਜ਼ਿਸ਼ - ਹਨੀ ਟੌਂਸਾ




ਨਵਾਂਸ਼ਹਿਰ , 2 ਜੂਨ (ਜਤਿੰਦਰਪਾਲ ਸਿੰਘ ਕਲੇਰ) : ਪੰਜਾਬ ਦੀ ਸਿਆਸਤ ਵਿੱਚ ਇੱਕ ਵਾਰ ਫਿਰ ਤੋਂ ਗਰਮਾ-ਗਰਮੀ ਦਾ ਮਾਹੌਲ ਬਣ ਗਿਆ ਹੈ। ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਹਲਕਾ ਬਲਾਚੌਰ ਤੋਂ ਇੰਚਾਰਜ ਸੰਦੀਪ ਚੋਧਰੀ (ਹਨੀ ਟੌਂਸਾ) ਨੇ ਮੌਜੂਦਾ ਆਮ ਆਦਮੀ ਪਾਰਟੀ (ਆਪ) ਸਰਕਾਰ 'ਤੇ ਸਿਆਸੀ ਬਦਲਾਖੋਰੀ ਦੇ ਗੰਭੀਰ ਦੋਸ਼ ਲਗਾਏ ਹਨ। ਅਕਾਲੀ ਆਗੂ ਨੇ ਦੋਸ਼ ਲਗਾਇਆ ਕਿ 'ਆਪ' ਸਰਕਾਰ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੂੰ ਇੱਕ ਵਾਰ ਫਿਰ ਤੋਂ ਝੂਠੇ ਕੇਸ ਵਿੱਚ ਉਲਝਾ ਕੇ ਮੁੜ ਗ੍ਰਿਫ਼ਤਾਰ ਕਰਨ ਦੀ ਡੂੰਘੀ ਸਾਜ਼ਿਸ਼ ਰਚੀ ਜਾ ਰਹੀ ਹੈ, ਜਿਸ ਦੀ ਉਹ ਅਤੇ ਉਨ੍ਹਾਂ ਦੀ ਪਾਰਟੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੇ ਹਨ।

ਹਨੀ ਟੌਂਸਾ ਨੇ ਮੌਜੂਦਾ ਸਿਆਸੀ ਸਥਿਤੀ 'ਤੇ ਤੰਜ਼ ਕੱਸਦਿਆਂ ਆਖਿਆ ਕਿ ਆਮ ਆਦਮੀ ਪਾਰਟੀ ਦੀ ਦਿੱਲੀ ਲੀਡਰਸ਼ਿਪ ਨੂੰ ਹੁਣ ਸਾਫ਼ ਤੌਰ 'ਤੇ ਨਜ਼ਰ ਆ ਰਿਹਾ ਹੈ ਕਿ ਪੰਜਾਬ ਦੀ ਸੱਤਾ ਅਤੇ ਲੋਕਾਂ ਦਾ ਵਿਸ਼ਵਾਸ ਉਨ੍ਹਾਂ ਦੇ ਹੱਥੋਂ ਖਿਸਕਦਾ ਜਾ ਰਿਹਾ ਹੈ। ਆਪਣੀ ਖਿਸਕਦੀ ਸਿਆਸੀ ਜ਼ਮੀਨ ਅਤੇ ਨਾਕਾਮੀਆਂ ਨੂੰ ਲੁਕਾਉਣ ਲਈ ਹੀ ਦਿੱਲੀ ਦੇ ਇਸ਼ਾਰੇ 'ਤੇ ਪੰਜਾਬ ਦੀ ਲੀਡਰਸ਼ਿਪ ਵੱਲੋਂ ਇਹ ਵਿਉਂਤਬੰਦੀ ਕੀਤੀ ਜਾ ਰਹੀ ਹੈ ਤਾਂ ਜੋ ਵਿਰੋਧੀ ਧਿਰਾਂ ਦੀ ਆਵਾਜ਼ ਨੂੰ ਦਬਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਅਜਿਹੀਆਂ ਸਿਆਸੀ ਸਾਜ਼ਿਸ਼ਾਂ ਅਤੇ ਡਰਾਵੇ ਅਕਾਲੀ ਦਲ ਦੇ ਹੌਸਲਿਆਂ ਨੂੰ ਪਸਤ ਨਹੀਂ ਕਰ ਸਕਦੇ।

ਅਕਾਲੀ ਆਗੂ ਨੇ ਸਰਕਾਰ ਨੂੰ ਸਪੱਸ਼ਟ ਚੇਤਾਵਨੀ ਦਿੰਦਿਆਂ ਕਿਹਾ ਕਿ ਸਮੁੱਚਾ ਸ਼੍ਰੋਮਣੀ ਅਕਾਲੀ ਦਲ ਅਤੇ ਪਾਰਟੀ ਦਾ ਹਰ ਇੱਕ ਵਰਕਰ ਚੱਟਾਨ ਵਾਂਗ ਬਿਕਰਮ ਸਿੰਘ ਮਜੀਠੀਆ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਹੈ। ਸਰਕਾਰ ਦੀਆਂ ਇਨ੍ਹਾਂ ਧੱਕੇਸ਼ਾਹੀਆਂ ਅਤੇ ਸਾਜ਼ਿਸ਼ਾਂ ਦਾ ਡਟ ਕੇ ਮੁਕਾਬਲਾ ਕੀਤਾ ਜਾਵੇਗਾ ਅਤੇ ਪਾਰਟੀ ਲੀਡਰਸ਼ਿਪ ਕਿਸੇ ਵੀ ਤਰ੍ਹਾਂ ਦੇ ਸਿਆਸੀ ਜਬਰ ਅੱਗੇ ਝੁਕਣ ਵਾਲੀ ਨਹੀਂ ਹੈ।

# ਸੁੱਖ ਦੇ ਕਾਰਨ ਲੱਭੋ, ਜੀਵਨ ਨੂੰ ਪ੍ਰਸੰਨਤਾ ਨਾਲ ਜੀਣਾ ਸਿੱਖੋ : ਸ਼ਾਸਤਰੀ ਓਮ ਸ਼ਰਮਾ



ਬਟਾਲਾ, 2 ਜੂਨ (ਬਲਦੇਵ ਸਿੰਘ ਖਾਲਸਾ,, ਸੁਨੀਲ ਬਟਾਲਵੀ): ਗੀਤਾ ਮੰਦਿਰ ਰੇਲਵੇ ਰੋਡ, ਪ੍ਰੇਮ ਨਗਰ ਦਾਰਾ ਸਲਾਮ ਗੀਤਾ ਮੰਦਰ ਬਟਾਲਾ ਵਿਖੇ ਚੱਲ ਰਹੀ ਭਾਗਵਤ ਕਥਾ ਦੇ ਦੂਜੇ ਦਿਨ ਕਥਾਵਾਚਕ ਸ਼ਾਸਤਰੀ ਓਮ ਸ਼ਰਮਾ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਨੁੱਖ ਨੂੰ ਜੀਵਨ ਵਿੱਚ ਸੁੱਖ ਦੇ ਕਾਰਨ ਲੱਭਣੇ ਚਾਹੀਦੇ ਹਨ ਅਤੇ ਜੀਵਨ ਨੂੰ ਹਮੇਸ਼ਾ ਪ੍ਰਸੰਨਤਾ ਨਾਲ ਜੀਣਾ ਸਿੱਖਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਹਰ ਦਿਨ ਸ਼ਾਮ ਨੂੰ ਸਿਰਫ਼ ਸੂਰਜ ਹੀ ਨਹੀਂ ਢਲਦਾ, ਸਗੋਂ ਸਾਡੀ ਜ਼ਿੰਦਗੀ ਦਾ ਇੱਕ ਦਿਨ ਵੀ ਘੱਟ ਹੋ ਜਾਂਦਾ ਹੈ। ਜੀਵਨ ਵਿੱਚ ਦੁੱਖੀ ਰਹਿਣ ਦੇ ਕਈ ਕਾਰਨ ਹੋ ਸਕਦੇ ਹਨ, ਪਰ ਜੇ ਅਸੀਂ ਧਿਆਨ ਨਾਲ ਵੇਖੀਏ ਤਾਂ ਖੁਸ਼ ਰਹਿਣ ਦੇ ਵੀ ਬਹੁਤ ਸਾਰੇ ਕਾਰਨ ਮਿਲ ਜਾਂਦੇ ਹਨ। ਹਰ ਵਿਅਕਤੀ ਨੂੰ ਆਪਣੇ ਜੀਵਨ ਨਾਲ ਕਈ ਸ਼ਿਕਾਇਤਾਂ ਹੋ ਸਕਦੀਆਂ ਹਨ, ਪਰ ਜੇ ਸਕਾਰਾਤਮਕ ਸੋਚ ਅਪਣਾਈ ਜਾਵੇ ਤਾਂ ਜੀਵਨ ਨੂੰ ਖੁਸ਼ਹਾਲ ਬਣਾਇਆ ਜਾ ਸਕਦਾ ਹੈ।ਉਨ੍ਹਾਂ ਉਦਾਹਰਣ ਦਿੰਦਿਆਂ ਕਿਹਾ ਕਿ ਨੀਮ ਭਾਵੇਂ ਕੌੜਾ ਹੁੰਦਾ ਹੈ ਪਰ ਉਹ ਅਨੇਕ ਔਸ਼ਧੀ ਗੁਣਾਂ ਨਾਲ ਭਰਪੂਰ ਹੁੰਦਾ ਹੈ। ਇਸੇ ਤਰ੍ਹਾਂ ਜੀਵਨ ਵਿੱਚ ਕੁਝ ਕੌੜੀਆਂ ਗੱਲਾਂ ਵੀ ਸਾਡੇ ਹਿੱਤ ਲਈ ਹੁੰਦੀਆਂ ਹਨ। ਸਰੋਵਰ ਦੀ ਕੀਚੜ ਨੂੰ ਦੇਖ ਕੇ ਦੁਖੀ ਹੋਣ ਦੀ ਬਜਾਏ ਉਸ ਵਿੱਚ ਖਿੜੇ ਕਮਲ ਨੂੰ ਦੇਖ ਕੇ ਖੁਸ਼ ਹੋਣਾ ਚਾਹੀਦਾ ਹੈ। ਕੰਡਿਆਂ ਨੂੰ ਦੇਖ ਕੇ ਨਿਰਾਸ਼ ਹੋਣ ਦੀ ਥਾਂ ਗੁਲਾਬ ਦੇ ਫੁੱਲ ਤੋਂ ਖੁਸ਼ੀ ਪ੍ਰਾਪਤ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜੀਵਨ ਵਿੱਚ ਸੁੱਖ ਸਾਡੇ ਹੱਥ ਵਿੱਚ ਨਹੀਂ ਹੁੰਦਾ ਪਰ ਪ੍ਰਸੰਨਤਾ ਸਾਡੇ ਅੰਦਰੋਂ ਹੀ ਜਨਮ ਲੈਂਦੀ ਹੈ।ਕਥਾ ਹਾਲ ਵਿੱਚ ਕੁਝ ਵਿਅਕਤੀਆਂ ਨੂੰ ਛੱਡ ਕੇ ਵੱਡੀ ਗਿਣਤੀ ਵਿੱਚ ਮਾਤਰੀ ਸ਼ਕਤੀ ਦੀ ਹਾਜ਼ਰੀ ਰਹੀ ਅਤੇ ਹਾਲ ਸੰਗਤ ਨਾਲ ਭਰਿਆ ਹੋਇਆ ਸੀ। ਅਖੀਰ ਵਿੱਚ ਆਰਤੀ ਉਪਰੰਤ ਗੀਤਾ ਮੰਦਿਰ ਦੇ ਪ੍ਰਬੰਧਕ ਮੈਡਮ ਗੋਗਾ ਦੀ ਅਗਵਾਈ ਹੇਠ ਬੜੀ ਸ਼ਰਧਾ ਨਾਲ ਪ੍ਰਸਾਦ ਵੰਡਿਆ ਗਿਆ। ਇਸ ਮੌਕੇ ਕਥਾਵਾਚਕ ਜੀ ਨੂੰ ਸਿਧਾਰਥ ਸ਼ਰਮਾ ਅਤੇ ਉਨ੍ਹਾਂ ਦੀ ਟੀਮ ਨੇ ਵੀ ਵਧੀਆ ਸਹਿਯੋਗ ਦਿੱਤਾ।

# ਭਾਜਪਾ ਆਗੂ ਮਨੀਸ਼ ਪੰਡਿਤ ਵੱਲੋਂ ਖੇਡ ਸੇਵਾਵਾਂ ਲਈ ਬਾਕਸਿੰਗ ਅਤੇ ਕਿੱਕ ਬਾਕਸਿੰਗ ਕੋਚ ਬਲਦੇਵ ਰਾਜ ਦੇਵ ਦਾ ਸਨਮਾਨ



ਅੰਮ੍ਰਿਤਸਰ, 2 ਜੂਨ ( ਰਣਜੀਤ ਸਿੰਘ ਮਸੌਣ/ਬਲਦੇਵ ਰਾਜ)- ਰਿਧੀਮਾ ਸਪੋਰਟਸ ਕਲੱਬ ਇੰਡੀਆ (ਰਜਿ.), ਜੋ ਲੰਬੇ ਸਮੇਂ ਤੋਂ ਖੇਡਾਂ ਦੇ ਪ੍ਰਚਾਰ ਅਤੇ ਵਿਕਾਸ ਲਈ ਰਾਸ਼ਟਰੀ ਪੱਧਰ ‘ਤੇ ਕੰਮ ਕਰ ਰਹੀ ਹੈ, ਵੱਲੋਂ 25 ਤੋਂ 26 ਮਈ 2026 ਤੱਕ ਐੱਮ.ਏ.ਐੱਮ. ਸਟੇਡੀਅਮ, ਜੰਮੂ ਵਿਖੇ 6ਵੀਂ ਯੂਥ ਐਂਡ ਸਪੋਰਟਸ ਪ੍ਰਮੋਸ਼ਨ ਨੈਸ਼ਨਲ ਕ੍ਰਿਕਟ ਅਤੇ ਕਬੱਡੀ ਚੈਂਪੀਅਨਸ਼ਿਪ ਦਾ ਸਫ਼ਲ ਆਯੋਜਨ ਕੀਤਾ ਗਿਆ।

ਇਸ ਚੈਂਪੀਅਨਸ਼ਿਪ ਵਿੱਚ ਦੇਸ਼ ਭਰ ਦੀਆਂ 8 ਟੀਮਾਂ ਅਤੇ ਕਲੱਬਾਂ ਦੇ ਖਿਡਾਰੀਆਂ ਨੇ ਭਾਗ ਲਿਆ। ਕਬੱਡੀ ਮੁਕਾਬਲਿਆਂ ਵਿੱਚ ਤਾਮਿਲਨਾਡੂ ਨੂੰ ਚੈਂਪੀਅਨ ਘੋਸ਼ਿਤ ਕੀਤਾ ਗਿਆ, ਜਦਕਿ ਆਂਧਰਾ ਪ੍ਰਦੇਸ਼ ਪਹਿਲਾਂ ਰਨਰ-ਅਪ ਅਤੇ ਪੰਜਾਬ ਦੂਜਾ ਰਨਰ-ਅਪ ਰਿਹਾ। ਕ੍ਰਿਕਟ ਮੁਕਾਬਲਿਆਂ ਵਿੱਚ ਜੰਮੂ-ਕਸ਼ਮੀਰ ਯੂਟੀ ਨੇ ਪਹਿਲਾਂ ਸਥਾਨ ਹਾਸਲ ਕੀਤਾ, ਆਂਧਰਾ ਪ੍ਰਦੇਸ਼ ਦੂਜੇ ਅਤੇ ਰਾਜਸਥਾਨ ਤੀਜੇ ਸਥਾਨ ‘ਤੇ ਰਿਹਾ।

ਇਸ ਮੌਕੇ ‘ਤੇ ਖੇਡਾਂ ਦੇ ਖੇਤਰ ਵਿੱਚ ਵਿਸ਼ੇਸ਼ ਯੋਗਦਾਨ ਪਾਉਣ ਵਾਲੇ ਬਾਕਸਿੰਗ ਅਤੇ ਕਿੱਕ ਬਾਕਸਿੰਗ ਕੋਚ ਬਲਦੇਵ ਰਾਜਡ਼ਦੇਵ ਨੂੰ ਖੇਡ ਸੇਵਾਵਾਂ ਲਈ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਸਾਬਕਾ ਉਪ ਚੇਅਰਮੈਨ ਅਤੇ ਸੀਨੀਅਰ ਭਾਜਪਾ ਆਗੂ ਪੰਡਿਤ ਮੁਨੀਸ਼ ਸ਼ਰਮਾ ਵੱਲੋਂ ਪ੍ਰਦਾਨ ਕੀਤਾ ਗਿਆ।

ਚੈਂਪੀਅਨਸ਼ਿਪ ਦੌਰਾਨ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੀਆਂ ਟੀਮਾਂ ਅਤੇ ਖਿਡਾਰੀਆਂ ਨੂੰ ਇਨਾਮ ਸਾਬਕਾ ਉਪ ਚੇਅਰਮੈਨ ਅਤੇ ਸੀਨੀਅਰ ਭਾਜਪਾ ਆਗੂ ਪੰਡਿਤ ਮੁਨੀਸ਼ ਸ਼ਰਮਾ ਅਤੇ ਸ. ਚਰਨਜੀਤ ਸਿੰਘ ਰੈਣਾ, ਡਾਇਰੈਕਟਰ, ਸਿਟੀਜ਼ਨਜ਼ ਕੋਆਪਰੇਟਿਵ ਬੈਂਕ ਵੱਲੋਂ ਸਾਂਝੇ ਤੌਰ ‘ਤੇ ਵੰਡੇ ਗਏ। ਇਸ ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਬਾਕਸਿੰਗ ਅਤੇ ਕਿੱਕ ਬਾਕਸਿੰਗ ਕੋਚ ਬਲਦੇਵ ਰਾਜਦੇਵ, ਸ਼੍ਰੀ ਸੰਤੋਸ਼ ਕੁਮਾਰ, ਅਜੈ ਸ਼ਰਮਾ, ਜਸਮੀਤ ਸਿੰਘ, ਕੁਲਵਿੰਦਰ ਸਿੰਘ, ਅਨਿਲ ਵਢੇਰਾ (ਮੈਨੇਜਰ, ਸਟੇਡੀਅਮ ਗਰਾਊਂਡ), ਅਤੇ ਵਕੀਲ ਸਿੰਘ (ਐਸ.ਓ., ਸਟੇਡੀਅਮ ਗਰਾਊਂਡ) ਵੀ ਮੌਜੂਦ ਸਨ।

# ਭਾਗਵਤ ਕਥਾ ਦੇ ਸ੍ਰਵਣ ਨਾਲ ਮਨੁੱਖ ਦੇ ਪਾਪਾਂ ਦਾ ਨਾਸ਼ ਹੁੰਦਾ ਹੈ : ਅਮਰ ਗੋਇਲ ਕਥਾ ਗਿਆਨ ਯੱਗ ਨਾਲ ਭਗਤੀਮਈ ਹੋਇਆ ਸ਼ਹਿਰ ਸਮਾਣਾ



ਸਮਾਣਾ, 2 ਜੂਨ (ਦੀਵਾਨ ਥਰੇਜਾ) – ਸ਼ਿਵ ਮੰਦਰ ਅਤੇ ਧਰਮਸ਼ਾਲਾ ਪ੍ਰਬੰਧਕ ਕਮੇਟੀ, ਕ੍ਰਿਸ਼ਨਾ ਬਸਤੀ, ਬੱਸ ਅੱਡਾ ਰੋਡ ਸਮਾਣਾ ਵੱਲੋਂ ਕਮੇਟੀ ਦੇ ਪ੍ਰਧਾਨ ਅਮਰ ਗੋਇਲ ਦੀ ਅਗਵਾਈ ਹੇਠ ਕਰਵਾਇਆ ਗਿਆ ਸੱਤ ਰੋਜ਼ਾ ਸ਼੍ਰੀਮਦ ਭਾਗਵਤ ਕਥਾ ਮਹੋਤਸਵ ਸ਼ਰਧਾ, ਭਗਤੀ ਅਤੇ ਆਧਿਆਤਮਿਕ ਉਤਸ਼ਾਹ ਦੇ ਮਾਹੌਲ ਵਿੱਚ ਸੰਪੰਨ ਹੋ ਗਿਆ। ਕਥਾ ਦੇ ਸਮਾਪਤੀ ਸਮਾਗਮ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਸ਼ਿਰਕਤ ਕਰਕੇ ਭਗਵਾਨ ਸ਼੍ਰੀ ਕ੍ਰਿਸ਼ਨ ਦੀ ਮਹਿਮਾ ਦਾ ਗੁਣਗਾਨ ਕੀਤਾ ਅਤੇ ਧਰਮ ਲਾਭ ਪ੍ਰਾਪਤ ਕੀਤਾ।

ਸ਼ਿਵ ਮੰਦਿਰ ਕਮੇਟੀ ਦੇ ਪ੍ਰਧਾਨ ਅਮਰ ਗੋਇਲ ਨੇ ਸ਼੍ਰੀਮਦ ਭਾਗਵਤ ਮਹਾਪੁਰਾਣ ਦੇ ਵੱਖ-ਵੱਖ ਪ੍ਰਸੰਗਾਂ ਦਾ ਭਾਵਪੂਰਨ ਵਰਣਨ ਕਰਦਿਆਂ ਸ਼ਰਧਾਲੂਆਂ ਨੂੰ ਧਰਮ, ਕਰਮ, ਭਗਤੀ ਅਤੇ ਮਨੁੱਖੀ ਜੀਵਨ ਦੇ ਆਦਰਸ਼ਾਂ ਦਾ ਸੰਦੇਸ਼ ਦਿੱਤਾ। ਉਨ੍ਹਾਂ ਨੇ ਧ੍ਰੂਵ ਚਰਿੱਤਰ, ਪ੍ਰਹਿਲਾਦ ਭਗਤੀ, ਗਜੇਂਦਰ ਮੋਖਸ਼, ਸਮੁੰਦਰ ਮੰਥਨ, ਸ਼੍ਰੀ ਕ੍ਰਿਸ਼ਨ ਜਨਮ ਉਤਸਵ, ਗੋਵਰਧਨ ਪੂਜਾ, ਰਾਸਲੀਲਾ ਅਤੇ ਸੁਦਾਮਾ ਚਰਿੱਤਰ ਸਮੇਤ ਕਈ ਪ੍ਰਸੰਗਾਂ ਦਾ ਮਾਰਮਿਕ ਵਰਣਨ ਕੀਤਾ। ਕਥਾ ਦੌਰਾਨ ਸ਼ਰਧਾਲੂ ਭਜਨਾਂ ਅਤੇ ਕੀਰਤਨ 'ਤੇ ਭਾਵ-ਵਿਭੋਰ ਹੋ ਕੇ ਝੂਮ ਉੱਠੇ।

ਸ਼ਿਵ ਮੰਦਰ ਅਤੇ ਧਰਮਸ਼ਾਲਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਮਰ ਗੋਇਲ ਨੇ ਕਿਹਾ ਕਿ ਸ਼੍ਰੀਮਦ ਭਾਗਵਤ ਕਥਾ ਕੇਵਲ ਇੱਕ ਧਾਰਮਿਕ ਗ੍ਰੰਥ ਹੀ ਨਹੀਂ, ਸਗੋਂ ਜੀਵਨ ਨੂੰ ਸਹੀ ਦਿਸ਼ਾ ਦੇਣ ਵਾਲਾ ਦਿਵਿਆ ਗਿਆਨ ਹੈ। ਭਾਗਵਤ ਕਥਾ ਦੇ ਸ੍ਰਵਣ ਨਾਲ ਮਨੁੱਖ ਦੇ ਪਾਪਾਂ ਦਾ ਨਾਸ਼ ਹੁੰਦਾ ਹੈ, ਮਨ ਨੂੰ ਸ਼ਾਂਤੀ ਮਿਲਦੀ ਹੈ ਅਤੇ ਸਮਾਜ ਵਿੱਚ ਪਿਆਰ, ਭਾਈਚਾਰੇ ਅਤੇ ਸਦਭਾਵਨਾ ਦੀ ਭਾਵਨਾ ਮਜ਼ਬੂਤ ਹੁੰਦੀ ਹੈ। ਉਨ੍ਹਾਂ ਨੌਜਵਾਨਾਂ ਨੂੰ ਭਾਰਤੀ ਸਭਿਆਚਾਰ ਅਤੇ ਸਨਾਤਨ ਪਰੰਪਰਾਵਾਂ ਨਾਲ ਜੁੜਨ ਦਾ ਸੱਦਾ ਵੀ ਦਿੱਤਾ।

ਕਥਾ ਦੇ ਸਮਾਪਤੀ ਦਿਵਸ ਮੌਕੇ ਵਿਧੀ-ਵਿਧਾਨ ਨਾਲ ਹਵਨ-ਯੱਗ ਅਤੇ ਪੂਰਨਾਹੁਤੀ ਕਰਵਾਈ ਗਈ। ਸ਼ਰਧਾਲੂਆਂ ਨੇ ਪਰਿਵਾਰ ਦੀ ਸੁੱਖ-ਸਮ੍ਰਿੱਧੀ, ਇਲਾਕੇ ਦੀ ਖੁਸ਼ਹਾਲੀ ਅਤੇ ਵਿਸ਼ਵ ਸ਼ਾਂਤੀ ਲਈ ਆਹੁਤੀਆਂ ਅਰਪਿਤ ਕੀਤੀਆਂ। ਇਸ ਉਪਰੰਤ ਸ਼੍ਰੀਮਦ ਭਾਗਵਤ ਕਥਾ ਦਾ ਭੋਗ ਪਾਇਆ ਗਿਆ ਅਤੇ ਭਗਵਾਨ ਦੇ ਜੈਕਾਰਿਆਂ ਨਾਲ ਸਾਰਾ ਪਰਿਸਰ ਗੂੰਜ ਉੱਠਿਆ।

ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਧਾਰਮਿਕ ਅਤੇ ਸਮਾਜਿਕ ਪ੍ਰੋਗਰਾਮ ਕਰਵਾਏ ਜਾਂਦੇ ਰਹਿਣਗੇ।ਕਥਾ ਸਮਾਪਤੀ ਤੋਂ ਬਾਅਦ ਸ਼ਰਧਾਲੂਆਂ ਲਈ ਵਿਸ਼ਾਲ ਭੰਡਾਰੇ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਹਜ਼ਾਰਾਂ ਸ਼ਰਧਾਲੂਆਂ ਨੇ ਪ੍ਰਸਾਦ ਗ੍ਰਹਿਣ ਕਰਕੇ ਪੁੰਨ ਪ੍ਰਾਪਤ ਕੀਤਾ।

ਇਸ ਮੌਕੇ ਪੱਤਰਕਾਰ ਅਸ਼ੋਕ ਮੀਨੋਚਾ,ਜੀਵਨ ਗੋਇਲ, ਮੋਹਿਤ ਗੋਇਲ, ਸੁਭਾਸ਼ ਸਿੰਗਲਾ (ਗਾਜੇਵਾਸ ਵਾਲੇ), ਸੋਨੀ ਗਰਗ, ਵਿਨੋਦ ਵਰਮਾ, ਦੇਵਕੀ ਨੰਦਨ, ਸੁਰੇਸ਼ ਆਲਮਪੁਰ, ਰਾਜਿੰਦਰ ਗੋਇਲ, ਨਵੀਨ ਸਿੰਗਲਾ, ਵਿਜੈ ਸਿੰਗਲਾ (ਗਾਜੇਵਾਸ ਵਾਲੇ), ਅਨਿਲ ਗਰਗ (ਛੁਟਕਾ), ਸੀਤਾ ਰਾਣੀ, ਮਨੀਸ਼ਾ ਰਾਣੀ,ਪ੍ਰਵੀਤਾ ਰਾਣੀ, ਕਿਰਨ ਬਾਂਸਲ (ਬਿਜਲਪੁਰ ਵਾਲੇ) ਸਮੇਤ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਸਨ।

## ਸ਼ਿਵ ਸ਼ਕਤੀ ਮਹਿਲਾ ਸੰਕੀਰਤਨ ਮੰਡਲੀ ਵੱਲੋਂ ਸ਼੍ਰੀਮਤੀ ਵਿਸ਼ਾਲ ਸ਼ਰਮਾ (ਪਤਨੀ ਸ਼੍ਰੀ ਪ੍ਰਿੰਸ ਜੋਸ਼ੀ) ਦਾ ਸਨਮਾਨ



ਅਮਰਗੜ੍ਹ 2 ਜੂਨ ( ਸੁਰਿੰਦਰ ਸਿੰਗਲਾ)ਵਾਰਡ ਨੰਬਰ 5 ਵਿੱਚ ਸ਼ਿਵ ਸ਼ਕਤੀ ਮਹਿਲਾ ਸੰਕੀਰਤਨ ਮੰਡਲੀ ਵੱਲੋਂ ਨਵ-ਨਿਯੁਕਤ ਐਮ.ਸੀ. ਸ਼੍ਰੀਮਤੀ ਵਿਸ਼ਾਲ ਸ਼ਰਮਾ (ਪਤਨੀ ਸ਼੍ਰੀ ਪ੍ਰਿੰਸ ਜੋਸ਼ੀ) ਦੇ ਸਨਮਾਨ ਵਿੱਚ ਇੱਕ ਵਿਸ਼ੇਸ਼ ਸਮਾਰੋਹ ਆਯੋਜਿਤ ਕੀਤਾ ਗਿਆ। ਇਸ ਮੌਕੇ ਇਲਾਕਾ ਨਿਵਾਸੀਆਂ ਦੀ ਭਾਰੀ ਗਿਣਤੀ ਵਿੱਚ ਹਾਜ਼ਰੀ ਦੇਖਣ ਨੂੰ ਮਿਲੀ।ਇਸ ਮੌਕੇ ਐਮ.ਸੀ. ਸ਼੍ਰੀਮਤੀ ਵਿਸ਼ਾਲ ਸ਼ਰਮਾ ਅਤੇ ਸ਼੍ਰੀ ਪ੍ਰਿੰਸ ਜੋਸ਼ੀ ਨੂੰ ਸਰੋਪਾ ਭੇਟ ਕਰਕੇ ਅਤੇ ਤਿਲਕ ਲਗਾ ਕੇ ਸਨਮਾਨਿਤ ਕੀਤਾ ਗਿਆ। ਮੰਡਲੀ ਮੈਂਬਰਾਂ ਵੱਲੋਂ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

ਸਮਾਗਮ ਨੂੰ ਸੰਬੋਧਨ ਕਰਦਿਆਂ ਸ਼੍ਰੀ ਪ੍ਰਿੰਸ ਜੋਸ਼ੀ ਨੇ ਕਿਹਾ ਕਿ ਉਹ ਵਾਰਡ ਦੇ ਲੋਕਾਂ ਦੀ ਸੇਵਾ ਪੂਰੀ ਇਮਾਨਦਾਰੀ, ਨਿਸ਼ਠਾ ਅਤੇ ਤਨਦੇਹੀ ਨਾਲ ਕਰਨਗੇ। ਉਨ੍ਹਾਂ ਕਿਹਾ ਕਿ ਇਹ ਜਿੱਤ ਸਿਰਫ਼ ਉਨ੍ਹਾਂ ਦੇ ਪਰਿਵਾਰ ਦੀ ਨਹੀਂ, ਸਗੋਂ ਪੂਰੇ ਵਾਰਡ ਦੇ ਲੋਕਾਂ ਦੀ ਜਿੱਤ ਹੈ, ਜਿਨ੍ਹਾਂ ਨੇ ਆਪਣਾ ਕੀਮਤੀ ਸਮਰਥਨ ਅਤੇ ਆਸ਼ੀਰਵਾਦ ਦਿੱਤਾ ਹੈ। ਪ੍ਰਿੰਸ ਜੋਸ਼ੀ ਨੇ ਕਿਹਾ ਕਿ ਇਸ ਜਿੱਤ ਦਾ ਸਾਰਾ ਸਿਹਰਾ ਵਾਰਡ ਵਾਸੀਆਂ ਨੂੰ ਜਾਂਦਾ ਹੈ। ਉਨ੍ਹਾਂ ਦੇ ਪਿਆਰ, ਵਿਸ਼ਵਾਸ ਅਤੇ ਸਹਿਯੋਗ ਤੋਂ ਬਿਨਾਂ ਇਹ ਸਫਲਤਾ ਸੰਭਵ ਨਹੀਂ ਸੀ। ਉਨ੍ਹਾਂ ਭਰੋਸਾ ਦਿਵਾਇਆ ਕਿ ਲੋਕਾਂ ਦੀਆਂ ਉਮੀਦਾਂ ’ਤੇ ਖਰਾ ਉਤਰਦਿਆਂ ਵਾਰਡ ਦੇ ਵਿਕਾਸ ਅਤੇ ਭਲਾਈ ਲਈ ਲਗਾਤਾਰ ਕੰਮ ਕੀਤਾ ਜਾਵੇਗਾ।

ਅਖੀਰ ਵਿੱਚ ਪ੍ਰਿੰਸ ਜੋਸ਼ੀ ਨੇ ਸ਼ਿਵ ਸ਼ਕਤੀ ਮਹਿਲਾ ਸੰਕੀਰਤਨ ਮੰਡਲੀ, ਅਤੇ ਵਾਰਡ ਨਿਵਾਸੀਆਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਪ੍ਰਗਟ ਕੀਤਾ।

## ਪਟਿਆਲਾ ਦੇ ਕੂੜਾ ਪ੍ਰਬੰਧਨ ਪ੍ਰੋਜੈਕਟ ਨੂੰ ਬਚਾਉਣ ਲਈ ਦੁੱਧੜ ਪੰਚਾਇਤ ਦਾ ਬਕਾਇਆ ਕਿਰਾਇਆ ਤੁਰੰਤ ਜਾਰੀ ਕਰੇ ਪੰਜਾਬ ਸਰਕਾਰ: ਸੰਜੀਵ ਸ਼ਰਮਾ ਬਿੱਟੂ

ਪਟਿਆਲਾ ਦੇ ਸਾਬਕਾ ਮੇਅਰ ਸੰਜੀਵ ਸ਼ਰਮਾ ਬਿੱਟੂ ਨੇ ਪੰਜਾਬ ਦੇ ਮੁੱਖ ਮੰਤਰੀ ਨੂੰ ਪੱਤਰ ਲਿਖ ਕੇ ਪਟਿਆਲਾ ਸ਼ਹਿਰ ਦੇ ਠੋਸ ਕੂੜਾ ਪ੍ਰਬੰਧਨ ਨਾਲ ਜੁੜੇ ਇੱਕ ਬਹੁਤ ਹੀ ਗੰਭੀਰ ਅਤੇ ਜਨਹਿੱਤ ਦੇ ਮਸਲੇ ਵੱਲ ਧਿਆਨ ਦਿਵਾਇਆ ਹੈ।ਸੰਜੀਵ ਸ਼ਰਮਾ ਬਿੱਟੂ ਨੇ ਦੱਸਿਆ ਕਿ ਸਾਲ 2015-16 ਦੌਰਾਨ ਪਟਿਆਲਾ ਸ਼ਹਿਰ ਦੇ ਕੂੜੇ ਦੇ ਢੇਰ ਨੂੰ ਰਿਹਾਇਸ਼ੀ ਇਲਾਕੇ ਤੋਂ ਬਾਹਰ ਸ਼ਿਫਟ ਕਰਨ ਅਤੇ ਸ਼ਹਿਰ ਨੂੰ ਸਥਾਈ ਕੂੜਾ ਪ੍ਰਬੰਧਨ ਪ੍ਰਣਾਲੀ ਮੁਹੱਈਆ ਕਰਵਾਉਣ ਲਈ ਪਿੰਡ ਦੁੱਧੜ ਵਿਖੇ ਜ਼ਮੀਨ ਅਲਾਟ ਕੀਤੀ ਗਈ ਸੀ। ਇਸ ਪ੍ਰੋਜੈਕਟ ਲਈ ਨੈਸ਼ਨਲ ਗ੍ਰੀਨ ਟ੍ਰਿਬਿਊਨਲ (ਐਨ.ਜੀ.ਟੀ.), ਪੰਜਾਬ ਸਰਕਾਰ ਅਤੇ ਭਾਰਤ ਸਰਕਾਰ ਦੇ ਸਬੰਧਤ ਵਿਭਾਗਾਂ ਤੋਂ ਸਾਰੀਆਂ ਲੋੜੀਂਦੀਆਂ ਪ੍ਰਵਾਨਗੀਆਂ ਵੀ ਪ੍ਰਾਪਤ ਕਰ ਲਈਆਂ ਗਈਆਂ ਸਨ ਅਤੇ ਪ੍ਰੋਜੈਕਟ ਲਈ ਟੈਂਡਰ ਪ੍ਰਕਿਰਿਆ ਵੀ ਮੁਕੰਮਲ ਹੋ ਚੁੱਕੀ ਸੀ।ਉਨ੍ਹਾਂ ਕਿਹਾ ਕਿ ਨਗਰ ਨਿਗਮ ਪਟਿਆਲਾ ਵੱਲੋਂ ਇਸ ਜ਼ਮੀਨ ਦੇ ਬਦਲੇ ਪਿੰਡ ਦੁੱਧੜ ਦੀ ਗ੍ਰਾਮ ਪੰਚਾਇਤ ਨੂੰ ਲਗਭਗ 14 ਲੱਖ ਰੁਪਏ ਸਾਲਾਨਾ ਕਿਰਾਇਆ ਅਦਾ ਕੀਤਾ ਜਾਂਦਾ ਸੀ, ਪਰ ਮੌਜੂਦਾ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਪਿਛਲੇ ਕੁਝ ਸਮੇਂ ਤੋਂ ਇਹ ਕਿਰਾਇਆ ਜਾਰੀ ਨਹੀਂ ਕੀਤਾ ਗਿਆ। ਸਰਕਾਰ ਦੀ ਇਸ ਅਣਗਹਿਲੀ ਕਾਰਨ ਪਟਿਆਲਾ ਲਈ ਮਨਜ਼ੂਰਸ਼ੁਦਾ ਕੂੜਾ ਪ੍ਰਬੰਧਨ ਪ੍ਰੋਜੈਕਟ ਨੂੰ ਅੱਗੇ ਵਧਾਉਣ ਦੀ ਬਜਾਏ ਕੂੜੇ ਦਾ ਡੰਪ ਅਤੇ ਪ੍ਰੋਸੈਸਿੰਗ ਕੰਮ ਘਲੋੜੀ ਗੇਟ ਵਰਗੇ ਸੰਘਣੀ ਆਬਾਦੀ ਵਾਲੇ ਰਿਹਾਇਸ਼ੀ ਇਲਾਕੇ ਵਿੱਚ ਹੀ ਚਲਾਇਆ ਜਾ ਰਿਹਾ ਹੈ।ਬਿੱਟੂ ਨੇ ਕਿਹਾ ਕਿ ਘਲੋੜੀ ਗੇਟ ਅਤੇ ਇਸਦੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਰਹਿੰਦੇ ਲਗਭਗ 50 ਹਜ਼ਾਰ ਲੋਕਾਂ ਦੀ ਸਿਹਤ ਇਸ ਕੂੜੇ ਦੇ ਡੰਪ ਕਾਰਨ ਗੰਭੀਰ ਖਤਰੇ ਹੇਠ ਹੈ। ਗੰਦਗੀ, ਬਦਬੂ ਅਤੇ ਮੱਛਰਾਂ ਦੀ ਭਰਮਾਰ ਕਾਰਨ ਡੇਂਗੂ, ਚਿਕਨਗੁਨੀਆ ਅਤੇ ਹੋਰ ਸੰਕਰਾਮਕ ਬਿਮਾਰੀਆਂ ਵਾਰ-ਵਾਰ ਫੈਲਦੀਆਂ ਰਹਿੰਦੀਆਂ ਹਨ, ਪਰ ਸਰਕਾਰ ਲੋਕਾਂ ਦੀ ਸਿਹਤ ਨਾਲ ਜੁੜੇ ਇਸ ਸੰਵੇਦਨਸ਼ੀਲ ਮੁੱਦੇ ਨੂੰ



ਅਣਡਿੱਠਾ ਕਰ ਰਹੀ ਹੈ।ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪਿੰਡ ਦੁੱਧੜ ਦੀ ਜ਼ਮੀਨ ਕਿਰਾਇਆ ਨਾ ਮਿਲਣ ਕਾਰਨ ਨਗਰ ਨਿਗਮ ਦੇ ਹੱਥੋਂ ਨਿਕਲ ਜਾਂਦੀ ਹੈ ਤਾਂ ਇਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਭਵਿੱਖ ਵਿੱਚ ਪਟਿਆਲਾ ਸ਼ਹਿਰ ਲਈ ਇੰਨੀ ਵੱਡੀ ਅਤੇ ਢੁਕਵੀਂ ਜ਼ਮੀਨ ਪ੍ਰਾਪਤ ਕਰਨਾ ਲਗਭਗ ਅਸੰਭਵ ਹੋ ਜਾਵੇਗਾ, ਜਿਸ ਕਾਰਨ ਸ਼ਹਿਰ ਦਾ ਕੂੜਾ ਪ੍ਰਬੰਧਨ ਸੰਕਟ ਹੋਰ ਵੀ ਗੰਭੀਰ ਰੂਪ ਧਾਰ ਸਕਦਾ ਹੈ।ਸਾਬਕਾ ਮੇਅਰ ਨੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਜਨਹਿੱਤ ਨੂੰ ਧਿਆਨ ਵਿੱਚ ਰੱਖਦਿਆਂ ਪਿੰਡ ਦੁੱਧੜ ਦੀ ਗ੍ਰਾਮ ਪੰਚਾਇਤ ਦਾ ਬਕਾਇਆ ਕਿਰਾਇਆ ਤੁਰੰਤ ਜਾਰੀ ਕੀਤਾ ਜਾਵੇ ਅਤੇ ਭਵਿੱਖ ਵਿੱਚ ਵੀ ਇਸਦਾ ਨਿਯਮਤ ਭੁਗਤਾਨ ਯਕੀਨੀ ਬਣਾਇਆ ਜਾਵੇ, ਤਾਂ ਜੋ ਪਟਿਆਲਾ ਸ਼ਹਿਰ ਦੇ ਲੰਬੇ ਸਮੇਂ ਦੇ ਹਿੱਤਾਂ ਦੀ ਰੱਖਿਆ ਕੀਤੀ ਜਾ ਸਕੇ ਅਤੇ ਲੋਕਾਂ ਨੂੰ ਸਿਹਤ ਅਤੇ ਵਾਤਾਵਰਣ ਸੰਬੰਧੀ ਗੰਭੀਰ ਖਤਰਿਆਂ ਤੋਂ ਬਚਾਇਆ ਜਾ ਸਕੇ।

## ਸ਼੍ਰੀ ਕੀਰਤਨ ਸੇਵਾ ਸੁਸਾਇਟੀ ਵੱਲੋਂ ਵੰਡੀਆਂ ਗਈਆਂ ਰਾਸ਼ਨ ਦੀਆਂ ਕਿੱਟਾਂ



ਲੁਧਿਆਣਾ 2 ਜੂਨ (ਕਰਨੈਲ ਸਿੰਘ ਐੱਮ.ਏ.) ਮੁਨੱਖੀ ਸੇਵਾ ਕਾਰਜਾਂ ਨੂੰ ਸਮਰਪਿਤ ਸੰਸਥਾ ਸ਼੍ਰੀ ਕੀਰਤਨ ਸੇਵਾ ਸੁਸਾਇਟੀ (ਰਜਿ:) ਦੇ ਵੱਲੋਂ ਅੱਜ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਸਥਿਤ ਆਪਣੇ ਦਫਤਰ ਵਿਖੇ ਸਰਬੱਤ ਦੇ ਭਲੇ ਦੀ ਅਰਦਾਸ ਕਰਦਿਆਂ ਹੋਇਆਂ ਲੋਵਵੰਦ ਇਸਤਰੀਆਂ ਦੀ ਮੱਦਦ ਕਰਨਾ ਹਿੱਤ ਉਨ੍ਹਾਂ ਨੂੰ ਸੁਸਾਇਟੀ ਦੇ ਵੱਲੋਂ ਨਿਸ਼ਕਾਮ ਰੂਪ ਵਿੱਚ ਰਾਸ਼ਨ ਦੀਆਂ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਸੁਸਾਇਟੀ ਦੇ ਸਰਪ੍ਰਸਤ ਮਾਸਟਰ ਤਰਲੋਚਨ ਸਿੰਘ ਤੇ ਮੁੱਖ ਸੇਵਾਦਾਰ ਸ੍ਰ: ਪ੍ਰੇਮ ਸਿੰਘ ਨੇ ਸਾਂਝੇ ਤੌਰ ਤੇ ਕਿਹਾ ਕਿ ਗੁਰੂ ਸਹਿਬਾਨ ਵੱਲੋਂ ਬਖਸ਼ੇ ਸੇਵਾ ਸੰਕਲਪ ਤੇ ਪਹਿਰਾ ਦੇ ਕੇ ਮੁਨੱਖਤਾ ਦੀ ਸੇਵਾ ਕਰਨਾ ਸਭ ਤੋਂ ਉੱਤਮ ਸੇਵਾ ਹੈ। ਇਸੇ ਸੇਵਾ ਮਿਸ਼ਨ ਤੇ ਚੱਲਦਿਆਂ ਸਤਿਗੁਰੂ ਦੀ ਅਪਾਰ ਬਖਸ਼ਿਸ਼ ਸਦਕਾ ਸ਼੍ਰੀ ਕੀਰਤਨ ਸੇਵਾ ਸੁਸਾਇਟੀ (ਰਜਿ:) ਪਿਛਲੇ ਕਈ ਸਾਲਾਂ ਤੋਂ ਨਿਸ਼ਕਾਮ ਰੂਪ ਵਿੱਚ ਮੁਨੱਖੀ ਭਲਾਈ ਕਾਰਜਾਂ ਵਿੱਚ ਜੁੱਟੀ ਹੋਈ ਹੈ। ਜਿਸ ਦੇ ਅੰਤਰਗਤ ਸੁਸਾਇਟੀ ਵੱਲੋਂ ਜਿੱਥੇ ਲੋਕਾਂ ਨੂੰ ਫਰੀ ਮੈਡੀਕਲ ਸੇਵਾਵਾਂ ਦਿੱਤੀਆਂ ਜਾਂਦੀਆਂ ਹਨ, ਅੱਖਾਂ ਦੇ ਫਰੀ ਚੈਕਅੱਪ ਕੈਂਪ ਮਰੀਜ਼ਾਂ ਲਈ ਲਗਾਏ ਜਾਂਦੇ ਹਨ ਅਤੇ ਲੋੜਵੰਦ ਵਿਧਵਾਵਾਂ ਦੀ ਮੱਦਦ ਕਰਨ ਹਿੱਤ ਉਨ੍ਹਾਂ ਨੂੰ ਸੁਸਾਇਟੀ ਵੱਲੋਂ ਹਰ ਮਹੀਨੇ ਨਿਸ਼ਕਾਮ ਰੂਪ ਵਿੱਚ ਰਾਸ਼ਨ ਵੀ ਵੰਡਿਆ ਜਾਂਦਾ ਹੈ। ਇਸ ਤੋਂ ਇਲਾਵਾ ਸੁਸਾਇਟੀ ਵੱਲੋਂ ਲੁਧਿਆਣਾ ਸ਼ਹਿਰ ਵਿਖੇ ਲੜਕੀਆਂ ਨੂੰ ਸਿਲਾਈ ਕਢਾਈ ਦੀ ਸਿਖਲਾਈ ਦੇਣ ਲਈ ਦੋ ਸਿਲਾਈ ਸੈਂਟਰ ਵੀ ਚਲਾਏ ਜਾ ਰਹੇ ਹਨ। ਇਸ ਮੌਕੇ ਸੁਸਾਇਟੀ ਦੀ ਰਾਸ਼ਨ ਵੰਡ ਇੰਚਾਰਜ ਬੀਬੀ ਬਲਦੇਵ ਕੌਰ ਤੇ ਸ੍ਰ: ਸੁਰਿੰਦਰ ਸਿੰਘ ਨੇ ਦੱਸਿਆ ਕਿ ਲੋੜਵੰਦ ਵਿਧਵਾਵਾਂ ਦੀ ਮੱਦਦ ਕਰਨ ਦੇ ਮਨੋਰਥ ਨਾਲ ਪਿਛਲੇ ਲੰਬੇ ਸਮੇਂ ਤੋਂ ਚੱਲ ਰਹੀ ਸੇਵਾ ਨੂੰ ਨਿਰੰਤਰ ਜਾਰੀ ਰੱਖਣ ਲਈ ਸੁਸਾਇਟੀ ਦੇ ਸਮੂਹ ਮੈਂਬਰਾਂ ਵੱਲੋਂ ਆਪਣਾ ਬਣਦਾ ਯੋਗਦਾਨ ਸੇਵਾ ਕਾਰਜਾਂ ਵਿੱਚ ਪਾਇਆ ਜਾ ਰਿਹਾ ਹੈ। ਅੱਜ ਅਸੀਂ 35 ਦੇ ਕਰੀਬ ਲੋੜਵੰਦ ਵਿਧਵਾਵਾਂ ਦੀ ਮੱਦਦ ਕਰਦਿਆਂ ਉਨ੍ਹਾਂ ਨੂੰ ਨਿਸ਼ਕਾਮ ਰੂਪ ਵਿੱਚ ਰਾਸ਼ਨ ਦੀਆਂ ਕਿੱਟਾਂ ਤਕਸੀਮ ਕੀਤੀਆਂ ਹਨ। ਇਸ ਸਮੇਂ ਸੁਸਾਇਟੀ ਦੇ ਸਰਪ੍ਰਸਤ ਮਾਸਟਰ ਤਰਲੋਚਨ ਸਿੰਘ, ਸ੍ਰ: ਪ੍ਰੇਮ ਸਿੰਘ ਮੁੱਖ ਸੇਵਾਦਾਰ, ਮਨਪ੍ਰੀਤ ਸਿੰਘ, ਰਮਨਜੋਤ ਸਿੰਘ ਸੋਨੂੰ, ਰਮਨਦੀਪ ਸਿੰਘ, ਪਵਨਪ੍ਰੀਤ ਸਿੰਘ, ਗੁਰਿੰਦਰ ਸਿੰਘ ਦੀਪ, ਮਨਿੰਦਰ ਸਿੰਘ ਆਦਿ

## ਪਿੰਡ ਝੋਕ ਹਰੀ ਹਰ ਵਿਖੇ ਝਰਮਲ ਸਿੰਘ ਦੀ ਯਾਦ ਵਿੱਚ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ ਹੋਣਹਾਰ ਵਿਦਿਆਰਥੀਆਂ ਨੂੰ ਅੱਗੇ ਵਧਣ ਦੇ ਮਿਲਣ ਵੱਧ ਤੋਂ ਵੱਧ ਮੌਕੇ : ਸਤਿੰਦਰ ਸਿੰਘ

## ਡਿਪਟੀ ਡੀਈਓ ਨੇ ਝੋਕ ਹਰੀਹਰ ਦੇ ਸਕੂਲ ਨੂੰ ਦੱਸਿਆ ਜ਼ਿਲ੍ਹੇ ਦਾ ਸਭ ਤੋਂ ਬਿਹਤਰੀਨ ਸਕੂਲ ਹੋਣਹਾਰ ਵਿਦਿਆਰਥੀਆਂ ਦਾ ਕੀਤਾ ਸਨਮਾਨ ਤੇ ਲੋੜਵੰਦ ਬੱਚਿਆਂ ਨੂੰ ਵੰਡੀਆਂ ਵਰਦੀਆਂ ਤੇ ਸਟੇਸ਼ਨਰੀ



ਲੁਧਿਆਣਾ/ਫਿਰੋਜ਼ਪੁਰ 2 ਜੂਨ (ਕਰਨੈਲ ਸਿੰਘ ਐੱਮ.ਏ.) ਪਿੰਡ ਝੋਕ ਹਰੀਹਰ ਦੇ ਸਰਕਾਰੀ ਹਾਈ ਸਕੂਲ ਵਿਖੇ ਮਰਹੂਮ ਝਰਮਲ ਸਿੰਘ ਦੀ ਯਾਦ ਵਿੱਚ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ ਕਰਨ ਅਤੇ ਲੋੜਵੰਦ ਬੱਚਿਆਂ ਨੂੰ ਸਕੂਲ ਦੀਆਂ ਵਰਦੀਆਂ, ਬੂਟ ਅਤੇ ਸਟੇਸ਼ਨਰੀ ਵੰਡਣ ਲਈ ਸਮਾਗਮ ਕਰਵਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪੁੱਜੇ ਨੈਸ਼ਨਲ ਐਵਾਰਡੀ ਡਿਪਟੀ ਡੀਈਓ ਸਤਿੰਦਰ ਸਿੰਘ ਨੇ ਇਸ ਉਪਰਾਲੇ ਲਈ ਝਰਮਲ ਸਿੰਘ ਦੇ ਪਰਿਵਾਰ, ਜੈਨ ਇਰੀਗੇਸ਼ਨ, ਹਰਬੰਸ ਸਿੰਘ ਮੁਖਤਿਆਰ ਕੌਰ ਮੈਮੋਰੀਅਲ ਐਜੂਕੇਸ਼ਨ ਵੈਲਫੇਅਰ ਐਸੋਸੀਏਸ਼ਨ ਅਤੇ ਹੋਰ ਸੰਸਥਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਕਾਰਜਾਂ ਦੀ ਅੱਜ ਬਹੁਤ ਲੋੜ ਹੈ, ਜਿਸ ਲਈ ਉਹ ਸਮੂਹ ਸਿੱਖਿਆ ਵਿਭਾਗ ਅਤੇ ਸਰਕਾਰ ਵੱਲੋਂ ਉਨ੍ਹਾਂ ਦਾ ਧੰਨਵਾਦ ਕਰਦੇ ਹਨ। ਉਨ੍ਹਾਂ ਕਿਹਾ ਕਿ ਕਈ ਹੋਣਹਾਰ ਵਿਦਿਆਰਥੀ ਆਰਥਿਕ ਤੰਗੀਆਂ ਕਾਰਨ ਅੱਗੇ ਵਧਣ ਤੋਂ ਵਾਂਝੇ ਰਹਿ ਜਾਂਦੇ ਹਨ।

ਅੱਜ ਦੇ ਵਿਦਿਆਰਥੀ ਹੀ ਦੇਸ਼ ਦਾ ਭਵਿੱਖ ਹਨ, ਇਸ ਲਈ ਉਨ੍ਹਾਂ ਨੂੰ ਅੱਗੇ ਵਧਣ ਲਈ ਸਹਿਯੋਗ ਦੇਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਇਸ ਸਮੇਂ ਨਸ਼ਿਆਂ ਦੀ ਸਮੱਸਿਆ ਬਹੁਤ ਜ਼ਿਆਦਾ ਵਧ ਗਈ ਹੈ, ਜਿਸ ਤੋਂ ਵਿਦਿਆ ਦਾ ਚਾਨਣ ਹੀ ਬਚਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਸਰਕਾਰੀ ਸਕੂਲਾਂ ਦੇ ਕਾਇਆ ਕਲਪ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਝੋਕ ਹਰੀਹਰ ਦਾ ਸਕੂਲ ਜ਼ਿਲ੍ਹਾ ਫਿਰੋਜ਼ਪੁਰ ਦਾ ਸਭ ਤੋਂ ਬਿਹਤਰੀਨ ਸਕੂਲ ਹੈ, ਜਿੱਥੋਂ ਦੇ ਬੱਚੇ ਬਹੁਤ ਹੋਣਹਾਰ ਹਨ ਅਤੇ ਇੱਥੋਂ ਦਾ ਸਟਾਫ ਵੀ ਬਹੁਤ ਮਿਹਨਤੀ ਹੈ। ਇਸ ਲਈ ਇੱਥੇ ਆ ਕੇ ਦਿਲ ਨੂੰ ਬਹੁਤ ਖੁਸ਼ੀ ਮਿਲਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਤੰਗੀਆਂ ਤੋਂ ਘਬਰਾਉਣਾ ਨਹੀਂ ਚਾਹੀਦਾ, ਸਗੋਂ ਮਿਹਨਤ ਅਤੇ ਲਗਨ ਨਾਲ ਆਪਣੇ ਟੀਚੇ ਪ੍ਰਾਪਤ ਕਰਨੇ ਚਾਹੀਦੇ ਹਨ।

ਇਸ ਮੌਕੇ ਜੈਨ ਇਰੀਗੇਸ਼ਨ ਦੇ ਐੱਮ.ਡੀ. ਅਜੀਤ ਜੈਨ, ਬੋਪਾਰਾਏ ਕੰਪਨੀ ਦੇ ਐੱਮ.ਡੀ. ਜਗਦੇਵ ਸਿੰਘ ਬੋਪਾਰਾਏ, ਵੈਦਭਾਨ ਦੇ ਐੱਮ.ਡੀ. ਡਾ: ਸੁਭਾਸ਼ ਗੋਇਲ, ਪੁਖਰਾਜ ਹੈਲਥਕੇਅਰ ਪ੍ਰਾਈਵੇਟ ਲਿਮਟਿਡ ਦੇ ਐੱਮ.ਡੀ. ਸੁਖਜੀਤ ਸਿੰਘ ਚੀਮਾ, ਫਾਲਕਨ ਗਾਰਡਨ ਟੂਲਜ਼ ਲੁਧਿਆਣਾ, ਬਲੂਸਟਾਲ, ਚਾਨੀ ਐਗਰੋ ਇੰਡਸਟਰੀ ਦੇ ਐੱਮ.ਡੀ. ਗੁਰਤੇਜ ਸਿੰਘ ਚਾਨੀ ਅਤੇ ਹੋਰਨਾਂ ਦਾ ਵਿਸ਼ੇਸ਼ ਸਹਿਯੋਗ ਰਿਹਾ। ਇਸ ਸਾਲ ਪੰਜਵੀਂ, ਅੱਠਵੀਂ ਅਤੇ ਦਸਵੀਂ ਜਮਾਤ ਵਿੱਚੋਂ ਮੋਹਰੀ ਤਿੰਨ ਸਥਾਨਾਂ ’ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਟੇਜ ਸਕੱਤਰ ਦੀ ਜ਼ਿੰਮੇਵਾਰੀ ਨੀਨਾ ਸ਼ਰਮਾ ਨੇ ਬਾਖੂਬੀ ਨਿਭਾਈ। ਇਸ ਮੌਕੇ ਅਸ਼ਵਨੀ ਮੈਥ ਮਾਸਟਰ, ਤਨੂ ਪ੍ਰੀਆ, ਨੇਹਾ ਗੁਪਤਾ, ਨੀਰੂ ਬਾਲਾ, ਸੋਨੀਆ, ਸ਼ਿਲਪੀ, ਅਮਨਦੀਪ ਕੌਰ, ਰੂਤੀ ਜੈਨ, ਵਿਸ਼ਾਲ ਧਵਨ, ਦਿਨੇਸ਼ ਚੌਹਾਨ, ਰਾਜਵੀਰ ਕੌਰ, ਰੁਪਿੰਦਰ ਕੌਰ, ਗੁਰੂ ਅੰਗਦ ਦੇਵ ਵਾਤਾਵਰਣ ਸੋਸਾਇਟੀ ਦੇ ਪ੍ਰਧਾਨ ਕਰਨਬੀਰ ਸਿੰਘ ਸੰਧੂ, ਸਾਬਕਾ ਸਰਪੰਚ ਮਲਕੀਤ ਸਿੰਘ ਸੰਧੂ, ਗੁਰਬਿੰਦਰ ਸਿੰਘ ਸੰਧੂ, ਸੁਖਦੇਵ ਸਿੰਘ ਸੰਧੂ, ਗੁਰਪ੍ਰੀਤ ਸਿੰਘ ਸੰਧੂ, ਹਰਿੰਦਰ ਸਿੰਘ ਸੰਧੂ, ਇਕਬਾਲ ਸਿੰਘ ਸੰਧੂ, ਮਰਹੂਮ ਝਰਮਲ ਸਿੰਘ ਦੇ ਭਰਾ ਨਿਰਮਲ ਸਿੰਘ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਜ਼ੋਨ ਪ੍ਰਧਾਨ ਬੋਹੜ ਸਿੰਘ, ਪਿੱਪਲ ਸਿੰਘ, ਵੀਰ ਪ੍ਰਤਾਪ ਸਿੰਘ, ਸਰਬਜੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਅਤੇ ਪਤਵੰਤੇ ਹਾਜ਼ਰ ਸਨ।

## ਏਸ਼ੀਆ ਦੀ ਮੋਹਰੀ ਰਹੀ ਲਾਲ ਮਿਰਚ ਦੀ ਮੰਡੀ ਖਾਲੜਾ ਦੀ ਰੌਣਕ ਹੋਈ ਗੁੰਮ

## ਕਦੇ ਦੇਸ਼ ਭਰ ਦੇ ਵਪਾਰੀਆਂ ਦਾ ਕੇਂਦਰ ਸੀ ਖਾਲੜਾ, ਅੱਜ ਮੰਡੀ 'ਚ ਪਸਰੀ ਵੀਰਾਨੀ

ਭਿੱਖੀਵਿੰਡ, ਜਗਤਾਰ ਸਿੰਘ:

ਇੱਕ ਸਮਾਂ ਸੀ ਜਦੋਂ ਖਾਲੜਾ ਦੀ ਲਾਲ ਮਿਰਚ ਮੰਡੀ ਨੂੰ ਏਸ਼ੀਆ ਦੀਆਂ ਸਭ ਤੋਂ ਵੱਡੀਆਂ ਅਤੇ ਪ੍ਰਸਿੱਧ ਮੰਡੀਆਂ ਵਿੱਚ ਗਿਣਿਆ ਜਾਂਦਾ ਸੀ। ਜ਼ਿਲ੍ਹਾ ਤਰਨ ਤਾਰਨ ਤੋਂ ਇਲਾਵਾ ਅੰਮ੍ਰਿਤਸਰ, ਰਈਆ ਅਤੇ ਬਿਆਸ ਖੇਤਰਾਂ ਦੇ ਕਿਸਾਨ ਆਪਣੀ ਮਿਰਚ ਦੀ ਫ਼ਸਲ ਵੇਚਣ ਲਈ ਇੱਥੇ ਪਹੁੰਚਦੇ ਸਨ। ਸੀਜ਼ਨ ਦੌਰਾਨ ਮੰਡੀ ਵਿੱਚ ਐਨੀ ਚਹਿਲ-ਪਹਿਲ ਹੁੰਦੀ ਸੀ ਕਿ ਸੜਕਾਂ 'ਤੇ ਲੰਬੇ ਜਾਮ ਲੱਗ ਜਾਂਦੇ ਸਨ। ਦਿੱਲੀ, ਬਰੇਲੀ ਅਤੇ ਸਹਾਰਨਪੁਰ ਦੇ ਵਪਾਰੀ ਵਿਸ਼ੇਸ਼ ਤੌਰ 'ਤੇ ਖਰੀਦਦਾਰੀ ਲਈ ਇੱਥੇ ਆਉਂਦੇ ਸਨ ਅਤੇ ਰੋਜ਼ਾਨਾ 10 ਤੋਂ 15 ਟਰੱਕ ਮਿਰਚ ਦੀ ਖਰੀਦੋ-ਫ਼ਰੋਖ਼ਤ ਹੁੰਦੀ ਸੀ।1994 ਦਾ ਸਾਲ ਬਣਿਆ ਮੰਡੀ ਦੇ ਪਤਨ ਦਾ ਕਾਰਨ ਆੜ੍ਹਤੀ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਜਸਵੰਤ ਸਿੰਘ ਜੋਧਪੁਰੀ ਅਨੁਸਾਰ 1992 ਵਿੱਚ ਮਿਰਚ ਦੇ ਭਾਅ ਡਿੱਗਣ ਨਾਲ ਵਪਾਰ ਨੂੰ ਪਹਿਲਾ ਵੱਡਾ ਝਟਕਾ ਲੱਗਿਆ ਸੀ। ਪਰ 1994 ਵਿੱਚ ਆੜ੍ਹਤੀਆਂ ਵੱਲੋਂ ਵੱਡੇ ਪੱਧਰ 'ਤੇ ਸਟਾਕ ਕੀਤੀ ਮਿਰਚ ਦੇ ਭਾਅ ਅਚਾਨਕ ਡਿੱਗ ਜਾਣ ਕਾਰਨ ਉਨ੍ਹਾਂ ਨੂੰ ਕਰੋੜਾਂ ਰੁਪਏ ਦਾ ਨੁਕਸਾਨ ਝੱਲਣਾ ਪਿਆ। ਇਸ ਨਾਲ ਕਈ ਆੜ੍ਹਤੀ ਆਰਥਿਕ ਤੌਰ 'ਤੇ ਟੁੱਟ ਗਏ ਅਤੇ ਮੰਡੀ ਦਾ ਕਾਰੋਬਾਰ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ।

ਮਹਿੰਗੀ ਖੇਤੀ ਅਤੇ ਮਜ਼ਦੂਰਾਂ ਦੀ ਘਾਟ ਨੇ ਕਿਸਾਨਾਂ ਨੂੰ ਕੀਤਾ ਨਿਰਾਸ਼ ਅਗਾਂਹਵਧੂ ਕਿਸਾਨ ਬਲਰਾਜ ਸਿੰਘ ਗਿੱਲ ਨੇ ਦੱਸਿਆ ਕਿ ਮਿਰਚ ਦੀ ਖੇਤੀ ਮਹਿੰਗੀ ਹੋਣ, ਵਧੇਰੇ ਮਿਹਨਤ ਅਤੇ ਮਜ਼ਦੂਰਾਂ ਦੀ ਘਾਟ ਕਾਰਨ ਕਿਸਾਨਾਂ ਨੇ ਹੌਲੀ-ਹੌਲੀ ਇਸ ਫ਼ਸਲ ਤੋਂ ਮੂੰਹ ਮੋੜਨਾ ਸ਼ੁਰੂ ਕਰ ਦਿੱਤਾ। ਇਸ ਤੋਂ ਇਲਾਵਾ ਫ਼ਸਲ ਦਾ ਵਾਜਬ ਮੁੱਲ ਨਾ ਮਿਲਣ ਕਾਰਨ ਮਿਰਚ ਦੀ ਖੇਤੀ ਹੇਠਲਾ ਰਕਬਾ ਵੀ ਲਗਾਤਾਰ ਘਟਦਾ ਗਿਆ।

ਹੁਣ ਛੋਟੇ ਖਰੀਦਦਾਰਾਂ ਦੇ ਸਹਾਰੇ ਚੱਲ ਰਿਹਾ ਹੈ ਕਾਰੋਬਾਰ ਮੌਜੂਦਾ ਸਮੇਂ ਵਿੱਚ ਵੱਡੇ ਵਪਾਰੀਆਂ ਦੀ ਥਾਂ ਛੋਟੇ ਖਰੀਦਦਾਰ ਕਿਸਾਨਾਂ ਕੋਲੋਂ ਗਿੱਲੀ ਮਿਰਚ ਖਰੀਦ ਕੇ ਮੰਡੀ ਵਿੱਚ ਲਿਆਉਂਦੇ ਹਨ ਅਤੇ ਉਸ ਨੂੰ ਸੁਕਾ ਕੇ



ਅੱਗੇ ਵੇਚਦੇ ਹਨ। ਕਿਸਾਨ ਸਿੱਧੇ ਤੌਰ 'ਤੇ ਮੰਡੀ ਵਿੱਚ ਫ਼ਸਲ ਲਿਆਉਣ ਤੋਂ ਕਿਨਾਰਾ ਕਰ ਚੁੱਕੇ ਹਨ। ਕਦੇ ਕਰੋੜਾਂ ਰੁਪਏ ਦੇ ਵਪਾਰ ਵਾਲੀ ਇਹ ਮੰਡੀ ਅੱਜ ਆਪਣੀ ਪੁਰਾਣੀ ਸ਼ਾਨ, ਰੌਣਕ ਅਤੇ ਪਛਾਣ ਗੁਆ ਚੁੱਕੀ ਹੈ ਅਤੇ ਮੰਡੀ ਵਿੱਚ ਵੀਰਾਨੀ ਦਾ ਮਾਹੌਲ ਦੇਖਣ ਨੂੰ ਮਿਲਦਾ ਹੈ।

## ਸਰਹੱਦੀ ਖੇਤਰ ਕਲਾਨੌਰ ਦੇ ਨਿੱਜੀ ਹਸਪਤਾਲ ’ਚ ਧਮਾਕਾ, ਐਸਐਸਪੀ ਗੁਰਦਾਸਪੁਰ ਮੌਕੇ ’ਤੇ ਪਹੁੰਚੇ

ਕਲਾਨੌਰ, ਗੁਰਦਾਸਪੁਰ 2 ਜੂਨ (ਬਲਦੇਵ ਸਿੰਘ ਖਾਲਸਾ,, ਸੁਨੀਲ ਬਟਾਲਵੀ) ਸਰਹੱਦੀ ਖੇਤਰ ਕਲਾਨੌਰ ਬੱਸ ਸਟੈਂਡ ਦੇ ਨੇੜੇ ਸਥਿਤ ਮੁਲਤਾਨੀ ਹਸਪਤਾਲ ਵਿੱਚ ਮੰਗਲਵਾਰ ਦੁਪਹਿਰ ਇੱਕ ਧਮਾਕੇ ਦੀ ਘਟਨਾ ਸਾਹਮਣੇ ਆਈ। ਮਿਲੀ ਜਾਣਕਾਰੀ ਅਨੁਸਾਰ ਹਸਪਤਾਲ ਦੇ ਨੇੜੇ ਕਿਸੇ ਅਣਪਛਾਤੇ ਵਿਅਕਤੀ ਵੱਲੋਂ ਵਿਸਫੋਟਕ ਪਦਾਰਥ ਸੁੱਟਿਆ ਗਿਆ, ਜਿਸ ਨਾਲ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ।ਘਟਨਾ ਦੀ ਸੂਚਨਾ ਮਿਲਦਿਆਂ ਹੀ ਪੁਲਿਸ ਥਾਣਾ ਕਲਾਨੌਰ ਦੇ ਐਸਐਚਓ ਅਤੇ ਡੀਐਸਪੀ ਕਲਾਨੌਰ ਮੌਕੇ ’ਤੇ ਪਹੁੰਚੇ ਅਤੇ ਜਾਂਚ ਸ਼ੁਰੂ ਕੀਤੀ ਗਈ। ਇਸ ਤੋਂ ਬਾਅਦ ਐਸਐਸਪੀ ਗੁਰਦਾਸਪੁਰ ਵੱਲੋਂ ਵੀ ਮੌਕੇ ਦਾ ਮੁਆਇਨਾ ਕੀਤਾ ਗਿਆ।ਐਸਐਸਪੀ ਨੇ ਦੱਸਿਆ ਕਿ ਹਸਪਤਾਲ ਵਿੱਚ ਤੇਜ਼ ਧਮਾਕੇ ਵਰਗੀ ਆਵਾਜ਼ ਸੁਣਾਈ ਦਿੱਤੀ ਸੀ, ਜਿਸ ਤੋਂ ਬਾਅਦ ਪੁਲਿਸ ਟੀਮਾਂ ਨੇ ਤੁਰੰਤ ਮੌਕੇ ’ਤੇ ਪਹੁੰਚ ਕੇ ਜਾਂਚ ਕੀਤੀ। ਉਨ੍ਹਾਂ ਕਿਹਾ ਕਿ ਮਾਮਲੇ ਦੇ ਹਰ ਪਹਿਲੂ ਦੀ ਬਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਪੁਲਿਸ ਨੂੰ ਕੁਝ ਅਹਿਮ ਸੁਰਾਗ ਵੀ ਮਿਲੇ ਹਨ, ਜਿਨ੍ਹਾਂ ’ਤੇ ਤਫਤੀਸ਼ ਜਾਰੀ ਹੈ।

ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਕਿਸੇ ਨੂੰ ਕੋਈ ਸ਼ੱਕੀ ਵਿਅਕਤੀ ਜਾਂ ਸ਼ੱਕੀ ਵਸਤੂ ਨਜ਼ਰ ਆਉਂਦੀ ਹੈ ਤਾਂ ਤੁਰੰਤ ਪੁਲਿਸ ਜਾਂ ਕੰਟਰੋਲ ਰੂਮ ਨਾਲ ਸੰਪਰਕ ਕੀਤਾ ਜਾਵੇ।ਇਸ ਸਬੰਧੀ ਮੁਲਤਾਨੀ ਹਸਪਤਾਲ ਦੇ ਡਾਕਟਰ ਐਸ.ਪੀ. ਮੁਲਤਾਨੀ ਨੇ ਦੱਸਿਆ ਕਿ ਉਨ੍ਹਾਂ ਨੂੰ ਕਾਫੀ ਸਮੇਂ ਤੋਂ ਧਮਕੀਆਂ ਮਿਲ ਰਹੀਆਂ ਸਨ। ਡਾਕਟਰ ਮੁਲਤਾਨੀ ਨੇ ਕਿਹਾ, “ਸਾਨੂੰ ਪਿਛਲੇ ਸਾਲ ਅਗਸਤ ਅਤੇ ਅਕਤੂਬਰ ਮਹੀਨੇ ਦੌਰਾਨ ਵੀ ਧਮਕੀਆਂ ਮਿਲੀਆਂ ਸਨ। ਅੱਜ ਕਰੀਬ 2:32 ਵਜੇ ਕੋਈ ਵਿਅਕਤੀ ਹਸਪਤਾਲ ਅੰਦਰ ਵਿਸਫੋਟਕ ਪਦਾਰਥ ਸੁੱਟ ਕੇ ਫਰਾਰ ਹੋ ਗਿਆ।”ਉਨ੍ਹਾਂ ਕਿਹਾ ਕਿ ਖੁਸ਼ਕਿਸਮਤੀ ਨਾਲ ਇਸ ਘਟਨਾ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਕਿਉਂਕਿ ਐਮਰਜੈਂਸੀ ਵਾਰਡ ਉਸ ਸਮੇਂ ਖਾਲੀ ਸੀ।




ਹਾਲਾਂਕਿ ਘਟਨਾ ਤੋਂ ਬਾਅਦ ਲੋਕਾਂ ਵਿੱਚ ਡਰ ਅਤੇ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ।ਡਾਕਟਰ ਮੁਲਤਾਨੀ ਨੇ ਇਹ ਵੀ ਦੱਸਿਆ ਕਿ ਪਹਿਲਾਂ ਧਮਕੀਆਂ ਦੇ ਮੱਦੇਨਜ਼ਰ ਉਨ੍ਹਾਂ ਨੂੰ ਕੁਝ ਸਮੇਂ ਲਈ ਸੁਰੱਖਿਆ ਮੁਹੱਈਆ ਕਰਵਾਈ ਗਈ ਸੀ, ਪਰ ਬਾਅਦ ਵਿੱਚ ਉਹ ਸੁਰੱਖਿਆ ਹਟਾ ਲਈ ਗਈ।

## 6 ਜੂਨ ਘੱਲੂਘਾਰਾ ਦੇ ਸਬੰਧ 'ਚ ਸ਼ਹਿਰ 'ਚ ਪੁਲਿਸ ਵੱਲੋਂ ਪੁਖ਼ਤਾ ਸੁਰੱਖਿਆ ਪ੍ਰਬੰਧ ਅਤੇ ਵਿਸ਼ੇਸ਼ ਚੈਕਿੰਗ ਅਭਿਆਨ ਤੇ ਫਲੈਗ ਮਾਰਚ ਜਾਰੀ

ਅੰਮ੍ਰਿਤਸਰ, 2,ਜੂਨ (ਰਣਜੀਤ ਸਿੰਘ ਮਸੌਣ/ ਰਾਘਵ ਅਰੋੜਾ)- 6 ਜੂਨ ਨੂੰ ਸ੍ਰੀ ਹਰਿਮੰਦਰ ਸਾਹਿਬ ਤੇ ਹੋਏ ਹਮਲੇ ਦੇ ਸਬੰਧ ਵਿੱਚ ਘੱਲੂਘਾਰਾ ਦਿਵਸ ਸ੍ਰੀ ਹਰਿਮੰਦਰ ਸਾਹਿਬ ਵਿੱਚ ਸਿੱਖ ਸੰਗਤਾਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਮਨਾਇਆ ਜਾਦਾ ਹੈ ਅਤੇ ਇਸ ਮੌਕੇ ਗਰਮ ਖਿਆਲੀ ਸਿੱਖ ਜੱਥੇਬੰਦੀਆਂ ਇਕੱਠੇ ਹੁੰਦੀਆ ਹਨ।

ਜਿਸ ਦੇ ਸਬੰਧ ਵਿੱਚ ਅੰਮ੍ਰਿਤਸਰ ਸ਼ਹਿਰ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਮੰਤਵ ਨਾਲ ਕਮਿਸ਼ਨਰ ਪੁਲਿਸ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅੱਜ ਮਿਤੀ 02-06-2026 ਨੂੰ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਵਿਸ਼ੇਸ਼ ਚੈਕਿੰਗ ਅਭਿਆਨ ਚਲਾਇਆ ਗਿਆ। ਇਸ ਦੌਰਾਨ ਪੁਲਿਸ ਵੱਲੋਂ ਸ਼ਹਿਰ ਦੇ ਐਂਟਰੀ ਤੇ ਐਗਜ਼ਿਟ ਅਤੇ ਮਹੱਤਵਪੂਰਨ ਥਾਵਾਂ 'ਤੇ ਨਾਕਾਬੰਦੀ ਕਰਕੇ ਵਾਹਨਾਂ ਦੀ ਗਹਿਰਾਈ ਨਾਲ ਜਾਂਚ ਕੀਤੀ ਗਈ।

ਇਸ ਚੈਕਿੰਗ ਅਭਿਆਨ ਤਹਿਤ ਸ਼ਹਿਰ ਦੇ ਭੀੜ-ਭਾੜ ਵਾਲੇ ਇਲਾਕਿਆਂ, ਬਜ਼ਾਰਾਂ ਅਤੇ ਹੋਰ ਸੰਵੇਦਨਸ਼ੀਲ ਥਾਵਾਂ ਦੀ ਵਿਸ਼ੇਸ਼ ਤੌਰ 'ਤੇ ਤਲਾਸ਼ੀ ਲਈ ਗਈ ਤੇ ਸਥਾਨਾਂ ਦੇ ਆਲੇ-ਦੁਆਲੇ ਖੜ੍ਹੇ ਵਾਹਨਾਂ ਅਤੇ ਪਾਰਕਿੰਗ ਸਥਾਨਾਂ ਵਿੱਚ ਲੱਗੇ ਵਾਹਨਾਂ ਦੀ ਵੀ ਬਾਰੀਕੀ ਨਾਲ ਜਾਂਚ ਕੀਤੀ ਗਈ। ਇਸ ਤੋਂ ਇਲਾਵਾ ਪੀਜੀ, ਹੋਟਲ, ਸਰਾਵਾਂ ਦੀ ਚੈਕਿੰਗ ਕੀਤੀ ਗਈ ਅਤੇ ਵਿਜ਼ਟਰ ਰਜਿਸਟਰ ਨੂੰ ਵੀ ਚੰਗੀ ਤਰਾਂ ਖੰਘਾਲਿਆ ਗਿਆ।



ਇਸ ਮੌਕੇ ਸਨੀਫਰ ਡੋਗ ਸਕੁਆਡ ਅਤੇ ਐਂਟੀ ਸਾਬੋਟਾਜ ਟੀਮਾਂ ਨੂੰ ਵੀ ਤਾਇਨਾਤ ਕੀਤਾ ਗਿਆ, ਜਿਨ੍ਹਾਂ ਵੱਲੋਂ ਪਾਰਕਿੰਗ ਏਰੀਆ ਅਤੇ ਜਨਤਕ ਥਾਵਾਂ ਦੀ ਤਕਨੀਕੀ ਸਹਾਇਤਾ ਨਾਲ ਜਾਂਚ ਕੀਤੀ ਗਈ ਤਾਂ ਜੋ ਕਿਸੇ ਵੀ ਸ਼ੱਕੀ ਵਸਤੂ ਜਾਂ ਗਤੀਵਿਧੀ ਦਾ ਸਮੇਂ ਸਿਰ ਪਤਾ ਲਗਾਇਆ ਜਾ ਸਕੇ।

ਪੰਜਾਬ ਪੁਲਿਸ ਲੋਕਾਂ ਦੀ ਸੁਰੱਖਿਆਂ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਸ਼ਹਿਰ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਲਈ ਅਜਿਹੇ ਚੈਕਿੰਗ ਅਭਿਆਨ ਲਗਾਤਾਰ ਜਾਰੀ ਰਹਿਣਗੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਸ਼ੱਕੀ ਵਿਅਕਤੀ, ਵਸਤੂ ਜਾਂ ਗਤੀਵਿਧੀ ਸਬੰਧੀ ਤੁਰੰਤ ਪੁਲਿਸ ਨੂੰ ਸੂਚਿਤ ਕਰਨ ਅਤੇ ਅਫ਼ਵਾਹਾਂ ਤੋਂ ਦੂਰ ਰਹਿ ਕੇ ਪੁਲਿਸ ਦਾ ਸਹਿਯੋਗ ਕਰਨ।

ਅੰਮ੍ਰਿਤਸਰ ਪੁਲਿਸ ਵੱਲੋਂ ਸ਼ਹਿਰ ਵਾਸੀਆਂ ਨੂੰ ਇਹ ਭਰੋਸਾ ਦਿਵਾਇਆ ਗਿਆ ਕਿ ਉਨ੍ਹਾਂ ਦੀ ਸੁਰੱਖਿਆ ਲਈ ਹਰ ਸੰਭਵ ਕਦਮ ਚੁੱਕਿਆ ਜਾ ਰਿਹਾ ਹੈ, ਪਬਲਿਕ ਦੇ ਸੁਰੱਖਿਆ ਲਈ ਪੁਲਿਸ ਪੂਰੀ ਤਰ੍ਹਾਂ 24 ਘੰਟੇ ਚੌਕਸ ਹੈ।

## ਡਰੋਨ ਰਾਹੀਂ ਸੁੱਟੇ ਗਏ 2 ਪਾਕਿਸਤਾਨੀ ਪਿਸਤੌਲ ਬਰਾਮਦ

ਭਿੱਖੀਵਿੰਡ, ਜਗਤਾਰ ਸਿੰਘ ਖਾਲੜਾ ਪੰਜਾਬ ਪੁਲਿਸ ਅਤੇ ਬੀ.ਐਸ.ਐਫ. ਨੂੰ ਉਸ ਵੇਲੇ ਵੱਡੀ ਸਫ਼ਲਤਾ ਮਿਲੀ ਜਦੋਂ ਉਨ੍ਹਾਂ ਨੇ ਸਰਹੱਦੀ ਇਲਾਕੇ ਵਿੱਚੋਂ ਡਰੋਨ ਰਾਹੀਂ ਸੁੱਟੇ ਗਏ 2 ਪਿਸਤੌਲ ਬਰਾਮਦ ਕੀਤੇ। ਮਿਲੀ ਜਾਣਕਾਰੀ ਅਨੁਸਾਰ, ਪਿੰਡ ਡੱਲ ਦੇ ਨਾਲ ਲੱਗਦੇ ਇਲਾਕੇ ਵਿੱਚ ਸ਼ੱਕੀ ਹਥਿਆਰ ਹੋਣ ਦੀ ਸੂਚਨਾ ਮਿਲਣ ’ਤੇ ਥਾਣਾ ਖਾਲੜਾ ਦੇ ਏ.ਐਸ.ਆਈ. ਸਲਵਿੰਦਰ ਸਿੰਘ ਅਤੇ ਸਬ-ਇੰਸਪੈਕਟਰ ਮੈਡਮ ਆਰਜ਼ੂ ਦੀ ਅਗਵਾਈ ਹੇਠ ਪੰਜਾਬ ਪੁਲਿਸ ਦੀਆਂ ਟੀਮਾਂ ਅਤੇ ਬੀ.ਐਸ.ਐਫ. ਦੇ ਜਵਾਨਾਂ ਵੱਲੋਂ ਇੱਕ ਸਾਂਝਾ ਤਲਾਸ਼ੀ ਅਭਿਆਨ ਚਲਾਇਆ ਗਿਆ।

ਪੀਲੇ ਰੰਗ ਦੀ ਟੇਪ ਵਿੱਚ ਲਿਪਟੇ ਸਨ ਹਥਿਆਰਇਸ ਤਲਾਸ਼ੀ ਅਭਿਆਨ



ਦੌਰਾਨ ਪਿੰਡ ਦੇ ਨਾਲ ਲੱਗਦੇ ਇੱਕ ਸੁੱਕੇ ਤਲਾਅ ਅਤੇ ਖੇਤਾਂ ਵਿੱਚੋਂ 2 ਪਿਸਤੌਲ ਪੀਲੇ ਰੰਗ ਦੀ ਟੇਪ ਵਿੱਚ ਲਿਪਟੇ ਹੋਏ** ਬਰਾਮਦ ਕੀਤੇ ਗਏ। ਮੁਢਲੀ ਜਾਂਚ ਵਿੱਚ ਇਹ ਸਾਹਮਣੇ ਆਇਆ ਹੈ ਕਿ ਇਹ ਪਿਸਤੌਲ ਪਾਕਿਸਤਾਨ ਵਾਲੇ ਪਾਸਿਓਂ ਡਰੋਨ ਰਾਹੀਂ ਭਾਰਤੀ ਸਰਹੱਦ ਵਿੱਚ ਸੁੱਟੇ ਗਏ ਹਨ।

ਮਾਮਲਾ ਦਰਜ, ਜਾਂਚ ਜਾਰੀ

ਥਾਣਾ ਖਾਲੜਾ ਦੇ ਮੁੱਖ ਅਫ਼ਸਰ ਬਲਜਿੰਦਰ ਸਿੰਘ ਨੇ ਦੱਸਿਆ ਕਿ ਬਰਾਮਦ ਕੀਤੇ ਪਿਸਤੌਲਾਂ ਨੂੰ ਕਬਜ਼ੇ ਵਿੱਚ ਲੈ ਕੇ ਥਾਣਾ ਖਾਲੜਾ ਵਿਖੇ ਮੁਕੱਦਮਾ ਦਰਜ ਕਰ ਲਿਆ ਗਿਆ ਹੈ ਅਤੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ। ਇਸ ਮੌਕੇ ਹੈੱਡ ਕਾਂਸਟੇਬਲ ਮਨਜਿੰਦਰ ਸਿੰਘ, ਕਾਂਸਟੇਬਲ ਮਨਿੰਦਰਪ੍ਰੀਤ ਸਿੰਘ, ਕਾਂਸਟੇਬਲ ਹਰਪਾਲ ਸਿੰਘ ਅਤੇ ਬੀ.ਐਸ.ਐਫ. ਦੇ ਅਧਿਕਾਰੀ ਹਾਜ਼ਰ ਸਨ।

# ਭਗਤ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਕੀਰਤਨ ਦਰਬਾਰ ਸਫਲਤਾਪੂਰਵਕ ਸੰਪੰਨ




ਫਗਵਾੜਾ 2 ਜੂਨ (ਸ਼ਿਵ ਕੌੜਾ)ਭਗਤ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੱਕ ਮਹਾਨ ਕੀਰਤਨ ਦਰਬਾਰ ਅੱਜ ਫਗਵਾੜਾ ਵਿਖੇ ਬਹੁਤ ਹੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ ਇਹ ਧਾਰਮਿਕ ਸਮਾਗਮ ਜੀ.ਟੀ.ਰੋਡ, ਚੱਕ ਹਕੀਮ ਵਿਖੇ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਮੰਦਰ ਜੀ ਦੇ ਸਾਹਮਣੇ ਸਥਿਤ ਸਰਕਾਰੀ ਮਿਡਲ ਸਕੂਲ ਦੇ ਗਰਾਊਂਡ ਵਿੱਚ ਸਫਲਤਾਪੂਰਵਕ ਸੰਪੰਨ ਹੋਇਆ ਖਜਾਨਾ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਆਉਣ ਵਾਲੇ 650ਵੇਂ ਪ੍ਰਕਾਸ਼ ਪੁਰਬ (20 ਫਰਵਰੀ 2027) ਬੜੀ ਸ਼ਰਧਾ ਤੇ ਮਰਿਆਦਾ ਨਾਲ ਮਨਾਇਆ ਜਾਵੇਗਾ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਫੈਸਲੇ ਮੁਤਾਬਕ ਇਸ ਇਤਿਹਾਸਕ ਦਿਹਾੜੇ ਦੀ ਖੁਸ਼ੀ ਵਿੱਚ ਪੂਰਾ ਸਾਲ ਪੰਜਾਬ ਅਤੇ ਦੁਨੀਆ ਭਰ ਦੇ ਸਕੂਲਾਂ ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਕੀਰਤਨ ਸਮਾਗਮ ਸੈਮੀਨਾਰ ਅਤੇ ਲੇਖ ਮੁਕਾਬਲੇ ਕਰਵਾਏ ਜਾ ਰਹੇ ਹਨ, ਜਿਨ੍ਹਾਂ ਦੀ ਲੜੀ ਵਜੋਂ ਫਗਵਾੜਾ, ਰੂਪਨਗਰ,ਅੰਮ੍ਰਿਤਸਰ ਅਤੇ ਪਟਿਆਲਾ ਵਿਖੇ ਸਮਾਗਮ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਡੇਰਾ ਬੱਲਾਂ ਦੇ ਨੇੜੇ 11 ਏਕੜ ਜਮੀਨ ਖਰੀਦ ਕੇ 'ਸ੍ਰੀ ਗੁਰੂ ਰਵਿਦਾਸ ਜੀ ਬਾਣੀ ਅਧਿਐਨ ਸੈਂਟਰ' ਸਥਾਪਿਤ ਕੀਤਾ ਜਾ ਰਿਹਾ ਹੈ, ਜਿਸਦਾ ਟੈਂਡਰ ਜਲਦੀ ਪੂਰਾ ਕਰਕੇ ਨੀਂਹ ਪੱਥਰ ਰੱਖਿਆ ਜਾਵੇਗਾ ਤਾਂ ਜੋ ਇੱਥੇ ਹਰ ਸਾਲ 100 ਤੋਂ ਵੱਧ ਸਕਾਲਰ ਤਿਆਰ ਹੋ ਕੇ ਗੁਰੂ ਸਾਹਿਬ ਦੀ ਬਾਣੀ ਦਾ ਪ੍ਰਸਾਰ ਪੂਰੀ ਦੁਨੀਆ ਵਿੱਚ ਕਰ ਸਕਣ। ਉਨ੍ਹਾਂ ਕਿਹਾ ਕਿ 20 ਫਰਵਰੀ 2027 ਨੂੰ ਮੁੱਖ ਸਮਾਗਮ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਹੋਵੇਗਾ। ਇਸ ਤੋਂ ਇਲਾਵਾ,ਸਰਕਾਰ ਗੁਰੂ ਸਾਹਿਬ ਦੇ 'ਬੇਗਮਪੁਰਾ' ਅਤੇ ਸਭ ਦੀ ਬਰਾਬਰੀ ਵਾਲੇ ਸਿਧਾਂਤ 'ਤੇ ਕੰਮ ਕਰ ਰਹੀ ਹੈ ਅਤੇ ਗੁਰਬਾਣੀ ਦੇ ਅਦਬ-ਸਤਿਕਾਰ ਨੂੰ ਕਾਇਮ ਰੱਖਣ ਲਈ 'ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ 2026' ਬਣਾਇਆ ਗਿਆ ਹੈ, ਜਿਸ ਤਹਿਤ ਬੇਅਦਬੀ ਕਰਨ ਵਾਲੇ ਲਈ ਉਮਰ ਕੈਦ ਅਤੇ 25 ਲੱਖ ਰੁਪਏ ਜੁਰਮਾਨੇ ਦੀ ਸਖ਼ਤ ਸਜ਼ਾ ਤੈਅ ਕੀਤੀ ਗਈ ਹੈ।ਜ਼ਿਕਰਯੋਗ ਹੈ ਕਿ ਇਹ ਸਮਾਗਮ ਪਹਿਲਾਂ 30 ਮਈ ਨੂੰ ਕਰਵਾਇਆ ਜਾਣਾ ਸੀ,ਪਰ ਮੌਸਮ ਦੀ ਖਰਾਬੀ ਕਾਰਨ ਇਸ ਦੀ ਤਾਰੀਖ ਬਦਲ ਕੇ 2 ਜੂਨ,ਦਿਨ ਮੰਗਲਵਾਰ ਨਿਸ਼ਚਿਤ ਕੀਤੀ ਗਈ ਸੀ,ਜਿਸ ਲਈ ਪ੍ਰਬੰਧਕਾਂ ਵੱਲੋਂ ਪੁਖ਼ਤਾ ਇੰਤਜ਼ਾਮ ਕੀਤੇ ਗਏ ਸਨ ਇਸ ਇਤਿਹਾਸਕ ਅਤੇ ਵਿਸ਼ਾਲ ਪੱਧਰ 'ਤੇ ਸਜਾਏ ਗਏ ਕੀਰਤਨ ਦਰਬਾਰ ਵਿੱਚ ਐਮਪੀ ਰਾਜ ਕੁਮਾਰ ਚੱਬੇਵਾਲ, ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਵਧੀਕ ਡਿਪਟੀ ਕਮਿਸ਼ਨਰ ਸ਼ਿਖਾ ਭਗਤ ਮੇਅਰ ਰਾਮਪਾਲ ਉਪਲ ਤੇ ਡਿਪਟੀ ਮੇਅਰ ਵਿਕੀ ਸੂਦ ਸਮੇਤ ਕਈ ਪ੍ਰਮੁੱਖ ਪਤਵੰਤੇ ਸੱਜਣਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਇਸ ਮੌਕੇ ਗੱਲਬਾਤ ਕਰਦਿਆਂ ਐਮਪੀ ਰਾਜਕੁਮਾਰ ਚੱਬੇਵਾਲ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਦੀਆਂ ਪਵਿੱਤਰ ਸਿੱਖਿਆਵਾਂ ਪੂਰੀ ਮਨੁੱਖਤਾ ਲਈ ਇੱਕ ਚਾਨਣ ਮੁਨਾਰਾ ਹਨ ਉਨ੍ਹਾਂ ਖੁਸ਼ੀ ਜ਼ਾਹਰ ਕੀਤੀ ਕਿ ਸਮੂਹ ਸੰਗਤ ਦੇ ਸਹਿਯੋਗ ਨਾਲ ਇਸ 650ਵੇਂ ਪ੍ਰਕਾਸ਼ ਉਤਸਵ ਨੂੰ ਬੇਹੱਦ ਯਾਦਗਾਰੀ ਅਤੇ ਸ਼ਰਧਾਪੂਰਵਕ ਤਰੀਕੇ ਨਾਲ ਮਨਾਇਆ ਗਿਆ ਹੈ ਸ਼ਾਮ 5 ਵਜੇ ਤੋਂ ਰਾਤ 8 ਵਜੇ ਤੱਕ ਚੱਲੇ ਇਸ ਅਲੌਕਿਕ ਕੀਰਤਨ ਦਰਬਾਰ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਗੁਰੂ ਚਰਨਾਂ ਵਿੱਚ ਨਤਮਸਤਕ ਹੋਈਆਂ ਸਮਾਗਮ ਦੌਰਾਨ ਪੰਥ ਪ੍ਰਸਿੱਧ ਰਾਗੀ ਜਥਿਆਂ, ਜਿਨ੍ਹਾਂ ਵਿੱਚ ਲੁਧਿਆਣੇ ਵਾਲੇ ਭਾਈ ਦਵਿੰਦਰ ਸਿੰਘ ਸੋਢੀ ਅਤੇ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਰਵਿੰਦਰ ਸਿੰਘ ਸ਼ਾਮਲ ਸਨ, ਨੇ ਰਸਭਿੰਨੇ ਕੀਰਤਨ ਅਤੇ ਅੰਮ੍ਰਿਤ ਬਾਣੀ ਦੇ ਉਚਾਰਨ ਨਾਲ ਪੂਰੇ ਮਾਹੌਲ ਨੂੰ ਇਲਾਹੀ ਰੰਗ ਵਿੱਚ ਰੰਗ ਦਿੱਤਾ। ਇਸ ਦੇ ਨਾਲ ਹੀ ਭਾਈ ਗੁਰਮੀਤ ਸਿੰਘ ਜੀ ਨੇ ਗੁਰਮਤਿ ਵਿਚਾਰਾਂ (ਕਥਾ) ਸਾਂਝੀਆਂ ਕਰਕੇ ਸੰਗਤਾਂ ਨੂੰ ਗੁਰੂ ਸਾਹਿਬ ਦੇ ਜੀਵਨ ਅਤੇ ਫਲਸਫੇ ਤੋਂ ਜਾਣੂ ਕਰਵਾਉਂਦਿਆਂ ਨਿਹਾਲ ਕੀਤਾ ਇਸ ਮੌਕੇ ਸਰਬਜੀਤ ਸਿੰਘ ਲੁਬਾਣਾ ਚੇਅਰਮੈਨ ਜ਼ਿਲਾ ਯੋਜਨਾ ਬੋਰਡ ਕਪੂਰਥਾਲਾ ਇੰਦਰਜੀਤ ਸਿੰਘ ਜੁਗਨੂੰ ਜ਼ਿਲਾ ਮੀਡਿਆ ਇੰਚਾਰਜ ਆਮ ਆਦਮੀ ਕਪੂਰਥਾਲਾ ਜਰਨੈਲ ਸਿੰਘ ਨੰਗਲ,ਸੰਤੋਸ਼ ਗੋਗੀ, ਪ੍ਰਦੀਪ

# ਚੇਅਰਮੈਨ ਦੀਪਕ ਸੂਦ ਵੱਲੋਂ ਮਾਰੇ ਛਾਪੇ ਦੌਰਾਨ ਕਰਮਚਾਰੀ ਪਾਏ ਗਏ ਗੈਰ ਹਾਜ਼ਰ ਡਿਊਟੀ ਵਿੱਚ ਲੇਟ ਲਤੀਫੀ ਅਤੇ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ:ਦੀਪਕ ਸੂਦ



ਰਾਜਪੁਰਾ,02 ਜੂਨ (ਹਿਮਾਂਸ਼ੂ ਹੈਰੀ):ਰਾਜਪੁਰਾ ਮਾਰਕੀਟ ਕਮੇਟੀ ਦੇ ਚੇਅਰਮੈਨ ਦੀਪਕ ਸੂਦ ਵੱਲੋਂ ਅੱਜ ਸਵੇਰੇ 7:30 ਵਜੇ ਮਾਰਕੀਟ ਕਮੇਟੀ ਦਫ਼ਤਰ ਵਿੱਚ ਅਚਾਨਕ ਛਾਪਾ ਮਾਰਿਆ ਗਿਆ। ਇਸ ਛਾਪੇ ਦੌਰਾਨ ਕੁਝ ਅਧਿਕਾਰੀ ਅਤੇ ਕਰਮਚਾਰੀ ਗੈਰ ਹਾਜ਼ਰ ਪਾਏ ਗਏ। ਛਾਪੇ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਦੀਪਕ ਸੂਦ ਨੇ ਕਿਹਾ ਕਿ ਇਨ੍ਹਾਂ ਗੈਰ ਹਾਜ਼ਰ ਪਾਏ ਗਏ ਕਰਮਚਾਰੀਆਂ ਖਿਲਾਫ਼ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਕਾਰਵਾਈ ਕਰਨ ਲਈ ਲਿਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਡਿਊਟੀ ਵਿੱਚ ਲੇਟ ਲਤੀਫੀ ਅਤੇ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਉਨ੍ਹਾਂ ਨੂੰ ਬਤੌਰ ਚੇਅਰਮੈਨ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦੀ ਭਲਾਈ ਲਈ ਚਲਾਈਆਂ ਯੋਜਨਾਵਾਂ ਨੂੰ ਕਿਸਾਨਾਂ ਤੱਕ ਪਹੁੰਚਾਉਣ ਅਤੇ ਮੰਡੀ ਦੇ ਪ੍ਰਬੰਧ ਸੁਚੱਜੇ ਢੰਗ ਨਾਲ ਚਲਾਉਣ ਦੀ ਜੋ ਜ਼ਿੰਮੇਵਾਰੀ ਦਿੱਤੀ ਗਈ ਹੈ, ਉਸ ਨੂੰ ਪੂਰੀ ਲਗਨ,ਮਿਹਨਤ ਅਤੇ ਤਨਦੇਹੀ ਨਾਲ ਨਿਭਾ ਰਹੇ ਹਨ। ਇਸੇ ਜ਼ਿੰਮੇਵਾਰੀ ਦੇ ਚੱਲਦਿਆਂ ਉਨ੍ਹਾਂ ਨੇ ਕਣਕ ਦੇ ਸੀਜ਼ਨ ਦੌਰਾਨ ਕਿਸਾਨਾਂ ਦੀ ਹੁੰਦੀ ਲੁੱਟ ਰੋਕਣ ਲਈ ਕਿਸਾਨਾਂ ਦੀ ਫ਼ਸਲ ਦੇ ਤੋਲ ਵੀ ਚੈੱਕ ਕੀਤੇ ਸਨ ਅਤੇ ਉਨ੍ਹਾਂ ਵੱਲੋਂ ਸਮੇਂ-ਸਮੇਂ ਤੇ ਸਬਜ਼ੀ ਮੰਡੀ ਦੇ ਸਫ਼ਾਈ ਪ੍ਰਬੰਧਾਂ ਦਾ ਵੀ ਜਾਇਜ਼ਾ ਲਿਆ ਗਿਆ। ਜਿਸ ਦੌਰਾਨ ਸਫਾਈ ਪ੍ਰਬੰਧਾਂ ਦੇ ਠੇਕੇਦਾਰ ਵੱਲੋਂ ਪਾਈ ਕੁਤਾਹੀ ਕਾਰਨ ਸਫਾਈ ਪ੍ਰਬੰਧਾਂ ਦਾ ਕੰਮ ਦੇਖ ਰਹੀ ਡੌਲਫਿਨ ਸਿਕਿਊਰਟੀ ਸਰਵਿਸ ਨਾਂ ਦੀ ਕੰਪਨੀ ਦਾ ਠੇਕਾ ਰੱਦ ਕਰਕੇ ਉਸ ਨੂੰ ਦੋ ਸਾਲ ਲਈ ਕਾਲੀ ਸੂਚੀ ਵਿੱਚ ਪਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੰਡੀ ਦੇ ਪ੍ਰਬੰਧ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਉਨ੍ਹਾਂ ਵੱਲੋਂ ਅੱਗੇ ਵੀ ਅਚਨਚੇਤ ਛਾਪੇਮਾਰੀ ਜਾਰੀ ਰਹੇਗੀ।

# ਨੈਸ਼ਨਲ ਅਕਾਲੀ ਦਲ ਨੇ ਲੀਗਲ ਵਿੰਗ ਦਾ ਕੀਤਾ ਗਠਨ, ਸੀਨੀਅਰ ਵਕੀਲਾਂ ਨੂੰ ਮਿਲੀਆਂ ਜ਼ਿੰਮੇਵਾਰੀਆਂ



ਨਵੀਂ ਦਿੱਲੀ 2 ਜੂਨ (ਮਨਪ੍ਰੀਤ ਸਿੰਘ ਖਾਲਸਾ):- ਨੈਸ਼ਨਲ ਅਕਾਲੀ ਦਲ ਦੇ ਰਾਸ਼ਟਰੀ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੇ ਪਾਰਟੀ ਦੀ ਲੀਗਲ ਵਿੰਗ ਦੇ ਗਠਨ ਦਾ ਐਲਾਨ ਕੀਤਾ। ਐਡਵੋਕੇਟ ਆਸ਼ੂ ਤੇਵਤੀਆ, ਐਡਵੋਕੇਟ ਸੁਜਾਤਾ ਸੰਧੂ, ਐਡਵੋਕੇਟ ਅਰਪਿਤ ਸ਼ਰਮਾ ਅਤੇ ਐਡਵੋਕੇਟ ਸੰਦੀਪ ਪਵਾਰ ਨੂੰ ਪਾਰਟੀ ਦਾ ਲੀਗਲ ਐਡਵਾਈਜ਼ਰ ਨਿਯੁਕਤ ਕੀਤਾ ਗਿਆ। ਇਸ ਮੌਕੇ ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਲੀਗਲ ਵਿੰਗ ਆਮ ਲੋਕਾਂ ਨੂੰ ਕਾਨੂੰਨੀ ਸਹਾਇਤਾ ਅਤੇ ਮਾਰਗਦਰਸ਼ਨ ਪ੍ਰਦਾਨ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ। ਉਨ੍ਹਾਂ ਕਿਹਾ ਕਿ ਕਮਜ਼ੋਰ, ਲੋੜਵੰਦ ਅਤੇ ਪੀੜਤ ਵਰਗਾਂ ਨੂੰ ਸਮੇਂ ਸਿਰ ਕਾਨੂੰਨੀ ਮਦਦ ਮਿਲ ਸਕੇ, ਇਸ ਲਈ ਤਜਰਬੇਕਾਰ ਵਕੀਲਾਂ ਦੀ ਟੀਮ ਬਣਾਈ ਗਈ ਹੈ। ਉਨ੍ਹਾਂ ਕਿਹਾ ਕਿ ਮਹਿਲਾਵਾਂ ਨਾਲ ਛੇੜਛਾੜ, ਸਾਈਬਰ ਅਪਰਾਧ, ਆਨਲਾਈਨ ਧੋਖਾਧੜੀ, ਉਪਭੋਗਤਾ ਅਧਿਕਾਰਾਂ ਦੀ ਉਲੰਘਣਾ, ਜਾਇਦਾਦੀ ਵਿਵਾਦ ਅਤੇ ਮਜ਼ਦੂਰਾਂ ਦੇ ਸ਼ੋਸ਼ਣ ਵਰਗੇ ਮਾਮਲਿਆਂ ਵਿੱਚ ਲੋਕਾਂ ਨੂੰ ਅਕਸਰ ਕਾਨੂੰਨੀ ਪ੍ਰਕਿਰਿਆਵਾਂ ਕਾਰਨ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਲੀਗਲ ਵਿੰਗ ਅਜਿਹੇ ਲੋਕਾਂ ਨੂੰ ਕਾਨੂੰਨੀ ਸਲਾਹ ਅਤੇ ਲੋੜੀਂਦੀ ਮਦਦ ਮੁਹੱਈਆ ਕਰਵਾਏਗੀ। ਪੰਮਾ ਨੇ ਕਿਹਾ ਕਿ ਨੈਸ਼ਨਲ ਅਕਾਲੀ ਦਲ ਹਮੇਸ਼ਾ ਲੋਕ-ਹਿੱਤ ਦੇ ਮੁੱਦਿਆਂ ਨੂੰ ਉਠਾਉਂਦਾ ਰਿਹਾ ਹੈ ਅਤੇ ਹੁਣ ਲੀਗਲ ਵਿੰਗ ਰਾਹੀਂ ਕਾਨੂੰਨੀ ਸਮੱਸਿਆਵਾਂ ਦੇ ਹੱਲ ਲਈ ਹੋਰ ਪ੍ਰਭਾਵਸ਼ਾਲੀ ਕਦਮ ਚੁੱਕੇ ਜਾਣਗੇ। ਪਾਰਟੀ ਦਾ ਉਦੇਸ਼ ਹਰ ਵਰਗ ਤੱਕ ਨਿਆਂ ਅਤੇ ਕਾਨੂੰਨੀ ਜਾਗਰੂਕਤਾ ਪਹੁੰਚਾਉਣਾ ਹੈ। ਨਵ-ਨਿਯੁਕਤ ਲੀਗਲ ਐਡਵਾਈਜ਼ਰ ਐਡਵੋਕੇਟ ਆਸ਼ੂ ਤੇਵਤੀਆ ਨੇ ਕਿਹਾ ਕਿ ਉਹ ਪਾਰਟੀ ਦੀ ਵਿਚਾਰਧਾਰਾ ਅਤੇ ਲੋਕ ਸੇਵਾ ਦੇ ਸੰਕਲਪ ਨਾਲ ਪੂਰੀ ਨਿਸ਼ਠਾ ਨਾਲ ਕੰਮ ਕਰਨਗੇ ਅਤੇ ਲੋੜਵੰਦ ਲੋਕਾਂ ਨੂੰ ਕਾਨੂੰਨੀ ਮਦਦ ਦਿਵਾਉਣ ਲਈ ਹਰ ਸੰਭਵ

# ਡੀ.ਆਈ.ਜੀ ਪਟਿਆਲਾ ਰੇਂਜ ਕੁਲਦੀਪ ਚਾਹਲ ਵਲੋਂ ਥਾਣਾ ਤਪਾ ਦਾ ਨਿਰੀਖਣ ਕਿਹਾ, ਨਸ਼ੇ ਦੇ ਸੌਦਾਗਰਾਂ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ:- ਡੀ.ਆਈ.ਜੀ ਚਾਹਲ



ਤਪਾ ਮੰਡੀ,2 ਜੂਨ ( ਅਮਨਦੀਪ ਸਿੰਘ ਧੀਮਾਨ ਡੀ.ਆਈ.ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ ਵੱਲੋਂ ਪੁਲਿਸ ਫੋਰਸ ਦੇ ਸੁਚਾਰੂ ਕੰਮਕਾਜ ਨੂੰ ਯਕੀਨੀ ਬਣਾਉਣ ਤੇ ਅਮਨ-ਕਾਨੂੰਨ ਦੀ ਵਿਵਸਥਾ ਨੂੰ ਮਜ਼ਬੂਤ ਕਰਨ ਦੇ ਲਗਾਤਾਰ ਯਤਨਾਂ ਤਹਿਤ ਸਬ-ਡਵੀਜ਼ਨ ਤਪਾ ਥਾਣੇ ਦਾ ਗੈਰ ਰਸਮੀ ਨਿਰੀਖਣ ਕੀਤਾ। ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਪੁਲਿਸ ਮੁਖੀ ਬਰਨਾਲਾ ਮੁਹੰਮਦ ਸਰਫਰਾਜ਼ ਆਲਮ, ਡੀ.ਐਸ.ਪੀ ਤਪਾ ਜਸਕਰਨ ਸਿੰਘ ਬਰਾੜ ਆਦਿ ਵੀ ਵਿਸ਼ੇਸ਼ ਤੌਰ ਤੇ ਮੌਜੂਦ ਰਹੇ। ਇਸ ਨਿਰੀਖਣ ਦਾ ਮੁੱਖ ਉਦੇਸ਼ ਜ਼ਿਲ੍ਹੇ 'ਚ ਚੱਲ ਰਹੀਆਂ ਜਾਂਚਾਂ ਦੀ ਸਮੀਖਿਆ ਕਰਨਾ, ਜਨਤਕ ਸ਼ਿਕਾਇਤਾਂ ਦੀ ਸੁਣਵਾਈ ਦੇ ਪ੍ਰਕਿਰਿਆ ਦਾ ਮੁਲਾਂਕਣ ਕਰਨਾ ਤੇ ਅਮਨ-ਕਾਨੂੰਨ ਨੂੰ ਮਜ਼ਬੂਤ ਬਣਾਉਣ ਲਈ ਜ਼ਰੂਰੀ ਹਦਾਇਤਾਂ ਜਾਰੀ ਕਰਨਾ ਸੀ। ਨਿਰੀਖਣ ਦੌਰਾਨ ਡੀ.ਆਈ.ਜੀ ਕੁਲਦੀਪ ਸਿੰਘ ਚਾਹਲ ਵਲੋਂ ਪੁਲਿਸ ਮੁਲਾਜ਼ਮਾਂ ਨਾਲ ਵੱਖ-ਵੱਖ ਕੇਸਾਂ ਸਬੰਧੀ ਵਿਸਥਾਰ ਪੂਰਵਕ ਗੱਲਬਾਤ ਕੀਤੀ ਗਈ। ਇਸ ਦੌਰਾਨ ਸਬ ਡਵੀਜ਼ਨ

ਅੰਦਰ ਸ਼ਾਂਤੀ ਬਣਾਈ ਰੱਖਣ ਤੇ ਅਪਰਾਧ ਰੋਕਣ ਲਈ ਚੌਕਸੀ ਤੇ ਤੇਜ਼ ਕਾਰਵਾਈ ਦੀ ਅਹਿਮੀਅਤ 'ਤੇ ਵੀ ਚਰਚਾ ਕੀਤੀ ਗਈ। ਸਾਰੇ ਪੁਲਿਸ ਸਟੇਸ਼ਨਾਂ 'ਚ ਮੌਜੂਦ ਜਾਇਦਾਦ, ਵਿਸ਼ੇਸ਼ ਤੌਰ 'ਤੇ ਕਬਜ਼ੇ ਵਾਲੇ ਵਾਹਨਾਂ ਦੇ ਨਿਪਟਾਰੇ ਨੂੰ ਲੈ ਕੇ ਹਦਾਇਤਾਂ ਜਾਰੀ ਕੀਤੀਆਂ ਗਈਆਂ। ਇਸ ਦੌਰਾਨ ਉਹਨਾਂ ਪੁਲਿਸ ਸਟੇਸ਼ਨ ਵਿਚ ਚੰਗੀ ਰੱਖ-ਰਖਾਅ ਤੇ ਸਫ਼ਾਈ ਦੀ ਅਹਿਮੀਅਤ 'ਤੇ ਵੀ ਜ਼ੋਰ ਦਿੱਤਾ ਅਤੇ ਹਾਈਟੈਕ ਨਾਕੇ ਤੇ ਵਾਹਨਾਂ ਦੀ ਚੈਕਿੰਗ ਵੀ ਕੀਤੀ ਗਈ। ਇਸ ਦੌਰਾਨ ਡੀ.ਆਈ.ਜੀ ਚਾਹਲ ਵਲੋਂ ਥਾਣਾ ਤਪਾ ਵਿਖੇ ਮੁੱਖ ਮੁਨਸ਼ੀ ਵਜੋਂ ਆਪਣੀਆਂ ਸੇਵਾਵਾਂ ਨਿਭਾ ਰਹੇ ਕਮਲ ਕਿਸ਼ੋਰ ਦੀ ਖੂਬ ਸਲਾਘਾ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਦਰਾਨ ਡੀ.ਆਈ.ਜੀ ਕੁਲਦੀਪ ਸਿੰਘ ਚਾਹਲ ਨੇ ਦੱਸਿਆ ਕਿ ਪੁਲਿਸ ਕਰਮਚਾਰੀਆਂ ਦੀ ਕਾਰਗੁਜ਼ਾਰੀ ਨੂੰ ਯਕੀਨੀ ਬਣਾਉਣ ਤੇ ਸੇਵਾਵਾਂ ਦੀ ਗੁਣਵੱਤਾ ਵਿਚ ਸੁਧਾਰ ਲਈ ਇਹ ਨਿਰੀਖਣ ਅਤਿ ਜ਼ਰੂਰੀ ਹੈ। ਇਸਦੇ ਨਾਲ ਹੀ ਉਨ੍ਹਾਂ ਕਿਹਾ ਕਿ ਇਹ ਪ੍ਰਕਿਰਿਆ ਸ਼ਾਂਤੀ ਤੇ ਕਾਨੂੰਨ-ਵਿਵਸਥਾ ਨੂੰ ਬਰਕਰਾਰ ਰੱਖਣ ਵਿਚ ਮਹੱਤਵਪੂਰਨ ਭੂਮਿਕਾ ਨਿਭਾਏਗੀ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਪੁਲਿਸ ਪ੍ਰਸ਼ਾਸਨ ਹਰ ਹਾਲਤ 'ਚ ਸੁਰੱਖਿਆ ਯਤਨਾਂ ਨੂੰ ਉੱਚ ਤਰਜੀਹ ਦੇਵੇਗਾ ਤੇ ਲੋਕਾਂ ਨਾਲ ਸਹਿਯੋਗ ਦੇ ਆਧਾਰ 'ਤੇ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਦੇ ਖ਼ਾਤਮੇ ਲਈ ਪੁਲਿਸ ਦਾ ਭਰਪੂਰ ਸਹਿਯੋਗ ਕਰਨ। ਇਸ ਮੌਕੇ ਥਾਣਾ ਤਪਾ ਦੀ ਮੁਖੀ ਨਵਦੀਪ ਕੌਰ ਚਾਹਲ ,ਸਿਟੀ ਇੰਚਾਰਜ ਬਲਜੀਤ ਸਿੰਘ ਢਿੱਲੋਂ,ਸਹਾਇਕ ਥਾਣੇਦਾਰ ਸਤਿਗੁਰ ਸਿੰਘ, ਸਹਾਇਕ ਥਾਣੇਦਾਰ ਹਰਵਿੰਦਰ ਪਾਲ ਸਿੰਘ ਆਦਿ ਵੱਡੀ ਗਿਣਤੀ 'ਚ ਪੁਲਿਸ ਮੁਲਾਜ਼ਮ ਹਾਜਰ ਸਨ।

# ਕੈਂਟਰ ਯੂਨੀਅਨ ਅਤੇ ਟੈਂਪੂ ਯੂਨੀਅਨ ਨੇ ਮਿਲ ਕੇ ਲਗਾਈ ਨਿੰਬੂ ਪਾਣੀ ਦੀ ਛਬੀਲ



ਨਵਾਂਸ਼ਹਿਰ /ਕਾਠਗੜ੍ਹ, 2 ਜੂਨ (ਜਤਿੰਦਰ ਪਾਲ ਸਿੰਘ ਕਲੇਰ): ਰੋਪੜ-ਬਲਾਚੌਰ ਨੈਸ਼ਨਲ ਹਾਈਵੇ 'ਤੇ ਸਥਿਤ ਕਾਠਗੜ੍ਹ ਮੋੜ ਵਿਖੇ ਕੈਂਟਰ ਯੂਨੀਅਨ ਅਤੇ ਟੈਂਪੂ (407) ਯੂਨੀਅਨ ਵੱਲੋਂ ਸਾਂਝੇ ਤੌਰ 'ਤੇ ਨਿੰਬੂ ਪਾਣੀ ਦੀ ਛਬੀਲ ਲਗਾਈ ਗਈ। ਇਹ ਛਬੀਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਦਿਆਂ ਲਗਾਈ ਗਈ।ਛਬੀਲ ਦੀ ਸ਼ੁਰੂਆਤ ਮੌਕੇ ਸੰਤ ਬਾਬਾ ਦੀਦਾਰ ਸਿੰਘ ਜੀ ਕਿਸ਼ਨਪੁਰ ਭਰਥਲਾ ਵਾਲਿਆਂ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਉਪਰੰਤ ਪ੍ਰਸ਼ਾਦ ਵੰਡ ਕੇ ਛਬੀਲ ਸ਼ੁਰੂ ਕੀਤੀ ਗਈ। ਯੂਨੀਅਨ ਦੇ ਮੈਂਬਰਾਂ ਵੱਲੋਂ ਹਾਈਵੇ ਤੋਂ ਲੰਘਣ ਵਾਲੇ ਹਰ ਆਉਣ-ਜਾਣ ਵਾਲੇ ਵਾਹਨ ਨੂੰ ਰੋਕ ਕੇ ਰਾਹਗੀਰਾਂ ਨੂੰ ਸ਼ਰਧਾਪੂਰਵਕ ਨਿੰਬੂ ਪਾਣੀ ਪਿਲਾਇਆ ਗਿਆ। ਇਸ ਮੌਕੇ ਬਾਬਾ ਦੀਦਾਰ ਸਿੰਘ ਤੋਂ ਇਲਾਵਾ ਪ੍ਰਧਾਨ ਧਰਮਚੰਦ ਕੋਹਲੀ, ਸੁਸ਼ੀਲ ਕੁਮਾਰ ਕੋਹਲੀ, ਮੇਜਰ ਸਿੰਘ, ਪ੍ਰਵੀਣ ਕੁਮਾਰ, ਅਵਤਾਰ ਸਿੰਘ, ਕੁਲਵੀਰ ਸਿੰਘ, ਚਰਨਜੀਤ ਸਿੰਘ, ਜਸਪਾਲ, ਬਲਬੀਰ ਸਿੰਘ, ਬਾਲੀ ਰਾਮ, ਸਰਵਜੀਤ ਸਿੰਘ, ਰਵੀ ਕੁਮਾਰ, ਕਮਲਜੀਤ, ਮੰਗਤ ਸਿੰਘ, ਸ਼ੰਟੀ ਖੇਪੜ, ਬਾਲ ਕ੍ਰਿਸ਼ਨ, ਪਰਮਜੀਤ ਅਤੇ ਸਤੀਸ਼ ਸ਼ਰਮਾ

# ਅੰਮ੍ਰਿਤਸਰ 'ਚ ਅਮਨਦੀਪ ਮੈਡੀਸਿਟੀ ਨੇ ਪਹਿਲਾ Navitor™ TAVI ਵਾਲਵ ਇਮਪਲਾਂਟ ਕੀਤਾ ਚਾਲੂ

## ਅਮਨਦੀਪ ਮੈਡੀਸਿਟੀ, ਉਜਾਲਾ ਸਿਗਨਸ ਦੇ ਸਹਿਯੋਗ ਨਾਲ, 'ਹਾਰਟ ਟੀਮ ਅਪਰੋਚ' ਰਾਹੀਂ ਦਿਲ ਦੀ ਬਿਮਾਰੀ ਪ੍ਰਬੰਧਨ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਪ੍ਰਾਪਤ ਕੀਤਾ ਹੈ।



ਅੰਮ੍ਰਿਤਸਰ, 2 ਜੂਨ ( ਰਣਜੀਤ ਸਿੰਘ ਮਸੌਣ/ ਜੋਗਾ ਸਿੰਘ ਰਾਜਪੂਤ)– ਅਮਨਦੀਪ ਮੈਡੀਸਿਟੀ, ਉਜਾਲਾ ਸਿਗਨਸ ਨਾਲ ਸਾਂਝੇਦਾਰੀ ਵਿੱਚ, ਅੰਮ੍ਰਿਤਸਰ ਦੇ ਪਹਿਲੇ ਨੇਵੀਟਰ™ ਟ੍ਰਾਂਸਕੈਥੀਟਰ ਐਓਰਟਿਕ ਵਾਲਵ ਇਮਪਲਾਂਟੇਸ਼ਨ (TAVI) ਸਿਸਟਮ ਦੇ ਸਫਲ ਇਮਪਲਾਂਟੇਸ਼ਨ ਨਾਲ ਉੱਨਤ ਦਿਲ ਦੀ ਦੇਖਭਾਲ ਵਿੱਚ ਇੱਕ ਨਵਾਂ ਮਾਪਦੰਡ ਸਥਾਪਤ ਕੀਤਾ ਹੈ। ਖੇਤਰ ਵਿੱਚ ਸਭ ਤੋਂ ਵਧੀਆ ਕਾਰਡੀਅਕ ਸਮਰੱਥ ਟੀਮ ਦੁਆਰਾ ਸਮਰਥਤ, ਇਹ ਇਤਿਹਾਸਕ ਪ੍ਰਕਿਰਿਆ ਗੰਭੀਰ ਐਓਰਟਿਕ ਸਟੈਨੋਸਿਸ ਦੇ ਇਲਾਜ਼ ਵਿੱਚ ਇੱਕ ਵੱਡੀ ਤਰੱਕੀ ਨੂੰ ਦਰਸਾਉਂਦੀ ਹੈ, ਜੋ ਮਰੀਜ਼ਾਂ ਨੂੰ ਰਵਾਇਤੀ ਓਪਨ-ਹਾਰਟ ਸਰਜਰੀ ਦਾ ਇੱਕ ਘੱਟੋ-ਘੱਟ ਹਮਲਾਵਰ ਵਿਕਲਪ ਪ੍ਰਦਾਨ ਕਰਦੀ ਹੈ।

ਅਮਨਦੀਪ ਮੈਡੀਸਿਟੀ ਵਿਖੇ ਸਮਰਪਿਤ ਦਿਲ ਟੀਮ ਦੁਆਰਾ ਗੁੰਝਲਦਾਰ ਪ੍ਰਕਿਰਿਆ ਸਫ਼ਲਤਾਪੂਰਵਕ ਕੀਤੀ ਗਈ, ਜਿਸ ਵਿੱਚ ਡਾ. ਯਾਦਵਿੰਦਰ ਸਿੰਘ, ਇੰਟਰਵੈਂਸ਼ਨਲ ਕਾਰਡੀਓਲੋਜਿਸਟ, ਡਾ. ਪੰਕਜ ਗੋਇਲ, ਕਾਰਡੀਅਕ ਸਰਜਨ, ਅਤੇ ਡਾ. ਗੁਰਪ੍ਰੀਤ ਗਿੱਲ, ਕਾਰਡੀਅਕ ਐਨੇਸਥੀਟਿਸਟ। ਟੀਮ ਨੇ ਮਰੀਜ਼ਾਂ ਦੀ ਸੁਰੱਖਿਆ ਅਤੇ ਕਲੀਨਿਕਲ ਉੱਤਮਤਾ ਦੇ ਉੱਚਤਮ ਮਿਆਰਾਂ ਦੀ ਪਾਲਣਾ ਕਰਦੇ ਹੋਏ, ਦਖਲਅੰਦਾਜ਼ੀ ਦਾ ਮੁਲਾਂਕਣ, ਯੋਜਨਾਬੰਦੀ ਅਤੇ ਲਾਗੂ ਕਰਨ ਲਈ ਨਜ਼ਦੀਕੀ ਤਾਲਮੇਲ ਵਿੱਚ ਕੰਮ ਕੀਤਾ।

"ਸਫ਼ਲ TAVI ਪ੍ਰੋਗਰਾਮ ਇੱਕ ਬਹੁ-ਅਨੁਸ਼ਾਸਨੀ ਮਾਡਲ 'ਤੇ ਬਣਾਏ ਗਏ ਹਨ। ਇਸ ਲਈ ਦਖਲਅੰਦਾਜ਼ੀ ਕਾਰਡੀਓਲੋਜਿਸਟਾਂ, ਕਾਰਡੀਅਕ ਸਰਜਨਾਂ, ਕਾਰਡੀਅਕ ਐਨੇਸਥੀਟਿਸਟਾਂ, ਇਮੇਜਿੰਗ ਮਾਹਿਰਾਂ, ਨਰਸਿੰਗ ਸਟਾਫ ਅਤੇ ਸਹਿਯੋਗੀ ਸਿਹਤ ਸੰਭਾਲ ਪੇਸ਼ੇਵਰਾਂ ਵਿਚਕਾਰ ਸਹਿਜ ਸਹਿਯੋਗ ਦੀ ਲੋੜ ਹੁੰਦੀ ਹੈ। ਇਹ ਸਮੂਹਿਕ ਮੁਹਾਰਤ ਇਹ ਯਕੀਨੀ ਬਣਾਉਂਦੀ ਹੈ ਕਿ ਹਰੇਕ ਮਰੀਜ਼ ਨੂੰ ਵਿਅਕਤੀਗਤ ਦੇਖਭਾਲ ਅਤੇ ਸਭ ਤੋਂ ਢੁਕਵੀਂ ਇਲਾਜ਼ ਰਣਨੀਤੀ ਪ੍ਰਾਪਤ ਹੋਵੇ," ਡਾ. ਯਾਦਵਿੰਦਰ ਸਿੰਘ, ਡਾਇਰੈਕਟਰ ਕਾਰਡੀਅਕ ਸਾਇੰਸਿਜ਼, ਅਮਨਦੀਪ ਮੈਡੀਸਿਟੀ ਨੇ ਕਿਹਾ।

"ਅੰਮ੍ਰਿਤਸਰ ਦੇ ਪਹਿਲੇ ਨੇਵੀਟਰ™ TAVI ਵਾਲਵ ਦਾ ਸਫ਼ਲ ਇਮਪਲਾਂਟੇਸ਼ਨ ਪੰਜਾਬ ਦੇ ਮਰੀਜ਼ਾਂ ਲਈ ਨਵੀਨਤਮ ਸਬੂਤ-ਅਧਾਰਤ ਤਕਨਾਲੋਜੀਆਂ ਲਿਆਉਣ ਲਈ ਸਾਡੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਇਹ ਮੀਲ ਪੱਥਰ ਹਾਰਟ ਟੀਮ ਮਾਡਲ ਦੀ ਤਾਕਤ ਨੂੰ ਉਜਾਗਰ ਕਰਦਾ ਹੈ, ਜਿੱਥੇ ਕਈ ਵਿਸ਼ਿਆਂ ਦੇ ਮਾਹਰ ਸਭ ਤੋਂ ਵਧੀਆ ਸੰਭਵ ਨਤੀਜੇ ਪ੍ਰਾਪਤ ਕਰਨ ਲਈ ਇਕੱਠੇ ਹੁੰਦੇ ਹਨ," ਡਾ. ਪੰਕਜ ਗੋਇਲ, ਡਾਇਰੈਕਟਰ-ਕਾਰਡੀਓ ਥੌਰੇਸਿਕ ਅਤੇ ਵੈਸਕੂਲਰ ਸਰਜਰੀ, ਅਮਨਦੀਪ ਮੈਡੀਸਿਟੀ, ਉਜਾਲਾ ਸਿਗਨਸ ਨਾਲ ਸਾਂਝੇਦਾਰੀ ਵਿੱਚ।

"ਅਮਨਦੀਪ ਗਰੁੱਪ ਵਿਖੇ, ਸਾਡਾ ਦ੍ਰਿਸ਼ਟੀਕੋਣ ਹਮੇਸ਼ਾ ਇਸ ਖੇਤਰ ਵਿੱਚ ਵਿਸ਼ਵ ਪੱਧਰੀ ਸਿਹਤ ਸੰਭਾਲ ਨੂੰ ਪਹੁੰਚਯੋਗ ਬਣਾਉਣਾ ਰਿਹਾ ਹੈ। ਅਮਨਦੀਪ ਮੈਡੀਸਿਟੀ ਵਿਖੇ ਨੇਵੀਟਰ™ ਟੀਏਵੀਆਈ ਦੀ ਸ਼ੁਰੂਆਤ ਉਸ ਯਾਤਰਾ ਵਿੱਚ ਇੱਕ ਹੋਰ ਕਦਮ ਹੈ। ਇਹ ਕਲੀਨਿਕਲ ਨਵੀਨਤਾ, ਉੱਨਤ ਤਕਨਾਲੋਜੀ ਵਿੱਚ ਨਿਵੇਸ਼, ਅਤੇ ਮਜ਼ਬੂਤ ਕਲੀਨਿਕਲ ਟੀਮਾਂ ਬਣਾਉਣ ਪ੍ਰਤੀ ਸਾਡੀ ਵਚਨਬੱਧਤਾ ਨੂੰ ਮਜ਼ਬੂਤ ਕਰਦਾ ਹੈ ਜੋ ਵਿਸ਼ਵ ਪੱਧਰੀ ਮਿਆਰਾਂ ਦੇ ਬਰਾਬਰ ਦੇਖਭਾਲ ਪ੍ਰਦਾਨ ਕਰਦੇ ਹਨ," ਕਿਹਾ ਕਿ ਡਾ. ਅਵਤਾਰ ਸਿੰਘ, ਡਾਇਰੈਕਟਰ, ਅਮਨਦੀਪ ਹਸਪਤਾਲ, ਉਜਾਲਾ ਸਿਗਨਸ ਨਾਲ ਸਾਂਝੇਦਾਰੀ ਵਿੱਚ।

ਟੀਏਵੀਆਈ ਗੰਭੀਰ ਲੱਛਣ ਵਾਲੇ ਐਓਰਟਿਕ ਸਟੈਨੋਸਿਸ ਵਾਲੇ ਮਰੀਜ਼ਾਂ ਲਈ, ਖਾਸ ਕਰਕੇ ਬਜ਼ੁਰਗ ਮਰੀਜ਼ਾਂ ਜਾਂ ਰਵਾਇਤੀ ਸਰਜਰੀ ਲਈ ਉੱਚ-ਜੋਖਮ ਮੰਨੇ ਜਾਣ ਵਾਲੇ ਮਰੀਜ਼ਾਂ ਲਈ ਇੱਕ ਪਰਿਵਰਤਨਸ਼ੀਲ ਇਲਾਜ਼ ਵਿਕਲਪ ਵੱਜੋਂ ਉਭਰਿਆ ਹੈ। Navitor™ ਸਿਸਟਮ ਨੂੰ ਬਿਹਤਰ ਡਿਲੀਵਰੇਬਿਲਟੀ ਅਤੇ ਵਧੇ ਹੋਏ ਹੀਮੋਡਾਇਨਾਮਿਕਸ ਲਈ ਤਿਆਰ ਕੀਤਾ ਗਿਆ ਹੈ, ਜੋ ਜੀਵਨ-ਰੱਖਿਅਕ ਵਾਲਵ ਰਿਪਲੇਸਮੈਂਟ ਥੈਰੇਪੀ ਤੱਕ ਪਹੁੰਚ ਨੂੰ ਵਧਾਉਣ ਵਿੱਚ ਮਦਦ ਕਰਦਾ ਹੈ।*ਐਓਰਟਿਕ ਵਾਲ ਡਿਫਾਰਮਿਟੀ ਵਰਗੀਆਂ ਸਥਿਤੀਆਂ ਲਈ, ਜਿੱਥੇ ਪਹਿਲਾਂ ਓਪਨ-ਹਾਰਟ ਸਰਜਰੀ ਹੀ ਇੱਕੋ ਇੱਕ ਹੱਲ ਸੀ, TAVI ਵਰਗੀਆਂ ਨਵੀਆਂ ਤਕਨੀਕਾਂ ਹੁਣ ਚੋਣਵੇਂ ਮਰੀਜ਼ਾਂ ਲਈ ਸਰਜਰੀ ਨੂੰ ਗੈਰ-ਲਾਜ਼ਮੀ ਬਣਾਉਂਦੀਆਂ ਹਨ।

ਇਸ ਪ੍ਰਾਪਤੀ ਦੇ ਨਾਲ, ਅਮਨਦੀਪ ਮੈਡੀਸਿਟੀ, ਉਜਾਲਾ ਸਿਗਨਸ ਨਾਲ ਸਾਂਝੇਦਾਰੀ ਵਿੱਚ, ਉੱਤਰੀ ਭਾਰਤ ਵਿੱਚ ਉੱਨਤ ਦਿਲ ਅਤੇ ਢਾਂਚਾਗਤ ਦਿਲ ਦੇ ਦਖਲਅੰਦਾਜ਼ੀ ਲਈ ਇੱਕ ਮੋਹਰੀ ਕੇਂਦਰ ਵਜੋਂ ਆਪਣੀ ਸਥਿਤੀ ਨੂੰ ਹੋਰ ਮਜ਼ਬੂਤ ਕਰਦੀ ਹੈ। ਇਸ ਮੋਹਰੀ ਪ੍ਰਕਿਰਿਆ ਦਾ ਸਫਲ ਸੰਪੂਰਨਤਾ ਹਸਪਤਾਲ ਦੇ ਕਲੀਨਿਕਲ ਨਵੀਨਤਾ, ਸਹਿਯੋਗੀ ਦੇਖਭਾਲ, ਅਤੇ ਖੇਤਰ ਲਈ ਵਿਸ਼ਵ ਪੱਧਰੀ ਦਿਲ ਦੇ ਇਲਾਜ ਨੂੰ ਪਹੁੰਚਯੋਗ ਬਣਾਉਣ ਲਈ ਚੱਲ ਰਹੇ ਸਮਰਪਣ ਨੂੰ ਉਜਾਗਰ ਕਰਦੀ ਹੈ।

ਉਜਾਲਾ ਸਿਗਨਸ ਨਾਲ ਸਾਂਝੇਦਾਰੀ ਵਿੱਚ ਅਮਨਦੀਪ ਮੈਡੀਸਿਟੀ ਬਾਰੇ

ਅਮਨਦੀਪ ਗਰੁੱਪ ਛੇ ਰਣਨੀਤਕ ਸਥਾਨਾਂ 'ਤੇ 750 ਤੋਂ ਵੱਧ ਬਿਸਤਰਿਆਂ ਅਤੇ 170 ਤੋਂ ਵੱਧ ਮਾਹਰ ਡਾਕਟਰਾਂ ਦੇ ਨਾਲ ਇੱਕ ਪ੍ਰਮੁੱਖ ਸਿਹਤ ਸੰਭਾਲ ਨੈੱਟਵਰਕ ਵਿੱਚ ਵਧਿਆ ਹੈ। ਉਜਾਲਾ ਸਿਗਨਸ ਨਾਲ ਸਾਂਝੇਦਾਰੀ ਵਿੱਚ, ਸਮੂਹ ਉੱਨਤ ਤਕਨਾਲੋਜੀ ਅਤੇ ਮਾਹਰ-ਅਗਵਾਈ ਵਾਲੀ ਦੇਖਭਾਲ ਦੁਆਰਾ ਪਹੁੰਚਯੋਗ, ਕਿਫਾਇਤੀ ਅਤੇ ਗੁਣਵੱਤਾ ਵਾਲੀ ਸਿਹਤ ਸੰਭਾਲ ਲਈ ਪੱਧਰ ਨੂੰ ਵਧਾਉਣ ਲਈ ਵਚਨਬੱਧ ਹੈ।

# ਮਾਊਂਟ ਐਵਰੈਸਟ ਫਤਹਿ ਕਰਕੇ ਅਜੇਪਾਲ ਸਿੰਘ ਧਾਲੀਵਾਲ ਨੇ ਸਿੱਖ ਕੌਮ ਦਾ ਨਾਮ ਸੰਸਾਰ ਭਰ ਵਿੱਚ ਰੌਸ਼ਨ ਕੀਤਾ : ਹਰਮੀਤ ਸਿੰਘ ਕਾਲਕਾ



ਨਵੀਂ ਦਿੱਲੀ 2 ਜੂਨ,ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਹੈ ਕਿ ਕੈਨੇਡਾ ਦੇ ਨਾਗਰਿਕ ਸਿੱਖ ਨੌਜਵਾਨ ਸਰਦਾਰ ਅਜੇਪਾਲ ਸਿੰਘ ਧਾਲੀਵਾਲ ਨੇ ਦੁਨੀਆ ਦੀ ਸਭ ਤੋਂ ਉੱਚੀ ਚੋਟੀ ਮਾਊਂਟ ਐਵਰੈਸਟ ਨੂੰ ਸਰ ਕਰਕੇ ਨਾ ਸਿਰਫ਼ ਆਪਣਾ ਸੁਪਨਾ ਸਾਕਾਰ ਕੀਤਾ ਹੈ, ਸਗੋਂ ਸਮੁੱਚੀ ਸਿੱਖ ਕੌਮ ਅਤੇ ਪੰਜਾਬੀਆਂ ਦਾ ਮਾਣ ਵੀ ਸੰਸਾਰ ਭਰ ਵਿੱਚ ਰੋਸ਼ਨ ਕੀਤਾ ।

ਅੱਜ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫ਼ਤਰ ਵਿਖੇ ਸਰਦਾਰ ਅਜੇਪਾਲ ਸਿੰਘ ਧਾਲੀਵਾਲ ਨੂੰ ਸਨਮਾਨਿਤ ਕਰਦਿਆਂ ਸਰਦਾਰ ਕਾਲਕਾ ਨੇ ਕਿਹਾ ਕਿ ਮਾਊਂਟ ਐਵਰੈਸਟ ਵਰਗੀ ਮੁਸ਼ਕਲ ਅਤੇ ਚੁਣੌਤੀਪੂਰਨ ਚੋਟੀ ਨੂੰ ਫਤਹਿ ਕਰਨਾ ਅਸਾਧਾਰਣ ਹਿੰਮਤ, ਦ੍ਰਿੜ ਇਰਾਦੇ ਅਤੇ ਲਗਾਤਾਰ ਮਿਹਨਤ ਦੀ ਮਿਸਾਲ ਹੈ।

ਉਨ੍ਹਾਂ ਦੱਸਿਆ ਕਿ ਸਰਦਾਰ ਅਜੇਪਾਲ ਸਿੰਘ ਧਾਲੀਵਾਲ ਨੇ ਪਿਛਲੇ ਸਾਲ ਵੀ ਇਸ ਮੁਹਿੰਮ ਲਈ ਯਤਨ ਕੀਤਾ ਸੀ, ਪਰ ਇਸ ਵਾਰ ਉਨ੍ਹਾਂ ਨੇ ਆਪਣੇ ਅਟੱਲ ਵਿਸ਼ਵਾਸ ਅਤੇ ਮਜ਼ਬੂਤ ਇਰਾਦਿਆਂ ਸਦਕਾ ਸਫ਼ਲਤਾ ਹਾਸਲ ਕੀਤੀ। ਉਨਾਂ ਦਸਿਆ ਕਿ 13 ਅਪ੍ਰੈਲ ਤੋਂ 20 ਮਈ ਤੱਕ ਲਗਭਗ 37 ਦਿਨਾਂ ਦੇ ਲੰਬੇ ਅਤੇ ਔਖੇ ਸਫ਼ਰ ਦੌਰਾਨ ਉਨ੍ਹਾਂ ਨੇ ਲਗਾਤਾਰ ਟਰੈਕਿੰਗ ਕਰਦੇ ਹੋਏ ਮਾਊਂਟ ਐਵਰੈਸਟ ਦੀ ਚੋਟੀ ਤੱਕ ਪਹੁੰਚਣ ਦਾ ਮਾਣ ਹਾਸਲ ਕੀਤਾ।

ਸਰਦਾਰ ਕਾਲਕਾ ਨੇ ਕਿਹਾ ਕਿ ਐਵਰੈਸਟ ਦੀ ਚੋਟੀ 'ਤੇ ਪਹੁੰਚ ਕੇ ਸਰਦਾਰ ਧਾਲੀਵਾਲ ਨੇ ਭਾਰਤ ਅਤੇ ਕੈਨੇਡਾ ਦੇ ਰਾਸ਼ਟਰੀ ਝੰਡੇ ਲਹਿਰਾਉਣ ਦੇ ਨਾਲ-ਨਾਲ ਗੁਰਬਾਣੀ ਦਾ ਪਾਵਨ ਉਚਾਰਨ ਵੀ ਕੀਤਾ, ਜੋ ਹਰ ਸਿੱਖ ਲਈ ਮਾਣ ਅਤੇ ਖੁਸ਼ੀ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਸਿਰਫ਼ ਇੱਕ ਵਿਅਕਤੀ ਦੀ ਨਹੀਂ, ਸਗੋਂ ਪੂਰੇ ਸਿੱਖ ਭਾਈਚਾਰੇ ਲਈ ਮਾਣ ਦਾ ਪਲ ਹੈ।

ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਨੇ ਕਿਹਾ ਕਿ ਅਜੇਪਾਲ ਸਿੰਘ ਧਾਲੀਵਾਲ ਵਰਗੇ ਨੌਜਵਾਨ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਣਾ ਸਰੋਤ ਹਨ। ਉਨ੍ਹਾਂ ਦੀ ਮਿਹਨਤ, ਲਗਨ ਅਤੇ ਹੌਸਲਾ ਨੌਜਵਾਨਾਂ ਨੂੰ ਆਪਣੇ ਟੀਚਿਆਂ ਪ੍ਰਤੀ ਸਮਰਪਿਤ ਰਹਿਣ ਅਤੇ ਦੇਸ਼, ਕੌਮ ਅਤੇ ਸਮਾਜ ਦਾ ਨਾਮ ਰੌਸ਼ਨ ਕਰਨ ਲਈ ਉਤਸ਼ਾਹਿਤ ਕਰਦਾ ਹੈ।

ਉਨ੍ਹਾਂ ਸਰਦਾਰ ਅਜੇਪਾਲ ਸਿੰਘ ਧਾਲੀਵਾਲ ਨੂੰ ਇਸ ਇਤਿਹਾਸਕ ਪ੍ਰਾਪਤੀ ਲਈ ਵਧਾਈ ਦਿੰਦਿਆਂ ਕਿਹਾ ਕਿ ਅਜਿਹੀਆਂ ਸ਼ਖ਼ਸੀਅਤਾਂ ਸਮਾਜ ਵਿੱਚ ਸਕਾਰਾਤਮਕ ਸੋਚ, ਆਤਮ-ਵਿਸ਼ਵਾਸ ਅਤੇ ਉੱਚੇ ਸੁਪਨੇ ਦੇਖਣ ਦੀ ਪ੍ਰੇਰਣਾ ਪੈਦਾ ਕਰਦੀਆਂ

## ਪਟੇਲ ਕਾਲਜ ਵਿਖੇ ਅੰਤਰਰਾਸ਼ਟਰੀ ਜੈਵਿਕ ਵਿਭਿੰਨਤਾ ਦਿਵਸ ਮਨਾਇਆ ਗਿਆ

ਰਾਜਪੁਰਾ,02 ਜੂਨ (ਹਿਮਾਂਸ਼ੂ ਹੈਰੀ):ਪਟੇਲ ਮੈਮੋਰੀਅਲ ਨੈਸ਼ਨਲ ਕਾਲਜ ਰਾਜਪੁਰਾ ਦੇ ਈਕੋ ਕਲੱਬ ਅਤੇ ਵਿਗਿਆਨ ਵਿਭਾਗ ਦੁਆਰਾ ਆਯੋਜਿਤ ਅੰਤਰਰਾਸ਼ਟਰੀ ਜੈਵਿਕ ਵਿਭਿੰਨਤਾ ਦਿਵਸ ਈਕੋ ਕਲੱਬ ਅਤੇ ਵਿਗਿਆਨ ਵਿਭਾਗ ਨੇ ਪਟੇਲ ਮੈਮੋਰੀਅਲ ਨੈਸ਼ਨਲ ਕਾਲਜ, ਰਾਜਪੁਰਾ ਦੇ ਆਈਕਿਊਏਸੀ ਦੇ ਸਹਿਯੋਗ ਨਾਲ "ਐਕਟਿੰਗ ਗਲੋਬਲੀ ਫਾਰ ਗਲੋਬਲ ਇਮਪੈਕਟ" ਥੀਮ ਅਧੀਨ ਅੰਤਰਰਾਸ਼ਟਰੀ ਜੈਵਿਕ ਵਿਭਿੰਨਤਾ ਦਿਵਸ ਨੂੰ ਕਾਲਜ ਦੇ ਬਨਸਪਤੀ ਬਾਗ ਵਿੱਚ ਇੱਕ ਪ੍ਰਦਰਸ਼ਨੀ ਅਤੇ ਜ਼ੀਰੋਫਾਈਟਿਕ ਪੌਦਿਆਂ ਦੀ ਹਰੀ ਕੰਧ ਦੀ ਇੱਕ ਆਕਰਸ਼ਕ ਪ੍ਰਦਰਸ਼ਨੀ ਦਾ ਆਯੋਜਨ ਕਰਕੇ ਬਹੁਤ ਉਤਸ਼ਾਹ ਨਾਲ ਮਨਾਇਆ। ਇਹ ਪ੍ਰੋਗਰਾਮ ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਅਤੇ ਈਕੋ ਕਲੱਬ ਦੇ ਨੋਡਲ ਅਫਸਰ ਡਾ. ਦਲਵੀਰ ਕੌਰ ਅਤੇ ਡਾ. ਜਸਨੀਤ ਕੌਰ ਦੁਆਰਾ ਵਾਤਾਵਰਣ ਸਿੱਖਿਆ ਪ੍ਰੋਗਰਾਮ (E E P ) ਅਧੀਨ ਪੰਜਾਬ ਜੈਵਿਕ ਵਿਭਿੰਨਤਾ ਬੋਰਡ ਦੇ ਸਹਿਯੋਗ ਨਾਲ ਅਤੇ ਰਾਸ਼ਟਰੀ ਜੈਵਿਕ ਵਿਭਿੰਨਤਾ ਅਥਾਰਟੀ, ਭਾਰਤ ਸਰਕਾਰ ਦੁਆਰਾ ਸਪਾਂਸਰ ਕੀਤਾ ਗਿਆ ਹੈ। ਇਹ ਪ੍ਰੋਗਰਾਮ ਜੈਵਿਕ ਵਿਭਿੰਨਤਾ ਸੰਭਾਲ ਅਤੇ ਕਠੋਰ ਵਾਤਾਵਰਣਕ ਸਥਿਤੀਆਂ ਦੇ ਅਨੁਕੂਲ ਪੌਦਿਆਂ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣ ਲਈ ਆਯੋਜਿਤ ਕੀਤਾ ਗਿਆ ਸੀ। ਇਸ ਦੌਰਾਨ ਵਿਗਿਆਨ ਵਿਭਾਗ ਦੇ ਵਿਦਿਆਰਥੀਆਂ ਨੇ ਜੈਵਿਕ ਵਿਭਿੰਨਤਾ ਅਤੇ ਵਾਤਾਵਰਣ ਸਥਿਰਤਾ ਦੀ ਮਹੱਤਤਾ ਨੂੰ ਉਜਾਗਰ ਕਰਦੇ ਹੋਏ ਚਾਰਟ, ਮਾਡਲ ਅਤੇ ਪੌਦੇ ਅਤੇ ਜਾਨਵਰਾਂ ਦੁਆਰਾ ਸੁਰੱਖਿਅਤ ਨਮੂਨੇ ਪੇਸ਼ ਕਰਕੇ ਪ੍ਰਦਰਸ਼ਨੀ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਸੋਕਾ-ਰੋਧਕ ਪ੍ਰਜਾਤੀਆਂ ਸਮੇਤ ਜ਼ੀਰੋਫਾਈਟਿਕ ਪੌਦਿਆਂ ਦੀ ਵਿਸ਼ੇਸ਼ ਤੌਰ 'ਤੇ ਤਿਆਰ ਕੀਤੀ ਗਈ ਹਰੀ ਕੰਧ, ਇਸ ਪ੍ਰੋਗਰਾਮ ਦਾ ਮੁੱਖ ਆਕਰਸ਼ਣ ਬਣੀ ਜੋ ਟਿਕਾਊ ਲੈਂਡਸਕੇਪਿੰਗ ਅਤੇ ਵਾਤਾਵਰਣ ਸੁਰੱਖਿਆ ਵਿੱਚ ਯੋਗਦਾਨ ਪਾਉਂਦੀਆਂ ਹਨ। ਬਰਸਰ ਡਾ. ਵੰਦਨਾ ਗੁਪਤਾ ਅਤੇ ਆਈਕਿਊਏਸੀ ਕੋਆਰਡੀਨੇਟਰ ਡਾ. ਤਰਨਜੀਤ ਸਿੰਘ, ਅਤੇ ਡਾ. ਗੁਰਨਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਵਾਤਾਵਰਣ-ਅਨੁਕੂਲ ਅਭਿਆਸਾਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ ਅਤੇ ਜਲਵਾਯੂ ਪਰਿਵਰਤਨ ਅਤੇ ਵਾਤਾਵਰਣ ਦੇ ਪਤਨ ਦੇ ਮੱਦੇਨਜ਼ਰ ਜੈਵ ਵਿਭਿੰਨਤਾ ਦੀ ਸੰਭਾਲ ਦੀ ਤੁਰੰਤ ਲੋੜ 'ਤੇ ਜ਼ੋਰ ਦਿੱਤਾ। ਡਾ. ਨੀਰਜ ਬਾਲਾ, ਡਾ. ਤਰੰਗ ਗੁਪਤਾ, ਪ੍ਰੋ. ਚੀਨਾ, ਡਾ. ਮਨਿੰਦਰ ਕੌਰ, ਪ੍ਰੋ. ਦੀਪਿਕਾ ਸ਼ਾਰਦਾ, ਪ੍ਰੋ. ਮਨਦੀਪ ਕੌਰ, ਪ੍ਰੋ. ਦੀਪਿਕਾ ਫਿਰਾਨੀ, ਪ੍ਰੋ. ਪ੍ਰਿਆ, ਸ਼੍ਰੀ ਵਿਜੇ, ਸ਼੍ਰੀਮਤੀ ਲਵਪ੍ਰੀਤ, ਸ਼੍ਰੀ ਮਨਦੀਪ ਸਿੰਘ, ਸ਼੍ਰੀਮਤੀ ਭਾਵਨਾ ਅਤੇ ਸ਼੍ਰੀਮਤੀ ਪੂਨਮ ਨੇ ਪੂਰੇ ਪ੍ਰੋਗਰਾਮ ਦੀ ਸ਼ੋਭਾ ਵਧਾਈ। ਪ੍ਰਿੰਸੀਪਲ ਅਤੇ ਈਕੋ ਕਲੱਬ ਕੋਆਰਡੀਨੇਟਰਾਂ ਨੇ ਲੈਬ ਅਟੈਂਡੈਂਟ ਸ਼੍ਰੀ ਰਾਜੂ ਅਤੇ ਸ਼੍ਰੀ ਗੁਰਪ੍ਰੀਤ ਸਿੰਘ ਅਤੇ ਗਾਰਡਨਰਜ਼ ਸ਼੍ਰੀ ਹੀਰਾ ਲਾਲ, ਸ਼੍ਰੀ ਸੀਆ ਰਾਮ ਅਤੇ ਸ਼੍ਰੀ ਰਾਮ ਬਹਾਦਰ ਦੀ ਜ਼ੀਰੋਫਾਈਟਿਕ ਪੌਦਿਆਂ ਦੀ ਪ੍ਰਦਰਸ਼ਨੀ ਅਤੇ ਹਰੀ ਕੰਧ ਨੂੰ ਪੂਰਾ ਕਰਨ ਵਿੱਚ ਉਨ੍ਹਾਂ ਦੇ ਸੁਹਿਰਦ ਸਹਿਯੋਗ ਲਈ ਵੀ ਸ਼ਲਾਘਾ ਕੀਤੀ। ਇਸ ਦੌਰਾਨ ਕਾਲਜ ਦੇ ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਨੇ ਪੰਜਾਬ ਜੈਵ ਵਿਭਿੰਨਤਾ ਬੋਰਡ, ਰਾਸ਼ਟਰੀ ਜੈਵ ਵਿਭਿੰਨਤਾ ਬੋਰਡ, ਭਾਰਤ ਸਰਕਾਰ ਅਤੇ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ, ਭਾਰਤ ਸਰਕਾਰ ਦਾ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ ਧੰਨਵਾਦ ਕੀਤਾ। ਪ੍ਰੋਗਰਾਮ ਦਾ ਸਮਾਪਨ ਸਾਰੇ ਭਾਗੀਦਾਰਾਂ ਦੁਆਰਾ ਕੁਦਰਤ ਦੀ ਰੱਖਿਆ, ਵਾਤਾਵਰਣ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਅਤੇ ਇੱਕ ਟਿਕਾਊ ਭਵਿੱਖ ਲਈ ਸਮੂਹਿਕ ਤੌਰ 'ਤੇ ਕੰਮ ਕਰਨ ਦੇ ਵਾਅਦੇ ਨਾਲ ਹੋਇਆ।



## ਨੇਪਾਲ 'ਚ ਚਮਕਿਆ ਨੂਰਪੁਰਬੇਦੀ ਦਾ ਹੋਣਹਾਰ ਖਿਡਾਰੀ ਉਜਵਲ ਚੌਧਰੀ, ਬੈਡਮਿੰਟਨ ਚੈਂਪੀਅਨਸ਼ਿਪ 'ਚ ਜਿੱਤਿਆ ਸਿਲਵਰ ਮੈਡਲ




ਨੂਰਪੁਰਬੇਦੀ, 2 ਜੂਨ (ਅਜੈ ਪੁਰੀ) ਬਲਾਕ ਨੂਰਪੁਰਬੇਦੀ ਦੇ ਪਿੰਡ ਜਤੋਲੀ ਦੇ ਹੋਨਹਾਰ ਬੈਡਮਿੰਟਨ ਖਿਡਾਰੀ ਉਜਵਲ ਚੌਧਰੀ ਨੇ ਨੇਪਾਲ ਵਿੱਚ ਹੋਈ ਅੰਤਰਰਾਸ਼ਟਰੀ ਬੈਡਮਿੰਟਨ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਅੰਡਰ-17 ਵਰਗ ਵਿੱਚ ਸਿਲਵਰ ਮੈਡਲ ਜਿੱਤ ਕੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਵੱਖ-ਵੱਖ ਦੇਸ਼ਾਂ ਦੇ ਖਿਡਾਰੀਆਂ ਦੀ ਭਾਗੀਦਾਰੀ ਵਾਲੇ ਇਸ ਮੁਕਾਬਲੇ ਵਿੱਚ ਓਜਵਲ ਨੇ ਆਪਣੇ ਹੁਨਰ, ਲਗਨ ਅਤੇ ਮਿਹਨਤ ਦੇ ਬਲਬੂਤੇ ਫਾਈਨਲ ਤੱਕ ਪਹੁੰਚ ਕੇ ਦੂਜਾ ਸਥਾਨ ਹਾਸਲ ਕੀਤਾ। ਸਮਾਪਤੀ ਸਮਾਰੋਹ ਦੌਰਾਨ ਪ੍ਰਬੰਧਕਾਂ ਵੱਲੋਂ ਉਸ ਨੂੰ ਸਿਲਵਰ ਮੈਡਲ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਓਜਵਲ ਪਿੰਡ ਜਤੋਲੀ ਦੇ ਹਰਜੀਤ ਕੁਮਾਰ ਦਾ ਪੁੱਤਰ ਹੈ ਅਤੇ ਇਸ ਸਮੇਂ ਈਮੈਕਸ ਇੰਟਰਨੈਸ਼ਨਲ ਸਕੂਲ, ਅੰਬਾਲਾ ਵਿੱਚ ਦਸਵੀਂ ਜਮਾਤ ਦਾ ਵਿਦਿਆਰਥੀ ਹੈ। ਉਸ ਦੀ ਇਸ ਉਪਲਬਧੀ 'ਤੇ ਖੇਤਰ ਦੀਆਂ ਪ੍ਰਮੁੱਖ ਸਮਾਜਿਕ ਅਤੇ ਧਾਰਮਿਕ ਸ਼ਖ਼ਸੀਅਤਾਂ ਨੇ ਵਧਾਈ ਦਿੰਦਿਆਂ ਉਸ ਦੇ ਉਜਲੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਬਾਦਲ ਦਲ ਨੂੰ ਵੱਡਾ ਝਟਕਾ: ਜਸਵੰਤ ਸਿੰਘ ਬਿੱਟੂ ਸੈਂਕੜੇ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਵਿੱਚ ਸ਼ਾਮਲ




ਨਵੀਂ ਦਿੱਲੀ, 2 ਜੂਨ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਦੀ ਪੰਥਕ ਰਾਜਨੀਤੀ ਵਿੱਚ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਨੂੰ ਉਸ ਵੇਲੇ ਵੱਡਾ ਹੁਲਾਰਾ ਮਿਲਿਆ ਜਦੋਂ ਬਾਦਲ ਦਲ ਦੇ ਸੀਨੀਅਰ ਆਗੂ ਜਸਵੰਤ ਸਿੰਘ ਬਿੱਟੂ ਆਪਣੇ ਸੈਂਕੜੇ ਸਾਥੀਆਂ ਸਮੇਤ ਪਾਰਟੀ ਵਿੱਚ ਸ਼ਾਮਲ ਹੋ ਗਏ। ਉਨ੍ਹਾਂ ਨੂੰ ਹਰਮੀਤ ਸਿੰਘ ਕਾਲਕਾ ਅਤੇ ਜਗਦੀਪ ਸਿੰਘ ਕਾਹਲੋਂ ਨੇ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ। ਅਮਰ ਕਲੋਨੀ, ਗ੍ਰੇਟਰ ਕੈਲਾਸ਼ ਅਤੇ ਲਾਜਪਤ ਨਗਰ ਖੇਤਰ ਵਿੱਚ ਹੋਏ ਸਾਂਝੇ ਸਮਾਗਮ ਦੌਰਾਨ ਕਾਲਕਾ ਅਤੇ ਕਾਹਲੋਂ ਨੇ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤੀ ਜਾ ਰਹੀ ਧਾਰਮਿਕ ਅਤੇ ਸਮਾਜਿਕ ਸੇਵਾ ਕਾਰਨ ਵੱਡੀ ਗਿਣਤੀ ਵਿੱਚ ਲੋਕ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਦਾ ਮੁੱਖ ਮਕਸਦ ਸੰਗਤ ਦੀ ਸੇਵਾ ਅਤੇ ਪੰਥਕ ਕਦਰਾਂ-ਕੀਮਤਾਂ ਦੀ ਮਜ਼ਬੂਤੀ ਹੈ। ਉਨ੍ਹਾਂ ਦੱਸਿਆ ਕਿ ਦਿੱਲੀ ਭਰ ਵਿੱਚ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਗੁਰਮਤਿ ਕੈਂਪ ਲਗਾ ਕੇ ਨੌਜਵਾਨ ਪੀੜ੍ਹੀ ਨੂੰ ਗੁਰਸਿੱਖੀ, ਪੰਜਾਬੀ ਅਤੇ ਸਿੱਖ ਇਤਿਹਾਸ ਨਾਲ ਜੋੜਿਆ ਜਾ ਰਿਹਾ ਹੈ। ਇਸ ਤੋਂ ਇਲਾਵਾ ਦਿੱਲੀ ਫਤਿਹ ਦਿਵਸ ਅਤੇ ਹੋਰ ਇਤਿਹਾਸਕ ਸਮਾਗਮਾਂ ਰਾਹੀਂ ਸਿੱਖ ਇਤਿਹਾਸ ਨੂੰ ਉਜਾਗਰ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ। ਕਾਲਕਾ ਅਤੇ ਕਾਹਲੋਂ ਨੇ ਕਿਹਾ ਕਿ ਦਿੱਲੀ ਕਮੇਟੀ ਨੇ ਸਿੱਖਿਆ ਅਤੇ ਸਿਹਤ ਖੇਤਰ ਵਿੱਚ ਵੀ ਮਹੱਤਵਪੂਰਨ ਕੰਮ ਕੀਤੇ ਹਨ, ਜਿਸ ਕਾਰਨ ਸੰਗਤ ਦਾ ਭਰੋਸਾ ਲਗਾਤਾਰ ਵੱਧ ਰਿਹਾ ਹੈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਗੁਰੂ ਘਰਾਂ ਦੀ ਸੇਵਾ ਅਤੇ ਸਮਾਜ ਭਲਾਈ ਦੇ ਕਾਰਜਾਂ ਲਈ ਇਸੇ ਤਰ੍ਹਾਂ ਸਹਿਯੋਗ ਜਾਰੀ ਰੱਖਣ।ਇਸ ਮੌਕੇ ਸ਼ਮਸ਼ੇਰ ਸਿੰਘ ਸੰਧੂ, ਐਮ ਪੀ ਐਸ ਚੱਢਾ, ਭੁਪਿੰਦਰ ਸਿੰਘ ਭੁੱਲਰ, ਜਸਵਿੰਦਰ ਸਿੰਘ ਜੌਲੀ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

## ਕੁਮਾਰ ਜਗਦੇਵ ਸਿੰਘ ਦੀ ਪੁਸਤਕ 'ਮੈਲੇ ਲੱਠੇ ਦੀ ਝਾਲਰ' ਤੇ ਵਿਚਾਰ ਚਰਚਾ 6 ਜੂਨ ਨੂੰ ਚੰਡੀਗੜ੍ਹ ਹੋਵੇਗੀ

ਫ਼ਰੀਦਕੋਟ, 2 ਜੂਨ (ਕੰਵਲ ਸਰਾਂ )-ਫ਼ਰੀਦਕੋਟ ਦੇ ਉੱਘੇ ਸਿੱਖਿਆ ਸ਼ਾਸ਼ਤਰੀ, ਪੰਜਾਬ ਦੇ ਨਾਮਵਰ ਸ਼ਾਇਰ ਅਤੇ ਰੰਗਕਰਮੀ ਕੁਮਾਰ ਜਗਦੇਵ ਸਿੰਘ ਦੀ ਲਿਖੀ ਦੂਸਰੀ ਵਾਰਤਕ ਕਿਤਾਬ ' ਮੈਲੇ ਲੱਠੇ ਦੀ ਝਾਲਰ' ਤੇ ਵਿਚਾਰ ਚਰਚਾ ਕਰਨ ਵਾਸਤੇ ਸਵਪਨ ਫ਼ਾਊਡੇਸ਼ਨ ਪਟਿਆਲਾ ਵੱਲੋਂ ਪੰਜਾਬ ਕਲਾ ਪ੍ਰੀਸ਼ਦ ਦੇ ਸਹਿਯੋਗ ਨਾਲ ਇੱਕ ਸਾਹਿਤਕ ਸ਼ਾਮ 6 ਜੂਨ, ਦਿਨ ਸ਼ਨੀਵਾਰ ਨੂੰ ਸ਼ਾਮ 4:00 ਵਜੇ ਪੰਜਾਬ ਕਲਾ ਭਵਨ, ਸੈਕਟਰ-16 ਚੰਡੀਗੜ ਵਿਖੇ ਕਰਵਾਈ ਜਾ ਰਹੀ ਹੈ। ਇਸ ਸਾਹਿਤਕ ਸ਼ਾਮ 'ਚ ਫ਼ਰੀਦਕੋਟੀਏ ਸ਼ਾਇਰ ਕੁਮਾਰ ਜਗਦੇਵ ਸਿੰਘ ਬਰਾੜ ਦੀ ਪੁਸਤਕ 'ਮੈਲੇ ਲੱਠੇ ਦੀ ਚਾਦਰ' ਤੇ ਵਿਚਾਰ ਕੀਤੀ ਜਾਵੇਗੀ। ਇਸ ਸਾਹਿਤਕ ਸਮਾਗਮ 'ਚ ਮੁੱਖ ਮਹਿਮਾਨ ਪੰਜਾਬ ਦੇ ਨਾਮਵਰ ਨਾਟਕਾਰ ਪਾਲੀ ਭੁਪਿੰਦਰ ਹੋਣਗੇ। ਸਮਾਗਮ ਦੀ ਪ੍ਰਧਾਨਗੀ ਡਾ.ਮਨਮੋਹਨ ਸਿੰਘ, ਪੰਜਾਬ ਦੇ ਉੱਚਕੋਟੀ ਦੇ ਸ਼ਾਇਰ ਵਿਜੇ ਵਿਵੇਕ, ਪੰਜਾਬ ਦੇ ਨਾਮਵਰ ਨਿਰਦੇਸ਼ਕ, ਗੀਤਕਾਰ, ਲੇਖਕ ਅਮਰਦੀਪ ਗਿੱਲ, ਪੰਜਾਬ ਦੇ ਉੱਘੇ ਨਾਟਕਕਾਰ/ਮੰਚ ਸੰਚਾਲਕ ਨਿਰਮਲ ਜੌੜਾ ਸਾਂਝੇ ਰੂਪ 'ਚ ਕਰਨਗੇ। ਇਸ ਸਮਾਗਮ ਦੇ ਮੁੱਖ ਬੁਲਾਰੇ ਡਾ.ਤੇਜਿੰਦਰ ਸਿੰਘ ਹੋਣਗੇ। ਇਹ ਜਾਣਕਾਰੀ ਸਵਪਨ ਫ਼ਾਊਡੇਸ਼ਨ ਪਟਿਆਲਾ ਦੇ ਸਰਪ੍ਰਸਤ ਸੁਖਵਿੰਦਰ ਕੰਬੋਜ਼, ਜਨਰਲ ਸਕੱਤਰ ਜਗਦੀਪ ਸਿੱਧੂ, ਪ੍ਰਧਾਨ ਡਾ.ਕੁਲਪਿੰਦਰ ਸ਼ਰਮਾ ਨੇ ਦਿੰਦਿਆ ਦੱਸਿਆ ਕਿ ਇਸ ਸਮਾਗਮ ਲਈ ਪੰਜਾਬ ਦੀਆਂ ਨਾਮਵਰ ਹਸਤੀਆਂ ਸਵਰਨਜੀਤ ਸਵੀ, ਡਾ.ਯੋਗਰਾਜ ਅਤੇ ਡਾ.ਰਵੇਲ ਸਿੰਘ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਜਾ ਰਿਹਾ ਹੈ।



## ਅਕਾਲੀ ਦਲ ਯੂਥ ਵਿੰਗ ਨੇ ਮਨਪ੍ਰੀਤ ਸਿੰਘ ਹੈਪੀ ਦੇ ਹੱਕ ਵਿੱਚ ਭਰੀ ਹਾਮੀ
## ਹੈਪੀ ਦੇ ਸੰਘਰਸ਼ ਵਿੱਚ ਯੂਥ ਵਿੰਗ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ : ਲਾਡੀ ਪਨੈਚ



ਬੱਸੀ ਪਠਾਣਾ, 2 ਜੂਨ (ਚੰਨਪ੍ਰੀਤ ਪਨੇਸਰ):-ਨਗਰ ਕੌਂਸਲ ਚੋਣਾਂ ਦੀ ਗਿਣਤੀ ਦੌਰਾਨ ਮਨਪ੍ਰੀਤ ਸਿੰਘ ਹੈਪੀ ਨਾਲ ਕਥਿਤ ਤੌਰ 'ਤੇ ਹੋਈ ਧੱਕੇਸ਼ਾਹੀ ਦੇ ਮਾਮਲੇ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਦੀ ਜ਼ਿਲ੍ਹਾ ਯੂਥ ਜਥੇਬੰਦੀ ਨੇ ਹੈਪੀ ਦੇ ਹੱਕ ਵਿੱਚ ਡਟ ਕੇ ਖੜ੍ਹਨ ਦਾ ਐਲਾਨ ਕੀਤਾ ਹੈ।ਇਸ ਮੌਕੇ ਜ਼ਿਲ੍ਹਾ ਯੂਥ ਵਿੰਗ ਦੇ ਆਗੂਆਂ ਅਤੇ ਵਰਕਰਾਂ ਨੇ ਮਨਪ੍ਰੀਤ ਸਿੰਘ ਹੈਪੀ ਦੇ ਗ੍ਰਹਿ ਵਿਖੇ ਪਹੁੰਚ ਕੇ ਉਨ੍ਹਾਂ ਨਾਲ ਮੁਲਾਕਾਤ ਕੀਤੀ ਅਤੇ ਪੂਰਾ ਸਮਰਥਨ ਦੇਣ ਦਾ ਭਰੋਸਾ ਦਿੱਤਾ। ਯੂਥ ਆਗੂਆਂ ਨੇ ਕਿਹਾ ਕਿ ਮਨਪ੍ਰੀਤ ਸਿੰਘ ਹੈਪੀ ਇੱਕ ਜੁਝਾਰੂ ਅਤੇ ਲੋਕਪ੍ਰਿਯ ਆਗੂ ਹਨ, ਜਿਨ੍ਹਾਂ ਨੂੰ ਲੋਕਾਂ ਦਾ ਭਰਪੂਰ ਸਮਰਥਨ ਪ੍ਰਾਪਤ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਧੱਕੇਸ਼ਾਹੀ ਨਾਲ ਲੋਕਾਂ ਦੇ ਫ਼ੈਸਲੇ ਨੂੰ ਬਦਲਿਆ ਨਹੀਂ ਜਾ ਸਕਦਾ ਅਤੇ ਪਾਰਟੀ ਦਾ ਹਰ ਵਰਕਰ ਹੈਪੀ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਹੈ। ਜ਼ਿਲ੍ਹਾ ਯੂਥ ਪ੍ਰਧਾਨ ਲਾਡੀ ਪਨੈਚ ਨੇ ਕਿਹਾ ਕਿ ਗਿਣਤੀ ਵਾਲੇ ਦਿਨ ਜੋ ਕੁਝ ਵਾਪਰਿਆ, ਉਹ ਲੋਕਤੰਤਰਿਕ ਕਦਰਾਂ-ਕੀਮਤਾਂ ਦੇ ਉਲਟ ਹੈ। ਉਨ੍ਹਾਂ ਕਿਹਾ ਕਿ ਤਿੰਨ ਵਾਰ ਜਿੱਤ ਦਾ ਐਲਾਨ ਹੋਣ ਤੋਂ ਬਾਅਦ ਨਤੀਜੇ ਵਿੱਚ ਤਬਦੀਲੀ ਆਉਣਾ ਗੰਭੀਰ ਮਾਮਲਾ ਹੈ, ਜਿਸ ਨਾਲ ਲੋਕਾਂ ਦੇ ਲੋਕਤੰਤਰ 'ਤੇ ਵਿਸ਼ਵਾਸ ਨੂੰ ਠੇਸ ਪਹੁੰਚੀ ਹੈ। ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਹੱਕ ਅਤੇ ਸੱਚ ਦੀ ਲੜਾਈ ਲੜਦਾ ਆਇਆ ਹੈ ਅਤੇ ਇਸ ਮਾਮਲੇ ਵਿੱਚ ਵੀ ਮਨਪ੍ਰੀਤ ਸਿੰਘ ਹੈਪੀ ਦੇ ਨਾਲ ਮਜ਼ਬੂਤੀ ਨਾਲ ਖੜ੍ਹਾ ਹੈ। ਇਹ ਲੜਾਈ ਹੁਣ ਕਿਸੇ ਇੱਕ ਵਿਅਕਤੀ ਦੀ ਨਹੀਂ, ਸਗੋਂ ਇਨਸਾਫ਼ ਅਤੇ ਲੋਕਤੰਤਰ ਦੀ ਲੜਾਈ ਬਣ ਚੁੱਕੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਾ ਮੁੱਢਲਾ ਅਸੂਲ ਮਨੁੱਖਤਾ ਦੀ ਸੇਵਾ ਅਤੇ ਜ਼ੁਲਮ ਦਾ ਵਿਰੋਧ ਕਰਨਾ ਹੈ ਅਤੇ ਯੂਥ ਵਿੰਗ ਇਸੇ ਸਿਧਾਂਤ 'ਤੇ ਚੱਲਦਿਆਂ ਇਨਸਾਫ਼ ਦੀ ਇਸ ਲੜਾਈ ਨੂੰ ਅੰਤ ਤੱਕ ਲੜੇਗਾ।

ਇਸ ਮੌਕੇ ਸਰਬਜੀਤ ਸਿੰਘ ਲਾਡੀ ਸ਼ਹਿਰੀ ਪ੍ਰਧਾਨ ਮਨਦੀਪ ਸਿੰਘ ਦਿਹਾਤੀ ਪ੍ਰਧਾਨ , ਜਸਪਿੰਦਰ ਸਿੰਘ ਨੌਗਾਵਾਂ ਯੂਥ ਆਗੂ,ਹਰਨੇਕ ਸਿੰਘ ਬਡਾਲੀ ਸੀਨੀਅਰ ਅਕਾਲੀ ਆਗੂ ਆਦਿ ਹਾਜ਼ਰ ਸਨ।

## ਘੱਲੂਘਾਰਾ ਦਿਵਸ ਅਤੇ ਕਾਦੀਆਂ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਬਟਾਲਾ ਪੁਲਿਸ ਵੱਲੋਂ ਫਲੈਗ ਮਾਰਚ



ਬਟਾਲਾ, 2 ਜੂਨ: (ਬਲਦੇਵ ਸਿੰਘ ਖਾਲਸਾ,, ਸੁਨੀਲ ਬਟਾਲਵੀ) ਘੱਲੂਘਾਰਾ ਦਿਵਸ ਅਤੇ ਨਗਰ ਕੌਂਸਲ ਕਾਦੀਆਂ ਚੋਣਾਂ ਦੇ ਮੱਦੇਨਜ਼ਰ ਬਟਾਲਾ ਪੁਲਿਸ ਅਤੇ ਆਈ.ਟੀ.ਬੀ.ਪੀ ਫੋਰਸ ਵੱਲੋਂ ਐੱਸ.ਐੱਸ.ਪੀ ਬਟਾਲਾ ਡਾ. ਮਹਿਤਾਬ ਸਿੰਘ ਦੀ ਅਗਵਾਈ ਹੇਠ ਫਲੈਗ ਮਾਰਚ ਕੱਢਿਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਐੱਸ.ਐੱਸ.ਪੀ ਡਾ. ਮਹਿਤਾਬ ਸਿੰਘ ਨੇ ਦੱਸਿਆ ਕਿ ਅਮਨ-ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਅਤੇ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨ ਦੇ ਮਕਸਦ ਨਾਲ ਇਹ ਫਲੈਗ ਮਾਰਚ ਕੱਢਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਹ ਫਲੈਗ ਮਾਰਚ ਗਾਂਧੀ ਚੌਂਕ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚੋਂ ਲੰਘਦਾ ਹੋਇਆ ਐੱਸ.ਐੱਸ.ਪੀ ਦਫ਼ਤਰ ਵਿਖੇ ਸਮਾਪਤ ਹੋਇਆ।ਉਨ੍ਹਾਂ ਕਿਹਾ ਕਿ ਘੱਲੂਘਾਰਾ ਦਿਵਸ ਨੂੰ ਧਿਆਨ ਵਿੱਚ ਰੱਖਦਿਆਂ ਬਟਾਲਾ ਪੁਲਿਸ ਵੱਲੋਂ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ ਅਤੇ ਕਿਸੇ ਵੀ ਸਮਾਜ ਵਿਰੋਧੀ ਅਨਸਰ ਨੂੰ ਮਾਹੌਲ ਖਰਾਬ ਨਹੀਂ ਕਰਨ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸ਼ਹਿਰ ਵਿੱਚ ਵਿਸ਼ੇਸ਼ ਆਈ.ਟੀ.ਬੀ.ਪੀ ਫੋਰਸ ਵੀ ਤਾਇਨਾਤ ਕੀਤੀ ਗਈ ਹੈ।ਐੱਸ.ਐੱਸ.ਪੀ ਨੇ ਕਿਹਾ ਕਿ ਪੁਲਿਸ ਵੱਲੋਂ ਰੋਜ਼ਾਨਾ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਨਾਕਾਬੰਦੀ ਕਰਕੇ ਸਮਾਜ ਵਿਰੋਧੀ ਅਨਸਰਾਂ 'ਤੇ ਕੜੀ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੁਲਿਸ ਪ੍ਰਸ਼ਾਸਨ ਸ਼ਹਿਰ ਵਾਸੀਆਂ ਦੀ ਜਾਨ-ਮਾਲ ਦੀ ਸੁਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਆਪਣੇ ਆਲੇ-ਦੁਆਲੇ ਕੋਈ ਸ਼ੱਕੀ ਵਿਅਕਤੀ ਜਾਂ ਸ਼ੱਕੀ ਵਸਤੂ ਦਿਖਾਈ ਦਿੰਦੀ ਹੈ ਤਾਂ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ ਜਾਵੇ, ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਿਆ ਜਾ ਸਕੇ।ਇਸ ਮੌਕੇ ਐੱਸ.ਪੀ (ਡੀ) ਸੰਦੀਪ ਵਡੇਹਰਾ, ਡੀ.ਐੱਸ.ਪੀ ਰਮਨਦੀਪ ਸਿੰਘ, ਡੀ.ਐੱਸ.ਪੀ ਤੇਜਿੰਦਰਪਾਲ ਸਿੰਘ, ਡੀ.ਐੱਸ.ਪੀ ਸਿਟੀ ਸੁਖਇੰਦਰ ਸਿੰਘ, ਇੰਸਪੈਕਟਰ ਸੁਖਰਾਜ ਸਿੰਘ, ਐੱਸ.ਐੱਚ.ਓ ਸੁਖਜਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪੁਲਿਸ

## 33 ਸਾਲਾਂ ਦੀ ਸ਼ਾਨਦਾਰ ਸੇਵਾ ਤੋਂ ਬਾਅਦ ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਸੇਵਾਮੁਕਤ, ਭਾਵੁਕ ਵਿਦਾਇਗੀ ਸਮਾਰੋਹ ਵਿੱਚ ਕੀਤਾ ਸਨਮਾਨ

ਭਿੱਖੀਵਿੰਡ, ਜਗਤਾਰ ਸਿੰਘ ਖਾਲੜਾ ਜ਼ਿਲ੍ਹਾ ਤਰਨਤਾਰਨ ਦੇ ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ 31 ਮਈ ਨੂੰ ਸਿਹਤ ਵਿਭਾਗ ਵਿੱਚ 33 ਸਾਲਾਂ ਦੀ ਸ਼ਾਨਦਾਰ, ਇਮਾਨਦਾਰ ਅਤੇ ਨਿਰਸਵਾਰਥ ਸੇਵਾ ਨਿਭਾਉਣ ਉਪਰੰਤ ਸੇਵਾਮੁਕਤ ਹੋ ਗਏ। ਉਨ੍ਹਾਂ ਦੀਆਂ ਬੇਮਿਸਾਲ ਸੇਵਾਵਾਂ ਨੂੰ ਸਨਮਾਨਿਤ ਕਰਨ ਲਈ ਦਫ਼ਤਰ ਸਿਵਲ ਸਰਜਨ ਤਰਨਤਾਰਨ ਵੱਲੋਂ ਸਤਿਕਾਰ ਪੈਲੇਸ ਵਿਖੇ ਵਿਸ਼ੇਸ਼ ਵਿਦਾਇਗੀ ਸਮਾਰੋਹ ਦਾ ਆਯੋਜਨ ਕੀਤਾ ਗਿਆ।

ਡਾ. ਗੁਰਪ੍ਰੀਤ ਸਿੰਘ ਰਾਏ ਨੇ ਆਪਣੇ ਕਾਰਜਕਾਲ ਦੌਰਾਨ ਲਗਭਗ ਤਿੰਨ ਸਾਲ ਸਿਵਲ ਸਰਜਨ ਦੇ ਅਹੁਦੇ 'ਤੇ ਰਹਿ ਕੇ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ ਮਹੱਤਵਪੂਰਨ ਯੋਗਦਾਨ ਪਾਇਆ। ਸਮਾਗਮ ਦੌਰਾਨ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਭਾਰਤੀ ਧਵਨ, ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਵਰਿੰਦਰਪਾਲ ਕੌਰ, ਜ਼ਿਲ੍ਹਾ ਸਿਹਤ ਅਫ਼ਸਰ ਡਾ. ਸੁਖਬੀਰ ਕੌਰ, ਸਹਾਇਕ ਸਿਵਲ ਸਰਜਨ ਡਾ. ਜਸਪ੍ਰੀਤ ਸਿੰਘ, ਡੀਐਮਸੀ ਡਾ. ਰੂਪਮ ਚੌਧਰੀ, ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੁਖਵੰਤ ਸਿੰਘ ਸਿੱਧੂ, ਡਰੱਗ ਇੰਸਪੈਕਟਰ ਹਰਪ੍ਰੀਤ ਸਿੰਘ, ਰਜਵੰਤ ਸਿੰਘ ਬਾਗੜੀਆਂ, ਡਾ. ਰਣਦੀਪ ਸਿੰਘ ਅਤੇ ਅਮਰਿੰਦਰ ਸਿੰਘ ਸਮੇਤ ਹੋਰ ਅਧਿਕਾਰੀਆਂ ਨੇ ਡਾ. ਰਾਏ ਦੀ ਮਿਹਨਤ, ਦਿਆਨਤਦਾਰੀ ਅਤੇ ਸਮਰਪਣ ਦੀ ਭਰਪੂਰ ਸ਼ਲਾਘਾ ਕੀਤੀ।

ਵਕਤਾਵਾਂ ਨੇ ਕਿਹਾ ਕਿ ਡਾ. ਗੁਰਪ੍ਰੀਤ ਸਿੰਘ ਰਾਏ ਵੱਲੋਂ ਸਿਹਤ ਵਿਭਾਗ ਵਿੱਚ ਪਾਈਆਂ ਗਈਆਂ ਪੈੜਾਂ ਹਮੇਸ਼ਾ ਕਰਮਚਾਰੀਆਂ ਅਤੇ ਅਧਿਕਾਰੀਆਂ ਲਈ ਪ੍ਰੇਰਣਾ ਸਰੋਤ ਬਣੀਆਂ ਰਹਿਣਗੀਆਂ।

ਆਪਣੇ ਸੰਬੋਧਨ ਦੌਰਾਨ ਡਾ. ਗੁਰਪ੍ਰੀਤ ਸਿੰਘ ਰਾਏ ਨੇ ਆਪਣੇ ਲੰਮੇ ਸੇਵਾਕਾਲ ਦੇ ਤਜਰਬੇ ਸਾਂਝੇ ਕਰਦਿਆਂ ਸਮੂਹ ਸਟਾਫ਼ ਅਤੇ ਅਧਿਕਾਰੀਆਂ ਦਾ ਸਹਿਯੋਗ ਲਈ ਧੰਨਵਾਦ ਕੀਤਾ। ਉਨ੍ਹਾਂ ਕਰਮਚਾਰੀਆਂ ਨੂੰ ਪੂਰੀ ਲਗਨ, ਇਮਾਨਦਾਰੀ ਅਤੇ ਜ਼ਿੰਮੇਵਾਰੀ ਨਾਲ ਲੋਕ ਸੇਵਾ ਕਰਨ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਸੁਪਰਡੈਂਟ ਪੁਸ਼ਪਿੰਦਰ ਸਿੰਘ, ਸੁਪਰਡੈਂਟ ਤਜਿੰਦਰ ਸਿੰਘ ਢਿੱਲੋਂ, ਦਵਿੰਦਰ ਰਾਣੀ, ਚੀਫ਼ ਫਾਰਮੇਸੀ ਅਫ਼ਸਰ ਰਣਜੀਤ ਸਿੰਘ, ਵਰਿੰਦਰ ਭਾਟੀਆ, ਗੁਰਦੇਵ ਸਿੰਘ ਢਿੱਲੋਂ, ਭੁਪਿੰਦਰ ਸਿੰਘ, ਅਮਰਜੀਤ ਸਿੰਘ ਗਿੱਲ, ਜਸਪਿੰਦਰ ਸਿੰਘ, ਵਿਰਸਾ ਸਿੰਘ ਪੰਨੂ, ਪਰਦੀਪ ਸਿੰਘ, ਮਨਜਿੰਦਰ ਸਿੰਘ, ਮਨਦੀਪ ਸਿੰਘ, ਸੁਰਜੀਤ ਸਿੰਘ, ਸਾਕਸ਼ੀ ਖੋਸਲਾ, ਇੰਦਰਜੀਤ ਭੁੱਲਰ, ਮਲਵਿੰਦਰ ਸਿੰਘ, ਗੁਰਮੁਖ ਸਿੰਘ, ਆਰੂਸ਼ ਭੱਲਾ, ਰਿਤੇਸ਼ ਵਾਲੀਆ, ਕਾਬਲ ਸਿੰਘ, ਸਿਮਰਜੀਤ ਕੌਰ, ਰਣਬੀਰ ਕੌਰ, ਬਲਜੀਤ ਕੌਰ, ਗੌਰਵ ਅਤੇ ਰਣਜੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸਟਾਫ਼ ਮੈਂਬਰ ਹਾਜ਼ਰ ਸਨ।

ਸਾਰਿਆਂ ਨੇ ਡਾ. ਰਾਏ ਨੂੰ ਸੇਵਾਮੁਕਤੀ ਦੀਆਂ ਵਧਾਈਆਂ ਦਿੰਦਿਆਂ ਉਨ੍ਹਾਂ ਦੀ ਸਿਹਤਮੰਦ ਅਤੇ ਖੁਸ਼ਹਾਲ ਜ਼ਿੰਦਗੀ ਲਈ ਸ਼ੁੱਭਕਾਮਨਾਵਾਂ ਦਿੱਤੀਆਂ।



## ਸਿੱਧ ਬਾਬਾ ਅਮਰ ਦਾਸ ਦੀ 9ਵੀਂ ਬਰਸੀ ਮੌਕੇ ਤਿੰਨ ਰੋਜ਼ਾ ਧਾਰਮਿਕ ਸਮਾਗਮ ਕਰਵਾਇਆ

ਤਪਾ ਮੰਡੀ, 2 ਜੂਨ ( ਅਮਨਦੀਪ ਸਿੰਘ ਧੀਮਾਨ)- ਨਜ਼ਦੀਕੀ ਪਿੰਡ ਘੁੰਨਸ ਦੇ ਡੇਰਾ ਸ੍ਰੀ ਸ੍ਰੀ 108 ਸਿੱਧ ਬਾਬਾ ਅਮਰ ਦਾਸ ਵਿਖੇ ਸਮੂਹ ਨਗਰ ਦੇ ਸਹਿਯੋਗ ਨਾਲ ਡੇਰਾ ਸੰਚਾਲਕ ਸੰਤ ਬਾਬਾ ਪੂਰਨ ਦਾਸ ਦੀ ਦੇਖ-ਰੇਖ ਹੇਠ ਮਹਾਨ ਸ਼ਕਤੀ ਦੇ ਮਾਲਕ ਅਤੇ ਤਪੱਸਵੀ ਸੰਤ ਬਾਬਾ ਅਮਰ ਦਾਸ ਜੀ ਮਹਾਰਾਜ (ਉਦਾਸੀਨ ਬੜਾ ਅਖਾੜਾ ਪੂਰਵੀ ਪੰਗਤ ਬਹਾਦਰਪੁਰੀਏ) ਦੀ 9ਵੀਂ ਬਰਸੀ ਮੌਕੇ ਤਿੰਨ ਰੋਜ਼ਾ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠਾਂ ਦੇ ਭੋਗ ਪਾਏ ਗਏ। ਉਪਰੰਤ ਰਾਗੀ ਸਿੰਘਾਂ ਨੇ ਰਸਭਿੰਨਾ ਕੀਰਤਨ ਕਰ ਕੇ ਸੰਗਤ ਨੂੰ ਨਿਹਾਲ ਕੀਤਾ। ਸਮਾਗਮ ਦੌਰਾਨ ਸਾਬਕਾ ਸੰਸਦੀ ਸਕੱਤਰ ਸੰਤ ਬਾਬਾ ਬਲਬੀਰ ਸਿੰਘ ਘੁੰਨਸ ਨੇ ਆਪਣੇ ਸੰਬੋਧਨ ਦੌਰਾਨ ਸੰਤਾਂ ਦੀ ਜੀਵਨੀ ਬਾਰੇ ਚਾਨਣਾ ਪਾਇਆ ਅਤੇ ਸੰਗਤ ਨੂੰ ਸੰਤਾਂ ਵਲੋਂ ਦਿਖਾਏ ਗਏ ਰਸਤੇ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਡੇਰਾ ਸੰਚਾਲਕ ਬਾਬਾ ਪੂਰਨ ਦਾਸ ਨੇ ਨਗਰ ਪੰਚਾਇਤ ਦੇ ਸਹਿਯੋਗ ਨਾਲ ਪਹੁੰਚੇ ਪਤਵੰਤਿਆਂ ਨੂੰ ਸਿਰੋਪਾਉ ਦੇ ਕੇ ਸਨਮਾਨਿਤ ਕਰਦਿਆਂ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਸੰਤ ਬਾਬਾ ਭਗਵਾਨ ਦਾਸ ਤਪਾ, ਸੰਤ ਵਿਵੇਕ ਮੁਨੀ, ਸੰਤ ਮੱਘਰ ਦਾਸ, ਸੰਤ ਜੈ ਮੁਨੀ ਜੀ,ਬਾਬਾ ਸਤਨਾਮ ਸਿੰਘ ਤੋਂ ਇਲਾਵਾ ਸਰਪੰਚ ਬੇਅੰਤ ਸਿੰਘ ਬੰਤੀ,ਹਰਪ੍ਰੀਤ ਸਿੰਘ ਹੈਪੀ ਸ਼ਰਮਾ,ਬਾਬਾ ਸਿੰਦਰ ਸਿੰਘ,ਵਿਜੇ ਕੁਮਾਰ ਘੁੰਨਸ,ਬਾਬਾ ਦਰਸ਼ਨ ਸਿੰਘ ਸ਼ਹਿਣਾ,ਜਗਦੀਸ਼ ਰਾਏ ਘੁੰਨਸ, ਜਤਿੰਦਰ ਕੁਮਾਰ, ਚੇਤਨ ਕੁਮਾਰ,ਰਾਮ ਕੁਮਾਰ, ਕ੍ਰਿਸ਼ਨ ਕੁਮਾਰ ਘੁੰਨਸ਼,ਮਨਪ੍ਰੀਤ ਸਿੰਘ,ਡਾਕਟਰ ਸੂਬਾ ਸਿੰਘ,ਨੰਬਰਦਾਰ ਤੇਜੀ,ਵਿਸਾਖਾ ਸਿੰਘ,ਜਗਤਾਰ ਸਿੰਘ ਕਾਲਾ ਸਾਬਕਾ ਸਰਪੰਚ,ਅਮਰਜੀਤ ਸਿੰਘ ਧਾਲੀਵਾਲ ਸਾਬਕਾ ਚੇਅਰਮੈਨ,ਭੋਲਾ ਸਿੰਘ ਜੈਮਲ ਸਿੰਘ ਵਾਲਾ, ਜੱਸੀ ਚੱਠਾ ਤਪਾ, ਜਗਤਾਰ ਬਾਸੀ, ਭੋਲਾ ਸਿੰਘ ਚੱਠਾ, ਦੀਪਾ ਬਾਸੀ,ਜੋਗਿੰਦਰ ਸਿੰਘ,ਚਮਕੌਰ ਸਿੰਘ ਮੈਂਬਰ ਪੰਚਾਇਤ,ਦੇਸ ਸਿੰਘ,ਚਮਕੌਰ ਸਿੰਘ ਪਾਡੀ,ਨਾਜ਼ਰ ਸਿੰਘ ਸਿਵੀਆ,ਭੂਸ਼ਨ ਰੂੜੇਕੇ, ਰਤਿਸ਼ ਗਰਗ,ਅਰਜਨ ਸਿੰਘ ਗੁੱਜਰ,ਚਮਕੌਰ ਸਿੰਘ ਸਿਵੀਆ, ਮਲਕੀਤ ਸਿੰਘ ਪ੍ਰਧਾਨ,ਜਗਸੀਰ ਸਿੰਘ ਸੀਰਾ ਮੈਂਬਰ,ਜਲੰਧਰ ਸਿੰਘ,ਮਿਸਤਰੀ ਜਗਜੀਤ ਸਿੰਘ,ਨੰਬਰਦਾਰ ਸ਼ੀਰਾ,ਲਖਵਿੰਦਰ ਸਿੰਘ ਗੁੰਥੀ,ਦਰਸ਼ਨ ਸਿੰਘ ਮੈਂਬਰ,ਮਿਸਤਰੀ ਅਮਰਜੀਤ ਸਿੰਘ,ਠੰਡੂ ਰਾਮ ਸਾਬਕਾ ਸਰਪੰਚ,ਅਵਤਾਰ ਸਿੰਘ ਅਤੇ ਸਮੂਹ



## ਬੀਤੇ ਕੱਲ ਥਾਣਾ ਤਰਸਿੱਕਾ ਦੀ ਹੱਦ ਅੰਦਰ ਆਉਂਦੇ ਪਿੰਡ ਰਾਣਾ ਕਾਲਾ ਵਿਖੇ ਕਤਲ ਕੀਤੇ ਗਏ ਤਲਵੰਡੀ ਵਾਸੀ ਅਧਿਆਪਕ ਜਗਦੀਪ ਸਿੰਘ ਦੇ ਮਾਮਲੇ ਵਿੱਚ ਤਰਸਿਕਾ ਪੁਲਿਸ ਵੱਲੋਂ ਕਤਲ ਨੂੰ ਹਾਦਸਾ ਗਰਦਾਨਣ ਅਤੇ ਦੋਸ਼ੀਆਂ ਖਿਲਾਫ ਸਖਤ




ਰਈਆ/2/ਜੂਨ/ਬਲਵਿੰਦਰ ਸਿੰਘ ਸੰਧੂ ਕਾਰਵਾਈ ਨਾ ਕਰਨ ਵਿਰੁੱਧ ਅੱਜ ਜਨਤਕ ਜਥੇਬੰਦੀਆਂ ਵੱਲੋਂ ਥਾਣਾ ਤਰਸਿੱਕਾ ਸਾਹਮਣੇ ਰੋਸ ਧਰਨਾ ਦਿੱਤਾ ਗਿਆ। ਇਸ ਮੌਕੇ ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ, ਸੂਬਾ ਆਗੂ ਅਮਰੀਕ ਸਿੰਘ ਦਾਊਦ, ਜਮਹੂਰੀ ਕਿਸਾਨ ਸਭਾ ਪੰਜਾਬ ਦੇ ਆਗੂ ਗੁਰਮੇਜ ਸਿੰਘ ਤਿਮੋਵਾਲ, ਸਾਬਕਾ ਸਰਪੰਚ ਸੁਰਜੀਤ ਸਿੰਘ ਤਲਵੰਡੀ, ਡੈਮੋਕਰੇਟਿਕ ਮੁਲਾਜ਼ਮ ਫਰੰਟ ਦੇ ਸੂਬਾ ਆਗੂ ਜਰਮਨਜੀਤ ਸਿੰਘ ਛੱਜਲਵੱਡੀ, ਕਿਰਤੀ ਕਿਸਾਨ ਯੂਨੀਅਨ ਦੇ ਆਗੂ ਰਵਿੰਦਰ ਸਿੰਘ ਛੱਜਲ ਵੱਡੀ, ਯੁੱਧਵੀਰ ਸਿੰਘ ਸਰਜਾ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਆਗੂ ਬਲਵਿੰਦਰ ਸਿੰਘ ਰੁਮਾਣਾ ਚੱਕ, ਸਤਨਾਮ ਸਿੰਘ, ਹਲਕਾ ਜੰਡਿਆਲਾ ਗੁਰੂ ਦੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ, ਸਰਪੰਚ ਮਲਕੀਤ ਸਿੰਘ ਸਰਜਾ,ਛਿਸਪਾਲ ਸਿੰਘ ਲਾਡੀ, ਰਣਜੀਤ ਸਿੰਘ ਰਾਣਾ ਜੰਡ, ਜੰਗਲਾਤ ਵਰਕਰ ਯੂਨੀਅਨ ਦੇ ਆਗੂ ਰਸ਼ਪਾਲ ਸਿੰਘ ਜੋਧਾਨਗਰੀ ਨੇ ਕਿਹਾ ਕਿ ਪ੍ਰਾਂਤ ਅੰਦਰ ਅਮਨ ਕਾਨੂੰਨ ਦੀ ਹਾਲਤ ਬਦ ਤੋਂ ਬਦਤਰ ਹੈ, ਬੀਤੇ ਕੱਲ ਅਧਿਆਪਕ ਜਗਦੀਪ ਸਿੰਘ ਆਪਣੀ ਬੇਟੀ ਨੂੰ ਟਿਊਸ਼ਨ ਛੱਡ ਕੇ ਆ ਰਿਹਾ ਸੀ । ਜਿਸ ਦਾ ਚਿੱਟੇ ਦਿਨ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ।ਅਤੇ ਬੀਤੀ ਰਾਤ ਤੋਂ ਹੀ ਥਾਣਾ ਤਰਸਿੱਕਾ ਦੀ ਪੁਲਿਸ ਇਸ ਨੂੰ ਮਹਿਜ਼ ਸੜਕੀ ਹਾਦਸਾ ਦੱਸ ਰਹੀ ਸੀ ।ਜਿਸ ਦੇ ਖਿਲਾਫ ਅੱਜ ਦਾ ਰੋਸ ਧਰਨਾ ਦਿੱਤਾ ਜਾ ਰਿਹਾ ਹੈ। ਇਸ ਮੌਕੇ ਡੀ ਐਸ ਪੀ ਜੰਡਿਆਲਾ ਗੁਰੂ ਦੇ ਦਖਲ ਤੋਂ ਬਾਅਦ ਕਾਤਲਾਂ ਵਿੱਚ ਸ਼ਾਮਿਲ ਦੋ ਹੋਰ ਵਿਅਕਤੀਆਂ ਨੂੰ ਪਰਚੇ ਵਿੱਚ ਸ਼ਾਮਿਲ ਕੀਤਾ ਗਿਆ ।ਅਤੇ ਦੋ ਦੋਸ਼ੀਆਂ ਦੀ ਗ੍ਰਿਫਤਾਰੀ ਪਾਈ ਗਈ। ਡੀ ਐਸ ਪੀ ਵੱਲੋਂ ਰਹਿੰਦੇ ਦੋਸ਼ੀਆਂ ਦੀ ਜਲਦ ਗ੍ਰਿਫਤਾਰੀ ਕਰਨ ਦੇ ਭਰੋਸੇ ਉਪਰੰਤ ਰੋਸ ਧਰਨਾ ਸਮਾਪਤ ਕਰ ਦਿੱਤਾ ਗਿਆ। ਆਗੂਆਂ ਨੇ ਕਿਹਾ ਕਿ ਜੇਕਰ ਪੁਲਿਸ ਵੱਲੋਂ ਇਸ ਕੇਸ ਸਬੰਧੀ ਕੋਈ ਵੀ ਢਿੱਲ ਮੱਠ ਵਿਖਾਈ ਗਈ ਤਾਂ ਆਉਣ ਵਾਲੇ ਸਮੇਂ ਵਿੱਚ ਹੋਰ ਵੱਡਾ ਅਤੇ ਤਿੱਖਾ ਸੰਘਰਸ਼ ਕੀਤਾ ਜਾਵੇਗਾ ਜੋ ਇਨਸਾਫ ਦੀ ਪ੍ਰਾਪਤੀ ਤੱਕ ਜਾਰੀ ਰਹੇਗਾ।


## ਹੈਨਰੀ ਨੋਵਾਕ ਕਤਲ ਮਾਮਲੇ ਯੂਕੇ ਗ੍ਰਹਿ ਮੰਤਰੀ ਨੂੰ ਭੇਜੇ ਗਏ ਪੱਤਰ ਵਿੱਚ ਸੀਪੀਐਸ ਅਤੇ ਪੁਲਿਸ ਦੀਆਂ ਗੰਭੀਰ ਗਲਤੀਆਂ ਬੇਨਕਾਬ ਕਰਣ ਦੀ ਮੰਗ

### ਪੁਲਿਸ ਦੀ ਨਾਕਾਮੀ ਦਿਗਵਾ ਵੱਲੋਂ ਵਰਤਿਆ ਗਿਆ ਕਤਲ ਦਾ ਹਥਿਆਰ ਸਿੱਖ ਧਰਮ ਦੇ ਪੰਜ ਕਕਾਰਾਂ ਵਿੱਚੋਂ ਇੱਕ ਪਵਿੱਤਰ ਕਿਰਪਾਨ ਨਹੀਂ



ਨਵੀਂ ਦਿੱਲੀ, 2 ਜੂਨ (ਮਨਪ੍ਰੀਤ ਸਿੰਘ ਖਾਲਸਾ):- ਹੈਨਰੀ ਨੋਵਾਕ ਦੇ ਕਤਲ ਮਾਮਲੇ ਵਿੱਚ ਬ੍ਰਿਟੇਨ ਦੀ ਕ੍ਰਾਊਨ ਪਰੋਸਕਿਊਸ਼ਨ ਸਰਵਿਸ (ਸੀਪੀਐਸ) ਅਤੇ ਪੁਲਿਸ ਵੱਲੋਂ ਕੀਤੀਆਂ ਗੰਭੀਰ ਗਲਤੀਆਂ ਨੂੰ ਪੂਰੀ ਤਰ੍ਹਾਂ ਸਾਹਮਣੇ ਲਿਆਉਣ ਦੀ ਮੰਗ ਕੀਤੀ ਗਈ ਹੈ। ਸਿੱਖ ਫੈਡਰੇਸ਼ਨ ਦੇ ਆਗੂਆਂ ਨੇ ਕਿਹਾ ਹੈ ਕਿ ਸੀਪੀਐਸ ਨੇ ਮੁਕੱਦਮੇ ਦੌਰਾਨ ਇਹ ਸਪੱਸ਼ਟ ਕਰਨ ਵਿੱਚ ਨਾਕਾਮੀ ਦਿਖਾਈ ਕਿ ਦਿਗਵਾ ਵੱਲੋਂ ਵਰਤਿਆ ਗਿਆ ਕਤਲ ਦਾ ਹਥਿਆਰ ਸਿੱਖ ਧਰਮ ਦੇ ਪੰਜ ਕਕਾਰਾਂ ਵਿੱਚੋਂ ਇੱਕ ਪਵਿੱਤਰ ਕਿਰਪਾਨ ਨਹੀਂ ਸੀ। ਉਨ੍ਹਾਂ ਦੇ ਅਨੁਸਾਰ ਇਹ ਹਥਿਆਰ ਫ਼ਾਰਸੀ ਮੂਲ ਦਾ ਸੀ, ਜਿਸਦਾ ਨਾਮ ਅਤੇ ਮਕਸਦ ਕਿਰਪਾਨ ਨਾਲ ਬਿਲਕੁਲ ਵੱਖਰਾ ਹੈ। ਉਨ੍ਹਾਂ ਕਿਹਾ ਭਾਵੇਂ ਦਿਗਵਾ ਨੂੰ ਬੀਤੇ ਦਿਨ ਸਜ਼ਾ ਸੁਣਾ ਦਿੱਤੀ ਗਈ ਹੈ, ਪਰ ਸੀਪੀਐਸ ਵੱਲੋਂ ਕਥਿਤ ਤੌਰ 'ਤੇ ਕਤਲ ਵਿੱਚ ਵਰਤੇ ਗਏ ਹਥਿਆਰ ਦੀ ਤਸਵੀਰ ਜਨਤਕ ਕਰਨ ਤੋਂ ਇਨਕਾਰ ਕੀਤਾ ਜਾ ਰਿਹਾ ਹੈ। ਇਸਦੇ ਉਲਟ, ਹੇਮਪਸ਼ਾਇਰ ਪੁਲਿਸ ਨੇ ਅੱਜ ਪੁਸ਼ਟੀ ਕੀਤੀ ਹੈ ਕਿ ਵਰਤਿਆ ਗਿਆ ਹਥਿਆਰ ਸਿੱਖਾਂ ਦੀ ਪਵਿੱਤਰ ਕਿਰਪਾਨ ਨਹੀਂ ਸੀ। ਉਨ੍ਹਾਂ ਦਸਿਆ ਪਿਛਲੇ ਹਫ਼ਤੇ ਕੁਝ ਸਿਆਸਤਦਾਨਾਂ ਅਤੇ ਸੱਜੇ ਪੱਖ ਦੇ ਟਿੱਪਣੀਕਾਰਾਂ ਵੱਲੋਂ ਕਿਰਪਾਨ 'ਤੇ ਪਾਬੰਦੀ ਲਗਾਉਣ ਦੀ ਮੰਗ ਕੀਤੀ ਗਈ ਸੀ। ਇਸ ਦੇ ਜਵਾਬ ਵਿੱਚ ਗ੍ਰਹਿ ਮੰਤਰੀ ਨੂੰ ਭੇਜੇ ਗਏ ਪੱਤਰ ਵਿੱਚ ਸਪੱਸ਼ਟ ਕੀਤਾ ਗਿਆ ਸੀ ਕਿ ਕਤਲ ਦਾ ਹਥਿਆਰ ਕਿਰਪਾਨ ਨਹੀਂ ਸੀ ਅਤੇ ਉਸ ਨਾਲ ਮਿਲਦੇ-ਜੁਲਦੇ ਅਸਲ ਹਥਿਆਰ ਦੀ ਤਸਵੀਰ ਵੀ ਸਾਂਝੀ ਕੀਤੀ ਗਈ ਸੀ। ਦੋਸ਼ੀ ਦੇ ਵਕੀਲ ਵੱਲੋਂ ਦੋਸ਼ ਸਾਬਤ ਹੋਣ ਤੋਂ ਬਾਅਦ ਹਥਿਆਰ ਦਾ ਅਸਲ ਨਾਮ ਵੀ ਪੁਸ਼ਟੀ ਕੀਤਾ ਗਿਆ ਸੀ। ਸਿੱਖ ਫੈਡਰੇਸ਼ਨ ਵਲੋਂ ਜਾਰੀ ਕੀਤੇ ਬਿਆਨ ਵਿੱਚ ਕਿਹਾ ਗਿਆ ਹੈ ਕਿ ਗਲਤ ਜਾਣਕਾਰੀ ਦੇ ਆਧਾਰ 'ਤੇ ਬਿਆਨ ਦੇਣ ਵਾਲੇ ਸਿਆਸਤਦਾਨਾਂ ਅਤੇ ਟਿੱਪਣੀਕਾਰਾਂ ਨੂੰ ਹੁਣ ਤੱਥਾਂ ਨੂੰ ਸਵੀਕਾਰ ਕਰਨਾ ਚਾਹੀਦਾ ਹੈ ਅਤੇ ਸਿੱਖ ਪਹਿਚਾਣ 'ਤੇ ਹਮਲੇ ਬੰਦ ਕਰਨੇ ਚਾਹੀਦੇ ਹਨ। ਉਨ੍ਹਾਂ ਕਿਹਾ ਸਿੱਖ ਭਾਈਚਾਰੇ ਦਾ ਕਹਿਣਾ ਹੈ ਕਿ ਧਿਆਨ ਕਿਰਪਾਨ 'ਤੇ ਵਿਵਾਦ ਖੜ੍ਹਾ ਕਰਨ ਦੀ ਬਜਾਏ ਸੀਪੀਐਸ ਅਤੇ ਪੁਲਿਸ ਦੀਆਂ ਉਨ੍ਹਾਂ ਨਾਕਾਮੀਆਂ 'ਤੇ ਕੇਂਦਰਿਤ ਹੋਣਾ ਚਾਹੀਦਾ ਹੈ, ਜਿਨ੍ਹਾਂ ਕਾਰਨ ਪਿਛਲੇ ਕੁਝ ਹਫ਼ਤਿਆਂ ਵਿੱਚ ਸਿੱਖਾਂ ਵਿਰੁੱਧ ਮੌਖਿਕ ਅਤੇ ਸਰੀਰਕ ਹਮਲਿਆਂ ਵਿੱਚ ਵਾਧਾ ਹੋਇਆ ਹੈ। ਉਨ੍ਹਾਂ ਨੇ ਯਾਦ ਦਿਵਾਇਆ ਕਿ ਬ੍ਰਿਟੇਨ ਨੇ ਪਿਛਲੇ 150 ਸਾਲਾਂ ਤੋਂ ਅਮਲਧਾਰੀ ਸਿੱਖਾਂ ਦੀ ਪਹਿਚਾਣ ਦਾ ਸਨਮਾਨ ਕੀਤਾ ਹੈ। ਇਸੇ ਪਹਿਚਾਣ ਦੇ ਨਾਲ 1 ਲੱਖ ਤੋਂ ਵੱਧ ਦਿੱਖ ਵਾਲੇ ਸਿੱਖ ਸੈਨਿਕਾਂ ਨੇ ਆਪਣੀਆਂ ਜਾਨਾਂ ਕੁਰਬਾਨ ਕਰਕੇ ਉਹ ਆਜ਼ਾਦੀਆਂ ਸੁਰੱਖਿਅਤ ਕੀਤੀਆਂ ਜਿਨ੍ਹਾਂ ਦਾ ਅੱਜ ਹਰ ਨਾਗਰਿਕ ਆਨੰਦ ਮਾਣ ਰਿਹਾ ਹੈ।

## ਜੂਨ 1984 ਦਾ ਅਸਹਿ ਦਰਦ ਅਤੇ ਸਿੱਖ ਕੌਮ ਦਾ ਭਵਿੱਖ: ਇੱਕ ਇਤਿਹਾਸਕ ਪੀੜ ਅਤੇ ਹੱਲ ਦੀ ਤਲਾਸ਼ਵੱਲੋਂ: ਗੁਰਵੰਸ਼ਪ੍ਰੀਤ ਕੌਰ(



ਕੈਨੇਡਾ)02 June 2026 Canada ਜੂਨ ਦਾ ਮਹੀਨਾ ਚੜ੍ਹਦਿਆਂ ਹੀ ਹਰ ਸਾਲ ਸਿੱਖ ਹਿਰਦੇ ਵਲੂੰਧਰੇ ਜਾਂਦੇ ਹਨ ਅਤੇ ਉਹ ਜ਼ਖ਼ਮ ਮੁੜ ਹਰੇ ਹੋ ਜਾਂਦੇ ਹਨ, ਜੋ 1984 ਵਿੱਚ ਸਮੇਂ ਦੀ ਹਕੂਮਤ ਨੇ ਸਿੱਖ ਕੌਮ ਦੀ ਰੂਹ 'ਤੇ ਲਾਏ ਸਨ। ਅੱਜ 42 ਸਾਲ ਬੀਤ ਜਾਣ ਤੋਂ ਬਾਅਦ ਵੀ, 6 ਜੂਨ ਦਾ ਉਹ ਦਿਨ ਸਿੱਖ ਇਤਿਹਾਸ ਦੇ ਸਭ ਤੋਂ ਕਾਲੇ ਪੰਨਿਆਂ ਵਜੋਂ ਸਾਡੇ ਸਾਹਮਣੇ ਖੜ੍ਹਾ ਹੈ। ਇਹ ਸਿਰਫ਼ ਇੱਕ ਫ਼ੌਜੀ ਹਮਲਾ ਨਹੀਂ ਸੀ, ਸਗੋਂ ਇਹ ਸਿੱਖ ਕੌਮ ਦੀ ਨਸਲਕੁਸ਼ੀ (Genocide) ਅਤੇ ਸਾਡੀ ਹੋਂਦ ਨੂੰ ਮਿਟਾਉਣ ਦੀ ਇੱਕ ਡੂੰਘੀ ਸਾਜ਼ਿਸ਼ ਸੀ ।ਸਾਲ 1984 ਦੇ ਜੂਨ ਮਹੀਨੇ ਵਿੱਚ, ਜਦੋਂ ਸੰਗਤਾਂ ਚੌਥੇ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਪੁਰਬ ਮਨਾਉਣ ਲਈ ਸੱਚਖੰਡ ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ ਵਿਖੇ ਇਕੱਤਰ ਹੋਈਆਂ ਸਨ, ਤਾਂ ਭਾਰਤੀ ਹਕੂਮਤ ਨੇ ਆਪਣੇ ਹੀ ਦੇਸ਼ ਦੇ ਨਾਗਰਿਕਾਂ 'ਤੇ ਟੈਂਕਾਂ ਅਤੇ ਤੋਪਾਂ ਨਾਲ ਹਮਲਾ ਕਰ ਦਿੱਤਾ। ਬਜ਼ੁਰਗਾਂ, ਬੀਬੀਆਂ ਅਤੇ ਮਾਸੂਮ ਬੱਚਿਆਂ ਦਾ ਲਹੂ ਵਹਾਇਆ ਗਿਆ ।ਸਾਡੇ ਸਭ ਤੋਂ ਪਵਿੱਤਰ ਅਸਥਾਨ, ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਢਹਿ-ਢੇਰੀ ਕੀਤਾ ਗਿਆ। ਇਸ ਹਮਲੇ ਵਿੱਚ ਨਾ ਕੇਵਲ ਸਿੰਘਾਂ ਨੇ ਸ਼ਹਾਦਤਾਂ ਪਾਈਆਂ, ਸਗੋਂ ਬਜ਼ੁਰਗਾਂ, ਬੀਬੀਆਂ ਅਤੇ ਦੁੱਧ ਚੁੰਘਦੇ ਮਾਸੂਮ ਬੱਚਿਆਂ ਨੂੰ ਵੀ ਬੇਰਹਿਮੀ ਨਾਲ ਸ਼ਹੀਦ ਕੀਤਾ ਗਿਆ। ਸ੍ਰੀ ਦਰਬਾਰ ਸਾਹਿਬ ਦਾ ਸਰੋਵਰ ਸਿੱਖਾਂ ਦੇ ਪਵਿੱਤਰ ਲਹੂ ਨਾਲ ਲਾਲ ਹੋ ਗਿਆ ਸੀ। ਉਹ ਦਰਦ ਅੱਜ ਵੀ ਹਰ ਸਿੱਖ ਦੇ ਸੀਨੇ ਵਿੱਚ ਉਸੇ ਤਰ੍ਹਾਂ ਬਰਕਰਾਰ ਹੈ ।ਸਾਲ ਬੀਤ ਗਏ, ਪਰ ਸਿੱਖਾਂ ਨਾਲ ਹੋ ਰਹੀ ਬੇਇਨਸਾਫ਼ੀ ਅਤੇ ਧੱਕੇਸ਼ਾਹੀ ਦਾ ਦੌਰ ਅੱਜ ਵੀ ਖ਼ਤਮ ਨਹੀਂ ਹੋਇਆ। ਪੰਜਾਬ ਦੇ ਪਾਣੀਆਂ ਦੀ ਲੁੱਟ, ਬੰਦੀ ਸਿੰਘਾਂ ਦੀ ਰਿਹਾਈ ਵਿੱਚ ਅੜਿੱਕੇ, ਅਤੇ ਸਿੱਖਾਂ ਦੀ ਵੱਖਰੀ ਪਛਾਣ ਨੂੰ ਦਬਾਉਣ ਦੀਆਂ ਕੋਸ਼ਿਸ਼ਾਂ ਅੱਜ ਵੀ ਨਿਰੰਤਰ ਜਾਰੀ ਹਨ। ਜਦੋਂ ਵੀ ਸਿੱਖ ਆਪਣੇ ਹੱਕਾਂ ਦੀ ਗੱਲ ਕਰਦੇ ਹਨ, ਤਾਂ ਉਨ੍ਹਾਂ ਨੂੰ ਨਿਸ਼ਾਨਾ ਬਣਾਇਆ ਜਾਂਦਾ ਹੈ। ਸਵਾਲ ਪੈਦਾ ਹੁੰਦਾ ਹੈ ਕਿ ਆਖ਼ਰ ਇਸ ਸਦੀਵੀ ਦਰਦ ਅਤੇ ਅਨਿਆਂ ਦਾ ਹੱਲ ਕੀ ਹੈ?

## ਸੰਯੁਕਤ ਕਿਸਾਨ ਮੋਰਚੇ ਵੱਲੋਂ ਡੀਸੀ ਦਫ਼ਤਰ ਅੱਗੇ ਵਿਸ਼ਾਲ ਧਰਨਾ, ਮੰਗਾਂ ਸਬੰਧੀ ਮੰਗ ਪੱਤਰ ਸੌਂਪੇ



ਗੁਰਦਾਸਪੁਰ, 2 ਜੂਨ (ਬਲਦੇਵ ਸਿੰਘ ਖਾਲਸਾ,, ਸੁਨੀਲ ਬਟਾਲਵੀ): ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਗੁਰਦਾਸਪੁਰ ਦੀਆਂ ਸਮੂਹ ਜਥੇਬੰਦੀਆਂ ਦੇ ਸੱਦੇ 'ਤੇ ਅੱਜ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਗੁਰੂ ਨਾਨਕ ਪਾਰਕ ਵਿੱਚ ਇਕੱਠੇ ਹੋ ਕੇ ਮਾਰਚ ਰਾਹੀਂ ਡੀਸੀ ਦਫ਼ਤਰ ਪਹੁੰਚ ਕੇ ਵਿਸ਼ਾਲ ਧਰਨਾ ਦਿੱਤਾ। ਧਰਨੇ ਤੋਂ ਬਾਅਦ ਡਿਪਟੀ ਕਮਿਸ਼ਨਰ ਰਾਹੀਂ ਦੇਸ਼ ਦੇ ਪ੍ਰਧਾਨ ਮੰਤਰੀ ਅਤੇ ਪੰਜਾਬ ਦੇ ਮੁੱਖ ਮੰਤਰੀ ਦੇ ਨਾਮ ਮੰਗ ਪੱਤਰ ਸੌਂਪੇ ਗਏ।ਧਰਨੇ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਕਿਸਾਨ ਆਗੂਆਂ ਨੇ ਕੇਂਦਰ ਸਰਕਾਰ 'ਤੇ ਪੰਜਾਬ ਨਾਲ ਵਿਤਕਰਾ ਕਰਨ ਦੇ ਦੋਸ਼ ਲਗਾਏ। ਉਨ੍ਹਾਂ ਕਿਹਾ ਕਿ ਪੰਜਾਬ ਦੇ ਪਾਣੀਆਂ, ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਅਧਿਕਾਰਾਂ ਅਤੇ ਹੋਰ ਮਸਲਿਆਂ 'ਤੇ ਪੰਜਾਬ ਨਾਲ ਧੱਕਾ ਕੀਤਾ ਗਿਆ ਹੈ। ਆਗੂਆਂ ਨੇ ਡੀਜ਼ਲ-ਪੈਟਰੋਲ ਦੀਆਂ ਕੀਮਤਾਂ ਵਿੱਚ ਕਟੌਤੀ, ਸਾਰੀਆਂ ਫ਼ਸਲਾਂ ਲਈ ਐਮਐਸਪੀ ਦੀ ਕਾਨੂੰਨੀ ਗਾਰੰਟੀ, ਕਿਸਾਨਾਂ ਅਤੇ ਮਜ਼ਦੂਰਾਂ ਦੀ ਕਰਜ਼ਾ ਮੁਕਤੀ, ਹੜ੍ਹ ਪ੍ਰਭਾਵਿਤ ਲੋਕਾਂ ਨੂੰ ਮੁਆਵਜ਼ਾ ਅਤੇ ਬਿਜਲੀ ਸੋਧ ਬਿੱਲ ਵਾਪਸ ਲੈਣ ਸਮੇਤ ਹੋਰ ਮੰਗਾਂ ਉਠਾਈਆਂ ।ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਕੇਂਦਰ ਸਰਕਾਰ ਸੰਯੁਕਤ ਕਿਸਾਨ ਮੋਰਚੇ ਨਾਲ ਗੱਲਬਾਤ ਨਹੀਂ ਕਰਦੀ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।

## ਹੰਡਿਆਇਆ ਨੇੜੇ ਭਿਆਨਕ ਸੜਕ ਹਾਦਸਾ: ਕੈਂਟਰ ਦੀ ਟੱਕਰ ਕਾਰਨ ਸਕੂਟਰੀ ਸਵਾਰ ਅਧਿਆਪਕਾ ਦੀ ਮੌਤ, ਦੂਜੀ ਗੰਭੀਰ ਜ਼ਖ਼ਮੀ

### -ਗਰਮੀਆਂ ਦੀਆਂ ਛੁੱਟੀਆਂ ਦੌਰਾਨ ਅਧਿਆਪਕਾਵਾਂ ਨੂੰ ਸਕੂਲ ਬੁਲਾਉਣ 'ਤੇ ਉੱਠੇ ਵੱਡੇ ਸਵਾਲ




ਹੰਡਿਆਇਆ, ਬਰਨਾਲਾ 2 ਜੂਨ ( ਧੀਮਾਨ): ਰਾਸ਼ਟਰੀ ਸ਼ਾਹਰਾਹ 'ਤੇ ਹੰਡਿਆਇਆ ਕੈਂਚੀਆਂ ਨੇੜੇ ਇਕ ਬੇਹੱਦ ਦਰਦਨਾਕ ਤੇ ਭਿਆਨਕ ਸੜਕ ਹਾਦਸਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਹਾਦਸੇ 'ਚ ਮਦਰ ਟੀਚਰ ਇੰਟਰਨੈਸ਼ਨਲ ਸਕੂਲ ਹੰਡਿਆਇਆ ਦੀ ਇਕ ਅਧਿਆਪਕਾ ਦੀ ਇਲਾਜ ਦੌਰਾਨ ਮੌਤ ਹੋ ਗਈ। ਜਦਕਿ ਉਸ ਦੀ ਸਾਥੀ ਅਧਿਆਪਕਾ ਗੰਭੀਰ ਰੂਪ 'ਚ ਜ਼ਖ਼ਮੀ ਹੋ ਗਈ। ਘਟਨਾ ਤੋਂ ਬਾਅਦ ਪੂਰੇ ਇਲਾਕੇ 'ਚ ਸੋਗ ਦੀ ਲਹਿਰ ਦੌੜ ਗਈ ਹੈ ਤੇ ਸਕੂਲ ਪ੍ਰਬੰਧਕਾਂ ਦੀ ਕਾਰਜਪ੍ਰਣਾਲੀ 'ਤੇ ਵੀ ਸਵਾਲੀਆ ਨਿਸ਼ਾਨ ਖੜ੍ਹੇ ਹੋਣੇ ਸ਼ੁਰੂ ਹੋ ਗਏ ਹਨ। ਪ੍ਰਾਪਤ ਜਾਣਕਾਰੀ ਅਨੁਸਾਰ ਨਜ਼ਦੀਕੀ ਪਿੰਡ ਸੇਖਾ ਦੀਆਂ ਰਹਿਣ ਵਾਲੀਆਂ ਦੋ ਅਧਿਆਪਕਾਵਾਂ ਸਰਬਜੀਤ ਕੌਰ ਤੇ ਅਮਨਪ੍ਰੀਤ ਕੌਰ ਆਪਣੀ ਸਕੂਟਰੀ 'ਤੇ ਸਵਾਰ ਹੋ ਕੇ ਮਦਰ ਟੀਚਰ ਸਕੂਲ ਵੱਲ ਜਾ ਰਹੀਆਂ ਸਨ। ਜਿਵੇਂ ਹੀ ਉਹ ਹੰਡਿਆਇਆ ਕੈਂਚੀਆਂ ਦੇ ਕੋਲ ਪਹੁੰਚੀਆਂ ਤਾਂ ਇਕ ਤੇਜ਼ ਰਫ਼ਤਾਰ ਬੇਕਾਬੂ ਕੈਂਟਰ ਨੇ ਉਨ੍ਹਾਂ ਦੀ ਸਕੂਟਰੀ ਨੂੰ ਆਪਣੀ ਲਪੇਟ 'ਚ ਲੈਂਦਿਆਂ ਜ਼ਬਰਦਸਤ ਟੱਕਰ ਮਾਰ ਦਿੱਤੀ। ਟੱਕਰ ਇੰਨੀ ਭਿਆਨਕ ਸੀ ਕਿ ਦੋਵੇਂ ਅਧਿਆਪਕਾਵਾਂ ਸੜਕ 'ਤੇ ਦੂਰ ਜਾ ਡਿੱਗੀਆਂ ਤੇ ਗੰਭੀਰ ਰੂਪ 'ਚ ਜ਼ਖ਼ਮੀ ਹੋ ਗਈਆਂ। ਡੀਐੱਸਪੀ ਸਤਵੀਰ ਸਿੰਘ ਸਿੰਘ ਨੇ ਦੱਸਿਆ ਕਿ ਇਸ ਮਾਮਲੇ 'ਚ ਪਰਚਾ ਦਰਜ ਕੀਤਾ ਜਾ ਚੁੱਕਾ ਹੈ। ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸੁਨੀਤਇੰਦਰ ਸਿੰਘ ਨੇ ਕਿਹਾ ਕਿ ਬੁੱਧਵਾਰ ਨੂੰ ਜਾਂਚ ਲਈ ਸਕੂਲ 'ਚ ਪ੍ਰਿੰਸੀਪਲ ਮੇਜਰ ਸਿੰਘ ਦੀ ਅਗਵਾਈ ਹੇਠ ਟੀਮ ਜਾਵੇਗੀ। ਪਿੰਡ 'ਚੋਂ ਇਕੱਤਰ ਕੀਤੀ ਗਈ ਜਾਣਕਾਰੀ ਮੁਤਾਬਕ ਮ੍ਰਿਤਕ ਅਧਿਆਪਕਾ ਅਮਨਪ੍ਰੀਤ ਕੌਰ ਦੇ ਘਰ ਦੀ ਆਰਥਿਕ ਹਾਲਤ ਬਹੁਤੀ ਠੀਕ ਨਹੀਂ ਸੀ ਤੇ ਉਹ ਆਪਣੇ ਪਰਿਵਾਰ ਦਾ ਮੁੱਖ ਸਹਾਰਾ ਸੀ। ਘਰ ਦਾ ਸਾਰਾ ਖ਼ਰਚਾ ਉਸ ਦੀ ਕਮਾਈ ਸਿਰ ਹੀ ਚੱਲਦਾ ਸੀ। ਪਰਿਵਾਰ ਦੇ ਪਾਲਣ-ਪੋਸ਼ਣ ਦੀ ਜ਼ਿੰਮੇਵਾਰੀ ਨਿਭਾ ਰਹੀ ਧੀ ਦੀ ਇਸ ਅਚਾਨਕ ਮੌਤ ਨੇ ਮਾਪਿਆਂ ਦਾ ਲੱਕ ਤੋੜ ਕੇ ਰੱਖ ਦਿੱਤਾ ਹੈ। ਇਸ ਦਰਦਨਾਕ ਘਟਨਾ ਕਾਰਨ ਪਿੰਡ ਸੇਖਾ 'ਚ ਮਾਤਮ ਛਾਇਆ ਹੋਇਆ ਹੈ ਤੇ ਹਰ ਅੱਖ ਨਮ ਹੈ।

---ਇਲਾਜ ਦੌਰਾਨ ਇਕ ਅਧਿਆਪਕਾਂ ਨੇ ਤੋੜਿਆ ਦਮ

ਹਾਦਸੇ ਦੀ ਸੂਚਨਾ ਮਿਲਦਿਆਂ ਹੀ ਸੜਕ ਸੁਰੱਖਿਆ ਫੋਰਸ ਹੰਡਿਆਇਆ ਦੀ ਟੀਮ ਤੁਰੰਤ ਮੁਸਤੈਦੀ ਦਿਖਾਉਂਦੇ ਹੋਏ ਮੌਕੇ 'ਤੇ ਪਹੁੰਚੀ। ਫੋਰਸ ਦੇ ਜਵਾਨਾਂ ਨੇ ਰਾਹਗੀਰਾਂ ਦੀ ਮਦਦ ਨਾਲ ਦੋਵਾਂ ਜ਼ਖ਼ਮੀ ਅਧਿਆਪਕਾਵਾਂ ਨੂੰ ਤੁਰੰਤ ਸਿਵਲ ਹਸਪਤਾਲ ਬਰਨਾਲਾ ਵਿਖੇ ਦਾਖਲ ਕਰਵਾਇਆ। ਉੱਥੇ ਮੌਜੂਦ ਡਾਕਟਰਾਂ ਨੇ ਅਮਨਦੀਪ ਕੌਰ ਦੀ ਹਾਲਤ ਬੇਹੱਦ ਨਾਜ਼ੁਕ ਦੇਖਦਿਆਂ ਮੁਢਲੀ ਸਹਾਇਤਾ ਦੇਣ ਤੋਂ ਬਾਅਦ ਉਨ੍ਹਾਂ ਨੂੰ ਬਿਹਤਰ ਇਲਾਜ ਲਈ ਇਕ ਹੋਰ ਵੱਡੇ ਹਸਪਤਾਲ ਰੈਫਰ ਕਰ ਦਿੱਤਾ। ਪਰ ਅਫ਼ਸੋਸ ਜ਼ਖ਼ਮਾਂ ਦੀ ਤਾਬ ਨਾ ਸਹਾਰਦੇ ਹੋਏ ਅਮਨਦੀਪ ਕੌਰ ਆਦੇਸ਼ ਹਸਪਤਾਲ 'ਚ ਜ਼ਿੰਦਗੀ ਦੀ ਜੰਗ ਹਾਰ ਗਈ। ਇਸ ਅਣਹੋਣੀ ਕਾਰਨ ਮ੍ਰਿਤਕਾ ਦੇ ਪਰਿਵਾਰ 'ਚ ਕੋਹਰਾਮ ਮਚ ਗਿਆ ਹੈ।

---ਛੁੱਟੀਆਂ ਦੌਰਾਨ ਸਕੂਲ ਬੁਲਾਉਣ ਦੀ ਨੀਤੀ 'ਤੇ ਭੜਕਿਆ ਲੋਕਾਂ ਦਾ ਗੁੱਸਾ

ਇਸ ਦਰਦਨਾਕ ਹਾਦਸੇ ਨੇ ਜਿੱਥੇ ਪਰਿਵਾਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਾਇਆ ਹੈ। ਉੱਥੇ ਹੀ ਇਸ ਘਟਨਾ ਤੋਂ ਬਾਅਦ ਜਨਤਕ ਤੇ ਸਮਾਜਿਕ ਹਲਕਿਆਂ 'ਚ ਇਕ ਨਵੀਂ ਬਹਿਸ ਛਿੜ ਗਈ ਹੈ। ਲੋਕਾਂ ਤੇ ਮਾਪਿਆਂ ਵਲੋਂ ਤਿੱਖੇ ਸਵਾਲ ਚੁੱਕੇ ਜਾ ਰਹੇ ਹਨ ਕਿ ਜਦੋਂ ਪੂਰੇ ਪੰਜਾਬ ਦੇ ਸਕੂਲਾਂ 'ਚ ਭਿਆਨਕ ਗਰਮੀ ਦੇ ਮੱਦੇਨਜ਼ਰ ਸਰਕਾਰ ਵਲੋਂ ਗਰਮੀਆਂ ਦੀਆਂ ਅਧਿਕਾਰਤ ਛੁੱਟੀਆਂ ਕੀਤੀਆਂ ਹੋਈਆਂ ਹਨ ਤਾਂ ਫਿਰ ਇਨ੍ਹਾਂ ਅਧਿਆਪਕਾਵਾਂ ਨੂੰ ਕਿਸ ਕੰਮ ਲਈ ਤੇ ਕਿਸ ਦੇ ਹੁਕਮਾਂ 'ਤੇ ਸਕੂਲ ਬੁਲਾਇਆ ਜਾ ਰਿਹਾ ਸੀ? ਲੋਕਾਂ ਨੇ ਮੰਗ ਕੀਤੀ ਹੈ ਕਿ ਨਿੱਜੀ ਸਕੂਲਾਂ ਵਲੋਂ ਛੁੱਟੀਆਂ ਦੌਰਾਨ ਨਿਯਮਾਂ ਦੀ ਉਲੰਘਣਾ ਕਰਕੇ ਸਟਾਫ਼ ਨੂੰ ਬੁਲਾਉਣ ਦੇ ਮਾਮਲੇ ਦੀ ਉੱਚ ਪੱਧਰੀ ਪ੍ਰਸ਼ਾਸਨਿਕ ਜਾਂਚ ਹੋਣੀ ਚਾਹੀਦੀ ਹੈ ਤੇ ਦੋਸ਼ੀ ਪਾਏ ਜਾਣ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।

---ਛੁੱਟੀਆਂ ਦੌਰਾਨ ਅਧਿਆਪਕਾਂ ਨੂੰ ਬੁਲਾਉਣਾ ਗੈਰਕਾਨੂੰਨੀ, ਟ੍ਰੇਨਿੰਗਾਂ ਦੇ ਬਹਾਨੇ ਹੁੰਦਾ ਸ਼ੋਸ਼ਣ: ਝੱਲੀ

ਇਸ ਮੰਦਭਾਗੀ ਘਟਨਾ 'ਤੇ ਗਹਿਰੇ ਦੁੱਖ ਤੇ ਰੋਸ ਦਾ ਪ੍ਰਗਟਾਵਾ ਕਰਦਿਆਂ ਜੈ ਕਿਸਾਨ ਅੰਦੋਲਨ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਝੱਲੀ ਨੇ ਸਕੂਲ ਪ੍ਰਬੰਧਕਾਂ ਦੀ ਨੀਤੀ 'ਤੇ ਤਿੱਖੇ ਹਮਲੇ ਕੀਤੇ ਹਨ। ਉਨ੍ਹਾਂ ਕਿਹਾ ਕਿ ਜਦੋਂ ਸਖ਼ਤ ਗਰਮੀ ਕਾਰਨ ਸਰਕਾਰ ਵਲੋਂ ਰਸਮੀ ਤੌਰ 'ਤੇ ਛੁੱਟੀਆਂ ਦਾ ਐਲਾਨ ਕੀਤਾ ਹੋਇਆ ਹੈ ਤਾਂ ਅਜਿਹੇ 'ਚ ਅਧਿਆਪਕਾਂ ਨੂੰ ਸਕੂਲ ਬੁਲਾਉਣਾ ਪੂਰੀ ਤਰ੍ਹਾਂ ਗੈਰਕਾਨੂੰਨੀ ਹੈ। ਉਨ੍ਹਾਂ ਕਿਹਾ ਕਿ ਅਕਸਰ ਹੀ ਨਿੱਜੀ ਸਕੂਲ ਮਾਲਕਾਂ ਵਲੋਂ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਵਿਸ਼ੇਸ਼ ਟ੍ਰੇਨਿੰਗ ਜਾਂ ਹੋਰ ਕੰਮਾਂ ਦਾ ਬਹਾਨਾ ਬਣਾ ਕੇ ਅਧਿਆਪਕਾਂ ਨੂੰ ਜ਼ਬਰਦਸਤੀ ਸਕੂਲ ਸੱਦ ਲਿਆ ਜਾਂਦਾ ਹੈ। ਜੋ ਕਿ ਨਿਯਮਾਂ ਦੀ ਸ਼ਰੇਆਮ ਉਲੰਘਣਾ ਹੈ।

---ਸਕੂਲ ਪ੍ਰਬੰਧਕਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ

ਕਿਸਾਨ ਆਗੂ ਗੁਰਪ੍ਰੀਤ ਸਿੰਘ ਝੱਲੀ ਨੇ ਜ਼ਿਲ੍ਹਾ ਪ੍ਰਸ਼ਾਸਨ ਤੇ ਸਿੱਖਿਆ ਵਿਭਾਗ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਇਸ ਤਾਜ਼ਾ ਘਟਨਾ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਹਾਦਸੇ ਦੇ ਜ਼ਿੰਮੇਵਾਰ ਕੈਂਟਰ ਚਾਲਕ ਦੇ ਨਾਲ-ਨਾਲ ਉਨ੍ਹਾਂ ਸਕੂਲ ਪ੍ਰਬੰਧਕਾਂ 'ਤੇ ਵੀ ਸਖ਼ਤ ਕਾਨੂੰਨੀ ਕਾਰਵਾਈ ਅਮਲ 'ਚ ਲਿਆਂਦੀ ਜਾਵੇ। ਜਿਨ੍ਹਾਂ ਨੇ ਨਿਯਮਾਂ ਨੂੰ ਛਿੱਕੇ ਟੰਗ ਕੇ ਇਨ੍ਹਾਂ ਅਧਿਆਪਕਾਵਾਂ ਨੂੰ ਛੁੱਟੀਆਂ ਦੌਰਾਨ ਸਕੂਲ ਆਉਣ ਲਈ ਮਜਬੂਰ ਕੀਤਾ ਤਾਂ ਜੋ ਭਵਿੱਖ 'ਚ ਕਿਸੇ ਹੋਰ ਕੀਮਤੀ ਜਾਨ ਨਾਲ ਅਜਿਹਾ ਖਿਲਵਾੜ ਨਾ ਹੋ ਸਕੇ।




## ਜਲਾਵਤਨੀ ਭਾਈ ਜਗਦੀਸ ਸਿੰਘ ਭੂਰਾ ਦੀ ਚੌਥੀ ਬਰਸੀ ਮੌਕੇ 'ਕੌਰਨਾਮਾ-3' ਬੈਲਜੀਅਮ 'ਚ ਜਾਰੀ ਕੀਤੀ

### ਸਿੱਖ ਸੰਘਰਸ਼ ਦੇ ਮਾਣ ਮੱਤੇ ਇਤਿਹਾਸ ਨੂੰ ਸਾਂਭਣਾ ਵਰਤਮਾਨ ਤੇ ਭਵਿੱਖ ਲਈ ਜਰੂਰੀ-ਭਾਈ ਖਨਿਆਣ



ਨਵੀਂ ਦਿੱਲੀ, 2 ਜੂਨ (ਮਨਪ੍ਰੀਤ ਸਿੰਘ ਖਾਲਸਾ):- ਬੈਲਜੀਅਮ ਸਥਿਤ ਗੁਰਦੁਆਰਾ ਮਾਤਾ ਸਾਹਿਬ ਕੌਰ ਵਿਖੇ ਜਲਾਵਤਨੀ ਭਾਈ ਜਗਦੀਸ ਸਿੰਘ ਭੂਰਾ ਦੀ ਚੌਥੀ ਬਰਸੀ ਮੌਕੇ ਬੀਬੀਆਂ ਵੱਲੋਂ 'ਕੌਰਨਾਮਾ-3' ਲੇਖਕ ਬਲਜਿੰਦਰ ਸਿੰਘ ਕੋਟਭਾਰਾ ਕਿਤਾਬ ਜਾਰੀ ਕੀਤੀ ਗਈ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆ ਸਰਗਰਮ ਆਗੂ ਤੇ ਸਿੱਖ ਫੈਡਰੇਸ਼ਨ ਜਰਮਨ ਦੇ ਭਾਈ ਗੁਰਮੀਤ ਸਿੰਘ ਖਨਿਆਣ ਨੇ ਕਿਹਾ ਕਿ ਜਲਾਵਤਨੀ ਭਾਈ ਜਗਦੀਸ ਸਿੰਘ ਭੂਰਾ ਨੇ ਜਿੱਥੇ ਮੌਜੂਦਾ ਸੰਘਰਸ਼ 'ਚ ਸੇਵਾਵਾਂ ਦਿੱਤੀਆਂ ਨੇ ਉਥੇ ਦੂਜੀ ਸੰਸਾਰ ਜੰਗ ਦੌਰਾਨ ਸ਼ਹੀਦ ਸਿੰਘ ਦੀ ਯਾਦ 'ਚ ਬੈਲਜੀਅਮ ਦੇ ਸ਼ਹਿਰ ਈਪਰ 'ਚ ਦਰਵਾਜਾ ਤੇ ਸ਼ਹੀਦਾਂ ਦੀ ਯਾਦਗਰ ਦੀ ਸਥਾਪਨਾ ਵੀ ਕੀਤੀ, ਜਿੱਥੇ ਹਰ ਸਾਲ ਸ਼ਹੀਦੀ ਸਮਾਗਮ ਕਰਵਾਇਆ ਜਾਂਦਾ ਹੈ। ਭਾਈ ਗੁਰਮੀਤ ਸਿੰਘ ਖਨਿਆਣ ਨੇ ਕਿਤਾਬ 'ਕੌਰਨਾਮਾ-3' ਬਾਰੇ ਬੋਲਦਿਆ ਕਿਹਾ ਕਿ ਮੌਜੂਦਾ ਸਿੱਖ ਸੰਘਰਸ਼ ਤੇ ਜੂਨ ਚੁਰਾਸੀ ਦੇ ਘੱਲੂਘਾਰਾ ਦੇ ਇਤਿਹਾਸ ਨੂੰ ਸਾਂਭਣਾ ਵਰਤਮਾਨ ਤੇ ਭਵਿੱਖ ਲਈ ਬਹੁਤ ਜਰੂਰੀ ਹੈ, ਕਿਉਂਕਿ ਇੰਡੀਅਨ ਸਟੇਟ ਦਾ ਹਰ ਟੂਲ ਸਾਡੀ ਪੀੜ੍ਹੀ ਨੂੰ ਇਸ ਇਤਿਹਾਸ ਤੋਂ ਇਕ ਸਾਜਿਸ ਤਹਿਤ ਸੱਖਣਾ ਤੇ ਬੇਮੁੱਖ ਕਰ ਰਿਹਾ ਹੈ। ਉਹਨਾਂ ਦੱਸਿਆ ਕਿ ਖਾੜਕੂ ਸੰਘਰਸ਼ ਦੌਰਾਨ ਸ਼ਹੀਦ ਹੋਈਆਂ ਬੀਬੀਆਂ ਦੀ ਗਾਥਾ ਸਬੰਧੀ 'ਕੌਰਨਾਮਾ' ਲੜੀ ਦੀ ਤੀਜੀ ਕਿਤਾਬ 'ਚ ਜੂਨ ਚੁਰਾਸੀ ਘੱਲੂਘਾਰਾ ਦੌਰਾਨ ਸ੍ਰੀ ਦਰਬਾਰ ਸਾਹਿਬ 'ਚ ਸ਼ਹੀਦ ਹੋਈਆਂ ਬੀਬੀਆਂ ਦਾ ਸਾਖੀ ਹੈ, ਜਿਹੜੇ ਉਹਨਾਂ ਦੀ ਬਚ ਗਏ ਵਾਰਸ਼ਾਂ, ਰਿਸ਼ਤੇਦਾਰਾਂ ਜਾਂ ਜਾਣੂਆਂ ਤੋਂ ਤੱਥ ਇਕੱਠੇ ਕੀਤੇ ਹਨ। ਉਹਨਾਂ ਕਿਹਾ ਕਿ ਭਾਈ ਦਲਜੀਤ ਸਿੰਘ ਬਿੱਟੂ ਖਾਲਸਾ ਜੀ ਦੀ ਅਗਵਾਈ ਹੇਠ ਲੇਖਕ ਬਲਜਿੰਦਰ ਸਿੰਘ ਕੋਟਭਾਰਾ ਨੇ ਸਖ਼ਤ ਮਿਹਨਤ ਕਰਕੇ ਇਸ ਨੂੰ ਦਸਤਾਵੇਜ ਦਾ ਰੂਪ ਦਿੱਤਾ, ਜਿਸ ਨੂੰ ਸੰਗਤ ਭਰਭੂਰ ਹੁੰਗਾਰਾ ਦੇ ਰਹੀ ਹੈ। ਸਮਾਗਮ 'ਚ ਦੇਸ਼ਾਂ ਵਿਦੇਸ਼ਾਂ ਤੋਂ ਪੁੱਜੇ ਬੁਲਾਰਿਆਂ 'ਚ ਸਿੱਖ ਫੈਡਰੇਸ਼ਨ ਜਰਮਨ ਦੇ ਪ੍ਰਧਾਨ ਭਾਈ ਖੁਸਹਾਲ ਸਿੰਘ ਲਾਲੀ, ਸਤਨਾਮ ਸਿੰਘ ਦੋਆਬਾ, ਭਾਈ ਰਜਿੰਦਰ ਸਿੰਘ ਜਰਮਨੀ, ਭਾਈ ਇੰਦਰਜੀਤ ਸਿੰਘ ਹੋਲੈਂਡ, ਭਾਈ ਕਰਨਪਾਲ ਸਿੰਘ ਹੇਰਾਂ ਸ਼ਾਮਲ ਸਨ। ਸਟੇਜ ਦੀ ਸੇਵਾ ਭਾਈ ਰਘਬੀਰ ਸਿੰਘ ਪੁਆੜ ਫਰਾਂਸ ਸਟੇਟ ਨੇ ਬਾਖੂਬੀ ਨਿਭਾਈ। ਭਾਈ ਮਨਜੋਤ ਸਿੰਘ ਭੂਰਾ ਨੇ ਆਈ ਸੰਗਤ ਦਾ ਧੰਨਵਾਦ ਕੀਤਾ।

ਜਾਗੋ ਵਾਲਾ ਜਥਾ ਯੂ.ਕੇ. ਨੇ ਸ਼ਹੀਦਾਂ ਦੀਆਂ ਵਾਰਾਂ ਤੇ ਜੂਨ ਚੁਰਾਸੀ ਦੇ ਘੱਲੂਘਾਰਾ ਦੇ ਪ੍ਰਸੰਗ ਪੇਸ਼ ਕੀਤੇ। ਵਿਸੇਸ ਤੌਰ 'ਤੇ ਭਾਈ ਗੁਰਦਿਆਲ ਸਿੰਘ ਢਗਾਸੂ, ਭਾਈ ਪ੍ਰਿਥਪਾਲ ਸਿੰਘ ਪਟਵਾਰੀ, ਭਾਈ ਜਸਵੰਤ ਸਿੰਘ ਪਾੜ੍ਹਾ, ਭਾਈ ਪਰਤਾਪ ਸਿੰਘ ਜਰਮਨੀ ਅਤੇ ਸੁਖਦੇਵ ਸਿੰਘ ਹੇਰਾਂ ਨੇ ਵੀ ਹਾਜ਼ਰੀ ਭਰੀ। ਭਾਈ ਭੂਰਾ ਦੀ ਚੌਥੀ ਬਰਸੀ ਮੌਕੇ ਯੂਰਪ ਦੀਆਂ ਸੰਗਤਾਂ ਦੀ ਵੀ ਸਮੂਲੀਅਤ ਰਹੀ।


### ਸ਼ਹੀਦ ਪਰਿਵਾਰਾਂ ਦੇ ਲਈ ਅੱਗੇ ਆਓ

(1) 1 ਅਪ੍ਰੈਲ 2025 ਤੋਂ ਫੋਟੋ 3100 ਰੁ. ਜਾਂ ਵੱਧ ਦੇਣ ਵਾਲੀ ਦੀ ਛਾਪੀ ਜਾਵੇਗੀ।

(2) ਨਗਦ ਅਤੇ ਡਰਾਫਟ ਦਫਤਰ 'ਚ 11 AM ਤੋਂ 8 PM ਤੱਕ ਦਿਉ।

(3) NEFT ਲਈ ਸਟੇਟ ਬੈਂਕ ਆਫ ਇੰਡੀਆ, ਤ੍ਰਿਪੜੀ ਪਟਿਆਲਾ, A/C No. 38112618259, IFSC Code : SBIN0011586.

(4) ਦਾਨੀ ਸੱਜਣ ਰਕਮ ਟ੍ਰਾਂਸਫਰ ਕਰਕੇ 98762–97268 ਜਾਂ 98557–32101 'ਤੇ ਵ੍ਹਟਸਐਪ ਕਰਨ ਅਤੇ ਆਪਣਾ ਆਧਾਰ ਨੰਬਰ ਜਾਂ ਪੈਨ ਨੰਬਰ ਨਾਲ ਜਰੂਰ ਭੇਜਣ।

ਸ਼ਹੀਦ ਪਰਿਵਾਰਾਂ ਦੇ ਫੰਡ ਲਈ ਸਹਾਇਤਾ ਇੱਥੇ ਭੇਜੋ:
SHRI HARKRISHAN CHARITABLE SOCIETY
SCO No. 976, Street No. 7, Opp. SBI Bank,
Tripuri, Patiala - 14701